Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 128 Chief Editor : Chowdhary Prabhjit Singh, Editor : Chhatarpal Singh 98146-32807, Thursday 5 November 2026 Price : 2 Rs. Page : 6

ਪੰਜਾਬ ਦੇ ਮੁੱਖ ਸਕੱਤਰ ਵਿਰੁੱਧ ਤੌਹੀਨ ਕਾਰਵਾਈ ਖ਼ਿਲਾਫ਼ ਪੰਜਾਬ ਸਰਕਾਰ ਦੀ ਅਰਜ਼ੀ 'ਤੇ ਸੁਣਵਾਈ ਕਰੇਗੀ ਸੁਪਰੀਮ ਕੋਰਟ

ਨਵੀਂ ਦਿੱਲੀ, 4 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਇੱਕ ਤਾਜ਼ਾ ਅਰਜ਼ੀ 'ਤੇ ਸੁਣਵਾਈ ਕਰਨ ਲਈ ਸਹਿਮਤੀ ਜਤਾਈ ਹੈ,ਜਿਸ ਵਿੱਚ ਕਰਮਚਾਰੀਆਂ ਦੇ ਬਕਾਇਆ ਮਹਿੰਗਾਈ ਭੱਤੇ (41) ਅਤੇ ਮਹਿੰਗਾਈ ਰਾਹਤ ਦੇਸ਼ਾਂ ਦੇ ਭੁਗਤਾਨ ਨਾਲ ਸਬੰਧਤ ਮਾਮਲੇ ਵਿੱਚ ਪੰਜਾਬ ਦੇ ਮੁੱਖ ਸਕੱਤਰ ਵਿਰੁੱਧ ਫੌਜਦਾਰੀ ਤੌਹੀਨ ਦੀ ਕਾਰਵਾਈ ਸ਼ੁਰੂ ਕੀਤੀ ਗਈ ਸੀ।

ਚੀਫ਼ ਜਸਟਿਸ ਸੂਰੀਆ ਕਾਂਤ,ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ.ਮੋਹਨਾ ਦੇ ਬੈਂਚ ਨੇ ਪੰਜਾਬ ਸਰਕਾਰ ਦੇ ਵਧੀਕ ਮੁੱਖ ਸਕੱਤਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਵਿਕਾਸ ਸਿੰਘ ਦੀਆਂ ਇਹ ਦਲੀਲਾਂ ਦਾ ਨੋਟਿਸ ਲਿਆ ਕਿ ਮੁੱਖ ਸਕੱਤਰ ਨੂੰ ਲਗਪਗ ਨਿਯਮਤ ਤੌਰ 'ਤੇ ਹਾਈ ਕੋਰਟ ਵਿੱਚ ਪੇਸ਼ ਹੋਣਾ ਪੈ ਰਿਹਾ ਹੈ।



ਸਿੰਘ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਨੂੰ ਪਿਛਲੀ ਸਰਕਾਰ ਤੋਂ ਲਗਪਗ 13,000 ਕਰੋੜ ਰੁਪਏ ਦੇ ਪੁਰਾਣੇ ਬਕਾਏ ਮਿਲੇ ਹਨ। ਚੀਫ਼ ਜਸਟਿਸ ਨੇ ਕਿਹਾ ਕਿ ਅਰਜ਼ੀ ਨੂੰ ਵੀਰਵਾਰ ਨੂੰ ਇੱਕ ਹੋਰ ਬੈਂਚ ਸਾਹਮਣੇ ਸੂਚੀਬੱਧ ਕੀਤਾ ਜਾਵੇਗਾ ਜੋ ਅਜਿਹੀ ਹੀ ਇੱਕ ਹੋਰ ਪਟੀਸ਼ਨ 'ਤੇ ਸੁਣਵਾਈ ਕਰ ਰਿਹਾ ਹੈ। ਹਾਈ ਕੋਰਟ ਦੇ ਇੱਕ ਸਿੰਗਲ-ਜੱਜ ਬੈਂਚ ਨੇ 8 ਅਪਰੈਲ ਨੂੰ ਬਕਾਏ ਦੇ ਭੁਗਤਾਨ ਬਾਰੇ ਲਿਕੁਇਡੇਸ਼ਨ ਪਲਾਨ ਨੂੰ ਰੱਦ ਕਰ ਦਿੱਤਾ ਸੀ ਅਤੇ ਆਈਏਐੱਸ/ਆਈਪੀਐੱਸ/ ਆਈਐੱਫਐੱਸ ਅਧਿਕਾਰੀਆਂ 'ਤੇ ਲਾਗੂ ਦਰਾਂ 'ਤੇ 30 ਜੂਨ ਤੱਕ ਸਾਰੇ ÷ਬਕਾਏ/ ਬਾਕੀ ਕਿਸ਼ਤਾਂ÷ ਦਾ ਭੁਗਤਾਨ ਕਰਨ ਦਾ ਨਿਰਦੇਸ਼ ਦਿੱਤਾ ਸੀ।

ਵਧੀਕ ਮੁੱਖ ਸਕੱਤਰ ਨੇ ਤਾਜ਼ਾ ਅਰਜ਼ੀ ਵਿੱਚ ਹਾਈ ਕੋਰਟ ਦੇ 12 ਅਕਤੂਬਰ ਦੇ ਉਸ ਹੁਕਮ ਨੂੰ ਚੁਣੌਤੀ ਦਿੱਤੀ ਹੈ ਜਿਸ ਵਿੱਚ ਮੁੱਖ ਸਕੱਤਰ ਨੂੰ ਨੋਟਿਸ ਜਾਰੀ ਕਰਕੇ ਕਾਰਨ ਦੱਸਣ ਲਈ ਕਿਹਾ ਗਿਆ ਸੀ ਕਿ ਉਨ੍ਹਾਂ ਵਿਰੁੱਧ ਫੌਜਦਾਰੀ ਤੌਹੀਨ ਦੀ ਕਾਰਵਾਈ ਕਿਉਂ ਨਾ ਸ਼ੁਰੂ ਕੀਤੀ ਜਾਵੇ। ਇਹ ਨੋਟਿਸ 30 ਅਕਤੂਬਰ ਲਈ ਜਾਰੀ ਕੀਤਾ ਗਿਆ ਸੀ। ਪਟੀਸ਼ਨ 'ਚ ਕਿਹਾ ਗਿਆ ਹੈ ਕਿ ਹਾਈ ਕੋਰਟ ਦੀ ਕਾਰਵਾਈ ਇੱਕ ਰਿਟ ਪਟੀਸ਼ਨ ਅਤੇ ਲੈਟਰਸ ਪੇਟੈਂਟ ਅਪੀਲ ਵਿੱਚ ਦਾਇਰ ਵਿਭਿੰਨ ਅਰਜ਼ੀਆਂ ਤੋਂ ਸ਼ੁਰੂ ਹੋਈ ਸੀ ਜਿਨ੍ਹਾਂ ਦਾ ਪਹਿਲਾਂ ਹੀ ਅੰਤਿਮ ਨਿਪਟਾਰਾ ਕੀਤਾ ਜਾ ਚੁੱਕਾ ਸੀ। ਇਸ ਵਿੱਚ ਕਿਹਾ ਗਿਆ ਹੈ ਕਿ ਆਵੇਦਕਾਂ ਨੇ ਅਦਾਲਤ ਦੇ ਪਹਿਲੇ ਫੈਸਲੇ ਦੀ ਕਥਿਤ ਅਣਦੇਖੀ ਲਈ ਕਾਰਵਾਈ ਦੀ ਮੰਗ ਕੀਤੀ ਸੀ,ਜਦੋਂ ਕਿ ਅਸਲ ਪਟੀਸ਼ਨਰ ਪਹਿਲਾਂ ਹੀ ਉਸੇ ਮੁੱਦੇ 'ਤੇ ਵੱਖਰੀ ਸਿਵਲ ਤੌਹੀਨ ਦੀ ਕਾਰਵਾਈ ਸ਼ੁਰੂ ਕਰ ਚੁੱਕੇ ਸਨ।

ਦਿੱਲੀ ਤੋਂ ਚੱਲ ਰਹੀ ਹੈ ਪੰਜਾਬ ਸਰਕਾਰ, ਚਿੱਟਾ ਅਜੇ ਵੀ ਵੱਡੀ ਸਮੱਸਿਆ: ਰਾਹੁਲ ਗਾਂਧੀ

ਇਕ ਪ੍ਰਭਾਵਸ਼ਾਲੀ ਸ਼ਖ਼ਸੀਅਤ ਸਨ ਸਿੱਧੂ ਮੂਸੇਵਾਲਾ : ਰਾਹੁਲ ਗਾਂਧੀ

ਸੰਗਰੂਰ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਵੱਖ-ਵੱਖ ਮੁੱਦਿਆਂ 'ਤੇ ਤਿੱਖਾ ਹਮਲਾ ਬੋਲਦਿਆਂ 'ਚਿੱਟੇ' (ਮਿਲਾਵਟੀ ਹੈਰੋਇਨ) ਨੂੰ ਸੂਬੇ ਦਾ ਇੱਕ ਵੱਡਾ ਮੁੱਦਾ ਕਰਾਰ ਦਿੱਤਾ। ਅਗਲੇ ਸਾਲ ਦੇ ਸ਼ੁਰੂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੇ ਚੋਣ ਪ੍ਰਚਾਰ ਦਾ ਬਿਗੁਲ ਵਜਾਉਂਦਿਆਂ ਸੰਗਰੂਰ ਵਿਖੇ 'ਇਨਸਾਫ਼ ਰੈਲੀ' ਦੌਰਾਨ ਰਾਹੁਲ ਗਾਂਧੀ ਨੇ ਕਿਹਾ, ਪੰਜਾਬ ਵਿੱਚ 'ਚਿੱਟਾ' ਇੱਕ ਬਹੁਤ ਵੱਡਾ ਮੁੱਦਾ ਹੈ। ਨਸ਼ਿਆਂ ਦੀ ਸਮੱਸਿਆ ਦਾ ਜ਼ਿਕਰ ਕਰਦਿਆਂ ਗਾਂਧੀ ਨੇ ਕਿਹਾ, ਬਹੁਤ ਸਾਲ ਪਹਿਲਾਂ ਮੈਂ ਕਿਹਾ ਸੀ ਕਿ ਪੰਜਾਬ ਵਿੱਚ ਨਸ਼ੇ ਫੈਲ ਰਹੇ ਹਨ। ਉਸ ਸਮੇਂ ਬੀਜੇਪੀ ਅਤੇ ਅਕਾਲੀ ਦਲ ਨੇ ਨਸ਼ਿਆਂ ਦੇ ਖ਼ਤਰੇ ਨੂੰ ਛੋਟਾ ਕਰ ਕੇ ਦਿਖਾਉਂਦਿਆਂ ਕਿਹਾ ਸੀ ਕਿ ਰਾਹੁਲ ਗਾਂਧੀ ਨੂੰ ਪੰਜਾਬ ਬਾਰੇ ਕੁੱਝ ਨਹੀਂ ਪਤਾ। 'ਆਪ' ਸਰਕਾਰ 'ਤੇ ਨਿਸ਼ਾਨਾ ਲਾਉਂਦਿਆਂ ਕਾਂਗਰਸੀ ਆਗੂ ਨੇ ਕਿਹਾ, ਲੋਕਾਂ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਪੰਜਾਬ ਲਈ ਕੰਮ ਕਰੇ। 'ਆਪ' ਵਰਗੀ ਸਰਕਾਰ ਦੀ ਲੋੜ ਨਹੀਂ, ਜੋ ਦਿੱਲੀ ਤੋਂ ਚਲਾਈ ਜਾ ਰਹੀ ਹੈ।

ਇਸ ਰੈਲੀ ਵਿੱਚ ਕਾਂਗਰਸ ਪ੍ਰਧਾਨ



ਮਲਿਕਾਰਜੁਨ ਖੜਗੇ, ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ, ਸੂਬਾ ਕਾਂਗਰਸ ਪ੍ਰਧਾਨ ਪਰਗਟ ਸਿੰਘ ਅਤੇ ਸੂਬੇ ਦੇ ਸੀਨੀਅਰ ਨੇਤਾ ਪ੍ਰਤਾਪ ਸਿੰਘ ਬਾਜਵਾ, ਵਿਜੇ ਇੰਦਰ ਸਿੰਗਲਾ, ਚਰਨਜੀਤ ਸਿੰਘ ਚੰਨੀ, ਸੁਖਜਿੰਦਰ ਸਿੰਘ ਰੰਧਾਵਾ, ਰਾਜਿੰਦਰ ਕੌਰ ਭੱਠਲ ਅਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਵੀ ਮੌਜੂਦ ਸਨ। - ਪੀ.ਟੀ.ਆਈ

ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਪੰਜਾਬ ਦੇ ਕਿਸਾਨਾਂ ਨਾਲ ਧੋਖਾ ਕਰਨ ਅਤੇ ਨਸ਼ਿਆਂ ਦੀ ਸਮੱਸਿਆ 'ਤੇ ਕਾਬੂ ਪਾਉਣ 'ਚ ਨਾਕਾਮ ਰਹਿਣ ਦੇ ਦੋਸ਼ ਲਾਏ ਹਨ। ਸਾਲਾਂ ਪਹਿਲਾਂ ਸੂਬੇ ਵਿੱਚ ਨਸ਼ਿਆਂ ਦਾ ਮੁੱਦਾ ਸਭ ਤੋਂ ਪਹਿਲਾਂ ਚੁੱਕਣ ਦੀ ਗੱਲ ਯਾਦ ਕਰਵਾਉਂਦਿਆਂ ਉਨ੍ਹਾਂ ਕਿਹਾ ਕਿ ਉਸ ਸਮੇਂ ਉਨ੍ਹਾਂ ਦੀ ਗੱਲ 'ਤੇ ਕਿਸੇ ਨੇ ਵਿਸ਼ਵਾਸ ਨਹੀਂ ਕੀਤਾ ਸੀ। ਰਾਹੁਲ ਗਾਂਧੀ ਨੇ ਕਿਹਾ, ਹੁਣ ਆਏ ਦਿਨ ਨਸ਼ਿਆਂ ਨਾਲ ਸਬੰਧਤ ਅਪਰਾਧ ਵਾਪਰ ਰਹੇ ਹਨ ਅਤੇ ਪੰਜਾਬ ਸਰਕਾਰ ਇਸ ਬੁਰਾਈ 'ਤੇ ਠੱਲ੍ਹ ਪਾਉਣ ਵਿੱਚ ਅਸਮਰੱਥ ਸਿੱਧ ਹੋ ਰਹੀ ਹੈ। 'ਆਪ' ਇੱਕ ਨਾਕਾਮ ਸਰਕਾਰ ਹੈ ਅਤੇ ਭਾਰੀ ਬਹੁਮਤ ਨਾਲ ਸੱਤਾ ਵਿੱਚ ਆਉਣ ਦੇ ਬਾਵਜੂਦ ਇਸ ਦੇ ਲੀਡਰ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਨਹੀਂ ਉੱਤਰ ਸਕੇ। ਇਸ ਤੋਂ ਇਲਾਵਾ, ਕਾਂਗਰਸ ਨੂੰ ਦੇਸ਼ ਵਿਰੋਧੀ ਕਹਿਣ ਦੇ ਦੋਸ਼ਾਂ 'ਤੇ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਖੁੱਲ੍ਹੀ ਬਹਿਸ ਦੀ ਚੁਣੌਤੀ ਦਿੱਤੀ। ਉਨ੍ਹਾਂ ਕਿਹਾ, ਕਿਸੇ ਵੀ ਥਾਂ ਆਓ, ਮੇਰੇ ਨਾਲ ਬੈਠੋ ਅਤੇ ਇਸ ਮੁੱਦੇ 'ਤੇ ਬਹਿਸ ਕਰੋ।

ਸੰਗਰੂਰ ਵਿਖੇ ਕਾਂਗਰਸ ਦੀ 'ਇਨਸਾਫ਼ ਰੈਲੀ' ਨੂੰ ਸੰਬੋਧਨ ਕਰਦਿਆਂ ਰਾਹੁਲ ਗਾਂਧੀ ਨੇ ਜਿਵੇਂ ਹੀ ਆਪਣੇ ਭਾਸ਼ਨ ਦੀ ਸ਼ੁਰੂਆਤ 'ਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦਾ ਜ਼ਿਕਰ ਕੀਤਾ, ਤਾਂ ਰੈਲੀ 'ਚ ਪੁੱਜੇ ਇਕੱਠ ਨੇ ਤਾੜੀਆਂ ਦੀ ਗੂੰਜ ਨਾਲ ਉਨ੍ਹਾਂ ਦਾ ਸਵਾਗਤ ਕੀਤਾ। ਰੈਲੀ ਦੌਰਾਨ ਰਾਹੁਲ ਗਾਂਧੀ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਨੂੰ ਵੀ ਮੰਚ 'ਤੇ ਲੈ ਕੇ ਆਏ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨਸ਼ਿਆਂ ਦੇ ਮੁੱਦੇ 'ਤੇ 'ਆਪ' ਸਰਕਾਰ 'ਤੇ ਤਿੱਖੇ ਹਮਲੇ ਕੀਤੇ ਅਤੇ ਕਿਹਾ ਕਿ ਪੰਜਾਬ 'ਚ 'ਚਿੱਟਾ' ਅਜੇ ਵੀ ਇੱਕ ਵੱਡੀ ਸਮੱਸਿਆ ਬਣਿਆ ਹੋਇਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਦਿੱਲੀ ਤੋਂ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਸਿਰਫ਼ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਲਈ ਕੰਮ ਕਰੇ।ਪ੍ਰਧਾਨ ਮਲਿਕਾਰਜੁਨ ਖੜਗੇ ਨੇ ਰਾਹੁਲ ਗਾਂਧੀ ਨੂੰ ਭਰੋਸਾ ਦਿਵਾਇਆ ਹੈ ਕਿ ਪਾਰਟੀ ਪੰਜਾਬ ਵਿੱਚ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਜਿੱਤ ਯਕੀਨੀ ਬਣਾਉਣ ਲਈ ਕਾਂਗਰਸ ਨੂੰ ਇੱਕਜੁੱਟ ਰਹਿਣ ਦੀ ਲੋੜ ਹੈ। ਇਸ ਦੇ ਨਾਲ ਹੀ ਉਨ੍ਹਾਂ ਆਰਐੱਸਐੱਸ ਅਤੇ ਬੀਜੇਪੀ 'ਤੇ ਸੰਸਥਾਵਾਂ ਅਤੇ ਹੋਰ ਅਦਾਰਿਆਂ ਨੂੰ ਵੰਡਣ ਦੀ ਕੋਸ਼ਿਸ਼ ਕਰਨ ਦੇ ਦੋਸ਼ ਲਾਏ। ਖੜਗੇ ਨੇ ਆਮ ਆਦਮੀ ਪਾਰਟੀ ('ਆਪ') ਨੂੰ ਬੀਜੇਪੀ ਦੀ 'ਬੀ ਟੀਮ' ਗਰਦਾਨਦਿਆਂ ਦੋਸ਼ ਲਾਇਆ ਕਿ ਜਿੱਥੇ ਵੀ ਕਾਂਗਰਸ ਮਜ਼ਬੂਤ ਹੁੰਦੀ ਦਿਖਾਈ ਦਿੰਦੀ ਹੈ, 'ਆਪ' ਉੱਥੇ ਹੀ ਸੰਨ੍ਹ ਲਗਾਉਂਦੀ ਹੈ। ਉਨ੍ਹਾਂ ਕਿਹਾ ਕਿ 'ਆਪ' ਕਾਂਗਰਸ ਦੇ ਵੋਟ ਬੈਂਕ ਵਿੱਚ ਸੰਨ੍ਹ ਲਗਾ ਕੇ ਬੀਜੇਪੀ ਦੀ ਜਿੱਤ ਦਾ ਰਸਤਾ ਸਾਫ਼ ਕਰਦੀ ਹੈ। ਕਾਂਗਰਸ ਪ੍ਰਧਾਨ ਨੇ ਅੱਗੇ ਕਿਹਾ ਕਿ ਰਾਹੁਲ ਗਾਂਧੀ ਵਿਰੁੱਧ 24 ਤੋਂ ਵੱਧ ਐੱਫਆਈਆਰ ਦਰਜ ਕੀਤੀਆਂ ਗਈਆਂ ਹਨ, ਜਦੋਂ ਕਿ ਪੰਜਾਬ ਵਿੱਚ ਗੈਂਗਸਟਰ ਅਤੇ ਅਪਰਾਧੀ ਸ਼ਰੇਆਮ ਬੇਖ਼ੌਫ਼ ਘੁੰਮ ਰਹੇ ਹਨ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਜਿਵੇਂ ਹੀ ਬੋਲਣ ਲਈ ਉੱਠੇ, ਉਨ੍ਹਾਂ ਦਾ ਜ਼ੋਰਦਾਰ ਤਾਲੀਆਂ ਨਾਲ ਸਵਾਗਤ ਕੀਤਾ ਗਿਆ। ਆਪਣਾ ਭਾਸ਼ਨ ਸ਼ੁਰੂ ਕਰਨ ਤੋਂ ਪਹਿਲਾਂ ਇਕੱਠ ਨੇ ਉਨ੍ਹਾਂ ਦਾ 15 ਸੈਕੰਡ ਤੋਂ ਵੀ ਵੱਧ ਸਮਾਂ ਤਾੜੀਆਂ ਵਜਾ ਕੇ ਸਵਾਗਤ ਕੀਤਾ, ਜਿਸ ਨਾਲ ਉਨ੍ਹਾਂ ਦੇ ਚਿਹਰੇ 'ਤੇ ਮੁਸਕਰਾਹਟ ਆ ਗਈ। ਆਪਣੇ ਸੰਬੋਧਨ ਦੌਰਾਨ ਚੰਨੀ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸੇਧਦਿਆਂ ਉਨ੍ਹਾਂ ਨੂੰ ਨਿੱਤ ਦਾ ਸ਼ਰਾਬੀ ਗਰਦਾਨਿਆ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਪਣਾ ਬੱਚਾ ਉਸ ਨੂੰ ਨਹੀਂ ਸੌਂਪੇਗਾ, ਪਰ ਲੋਕਾਂ ਨੇ ਤਾਂ ਪੰਜਾਬ ਹੀ ਉਸ ਦੇ ਹਵਾਲੇ ਕਰ ਦਿੱਤਾ।

'ਆਪ' ਨੇ ਲੋਕਾਂ ਦਾ ਭਰੋਸਾ ਤੋੜਿਆ: ਬਾਜਵਾ

ਬਾਜਵਾ ਨੇ ਦੋਸ਼ ਲਾਇਆ ਕਿ ਪੰਜਾਬ ਦੇ ਲੋਕਾਂ ਨੇ ਵੱਡਾ ਭਰੋਸਾ ਪ੍ਰਗਟ ਕਰਕੇ ਆਮ ਆਦਮੀ ਪਾਰਟੀ ਨੂੰ ਸੱਤਾ ਦੀ ਵਾਗਡੋਰ ਸੌਂਪੀ ਸੀ, ਪਰ ਪਾਰਟੀ ਨੇ ਲੋਕਾਂ ਦੇ ਇਸ ਭਰੋਸੇ ਨੂੰ ਬੁਰੀ ਤਰ੍ਹਾਂ ਤੋੜਿਆ ਹੈ। ਉਨ੍ਹਾਂ ਕਿਹਾ ਕਿ ਇਹੀ ਮੁੱਖ ਕਾਰਨ ਹੈ ਕਿ ਕਾਂਗਰਸ ਨੇ ਆਪਣੀ 'ਇਨਸਾਫ਼ ਰੈਲੀ' ਦੀ ਸ਼ੁਰੂਆਤ ਸੰਗਰੂਰ ਤੋਂ ਕਰਨ ਦਾ ਫ਼ੈਸਲਾ ਲਿਆ। ਉਨ੍ਹਾਂ ਦਾਅਵਾ ਕੀਤਾ ਕਿ ਅੱਜ ਦੇਸ਼ ਭਰ ਦੇ ਨੌਜਵਾਨ ਅਤੇ ਸਮਾਜ ਦੇ ਸਾਰੇ ਵਰਗ ਬੜੀ ਉਮੀਦ ਨਾਲ ਰਾਹੁਲ ਗਾਂਧੀ ਵੱਲ ਦੇਖ ਰਹੇ ਹਨ। ਬਾਜਵਾ ਨੇ ਪੂਰਾ ਭਰੋਸਾ ਪ੍ਰਗਟਾਇਆ ਕਿ ਸਾਲ 2029 ਵਿੱਚ ਰਾਹੁਲ ਗਾਂਧੀ ਦੇਸ਼ ਦੇ ਅਗਲੇ ਪ੍ਰਧਾਨ ਮੰਤਰੀ ਬਣਨਗੇ।

'ਆਪ' ਨੇ ਪੰਜਾਬ 'ਚ ਬਣਾਇਆ ਜੰਗਲ ਰਾਜ: ਪਰਗਟ ਸਿੰਘ

ਾਂਗਰਸੀ ਆਗੂ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਆਮ ਆਦਮੀ ਪਾਰਟੀ ਤੇ ਨਿਸ਼ਾਨੇ ਸੇਧਦਿਆ ਕਿਹਾ ਕਿ ਪੰਜਾਬ ਪੁਲੀਸ ਨੇ ਸੂਬੇ ਨੂੰ ਪੁਲੀਸ ਸਟੇਟ ਬਣਾ ਦਿਤਾ ਹੈ ਅਤੇ 'ਆਪ' ਨੇ ਪੰਜਾਬ ਵਿੱਚ ਜੰਗਲ ਰਾਜ ਬਣਾਇਆ ਹੈ। ਅੱਜ ਸੂਬੇ ਵਿੱਚ ਅਨੇਕਾ ਹੀ ਨੌਜਵਾਨ ਨਸ਼ੇ ਕਾਰਨ ਆਪਣੀ ਜਾਣ ਗੁਆ ਰਹੇ ਹਨ। ਨਾਲ ਹੀ ਉਨ੍ਹਾਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਲੀ ਲੀਡਰਸ਼ਿਪ (ਅਰਵਿੰਦ ਕੇਜਰੀਵਾਲ ਅਤੇ ਹੋਰਨਾਂ ਸੀਨੀਅਰ ਆਗੂਆਂ) ਅੱਗੇ ਗੋਡੇ ਟੇਕ ਦਿੱਤੇ।

ਰੈਲੀ ਵਿਚ ਸੰਬੋਧਨ ਦੌਰਾਨ ਸਿੱਧੂ ਮੂਸੇਵਾਲਾ ਨੂੰ ਯਾਦ ਕਰਦਿਆਂ ਰਾਹੁਲ ਗਾਂਧੀ ਨੇ ਕਿਹਾ ਕਿ ਸਿੱਧੂ ਇਕ ਪ੍ਰਭਾਵਸ਼ਾਲੀ ਸ਼ਖਸੀਅਤ ਵਾਲਾ ਨੌਜਵਾਨ ਸੀ। ਰਾਹੁਲ ਗਾਂਧੀ ਨੇ ਫਿਰ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਸਟੇਜ 'ਤੇ ਬੁਲਾਇਆ। ਉਨ੍ਹਾਂ ਕਿਹਾ ਕਿ ਉਹ ਕੁਝ ਸਾਲ ਪਹਿਲਾਂ ਸਿੱਧੂ ਮੂਸੇਵਾਲਾ ਨੂੰ ਮਿਲੇ ਸਨ। ਉਹ ਉਨ੍ਹਾਂ ਦੇ ਦਫ਼ਤਰ ਆਏ ਸਨ। ਉਸ ਸਮੇਂ, ਉਹ ਸਿੱਧੂ ਮੂਸੇਵਾਲਾ ਨੂੰ ਨਹੀਂ ਜਾਣਦੇ ਸਨ ਅਤੇ ਇਹ ਉਨ੍ਹਾਂ ਦੀ ਪਹਿਲੀ ਮੁਲਾਕਾਤ ਸੀ। ਉਨ੍ਹਾਂ ਕਿਹਾ ਕਿ ਸਿੱਧੂ ਬਹੁਤ ਪ੍ਰਭਾਵਸ਼ਾਲੀ ਸ਼ਖਸੀਅਤ ਵਾਲਾ ਨੌਜਵਾਨ ਸੀ।

ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੇ ਟਿਕਾਣਿਆਂ 'ਤੇ ਈ.ਡੀ. ਵਲੋਂ ਛਾਪੇਮਾਰੀ



ਮੋਗਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀਆਂ ਟੀਮਾਂ ਨੇ ਬੁੱਧਵਾਰ ਸਵੇਰੇ ਕਰੀਬ 6 ਵਜੇ ਮੋਗਾ ਤੋਂ ਆਮ ਆਦਮੀ ਪਾਰਟੀ (ਆਪ) ਦੀ ਵਿਧਾਇਕਾ ਅਤੇ ਪਾਰਟੀ ਦੇ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਦੇ ਦੋਵਾਂ ਨਿਵਾਸ ਅਸਥਾਨਾਂ 'ਤੇ ਛਾਪਾ ਮਾਰਿਆ।

ਇਹ ਕਾਰਵਾਈ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਸਾਹਮਣੇ ਆਈ ਹੈ, ਜਿਨ੍ਹਾਂ ਲਈ 'ਆਪ' ਪਹਿਲਾਂ ਹੀ ਮੋਗਾ ਹਲਕੇ ਤੋਂ ਡਾ. ਅਰੋੜਾ ਨੂੰ ਮੁੜ ਆਪਣਾ ਉਮੀਦਵਾਰ ਐਲਾਨ ਚੁੱਕੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਈਡੀ ਦੀ ਦਿੱਲੀ ਅਤੇ ਚੰਡੀਗੜ੍ਹ ਯੂਨਿਟ ਨਾਲ ਸਬੰਧਤ ਟੀਮਾਂ ਤੜਕੇ ਹੀ ਵਿਧਾਇਕਾ ਦੇ ਦੋਵਾਂ ਟਿਕਾਣਿਆਂ 'ਤੇ ਪਹੁੰਚ ਗਈਆਂ। ਇਸ ਤੋਂ ਇਲਾਵਾ ਲਾਗਲੇ ਹਲਕੇ ਬਾਘਾਪੁਰਾਣਾ ਅਤੇ ਪਟਿਆਲਾ ਨਜ਼ਦੀਕ ਡਾ.ਅਮਨਦੀਪ ਕੌਰ ਦੇ ਪੇਕੇ ਪਿੰਡ ਚੰਦੂਮਾਜਰਾ ਵਿੱਖੇ ਵੀ ਈਡੀ ਦੀਆਂ ਟੀਮਾਂ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਛਾਪੇਮਾਰੀ ਦੌਰਾਨ ਵਿਧਾਇਕਾ ਆਪਣੇ ਘਰ ਵਿੱਚ ਹੀ ਮੌਜੂਦ ਸਨ ਅਤੇ ਜਾਂਚ ਅਧਿਕਾਰੀਆਂ ਵੱਲੋਂ ਉਨ੍ਹਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਕਾਰਵਾਈ ਦੀ ਖ਼ਬਰ ਮਿਲਦਿਆਂ ਹੀ ਵੱਡੀ ਗਿਣਤੀ ਵਿੱਚ 'ਆਪ' ਵਰਕਰ ਅਤੇ ਸਮਰਥਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਉਨ੍ਹਾਂ ਨੇ ਕੇਂਦਰੀ ਜਾਂਚ ਏਜੰਸੀ ਤੇ ਭਾਜਪਾ ਖ਼ਿਲਾਫ਼ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ, ਜਿਸ ਮਗਰੋਂ ਸੁਰੱਖਿਆ ਬਲਾਂ ਨੇ ਪੂਰੇ ਇਲਾਕੇ ਨੂੰ ਘੇਰਾ ਪਾ ਲਿਆ। ਖ਼ਬਰ ਲਿਖੇ ਜਾਣ ਤੱਕ ਦੋਵਾਂ ਰਿਹਾਇਸ਼ਾਂ 'ਤੇ ਤਲਾਸ਼ੀ ਮੁਹਿੰਮ ਜਾਰੀ ਸੀ। ਫ਼ਿਲਹਾਲ ਈਡੀ ਵੱਲੋਂ ਇਹ ਸਪਸ਼ਟ ਨਹੀਂ ਕੀਤਾ ਗਿਆ ਕਿ ਇਹ ਛਾਪਾ ਕਿਸ ਮਾਮਲੇ ਤਹਿਤ ਮਾਰਿਆ ਗਿਆ ਹੈ ਅਤੇ ਨਾ ਹੀ ਵਿਧਾਇਕਾ ਦੇ ਪਰਿਵਾਰ ਨੇ ਕੋਈ ਰਸਮੀ ਬਿਆਨ ਦਿੱਤਾ ਹੈ।

ਦੂਜੇ ਪਾਸੇ, ਵਿਧਾਇਕਾ ਦੇ ਨਜ਼ਦੀਕੀਆਂ ਨੇ ਦੋਸ਼ ਲਾਇਆ ਹੈ ਕਿ ਜਲਾਲਾਬਾਦ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਦੀ ਤਰਜ਼ 'ਤੇ ਡਾ. ਅਰੋੜਾ ਉੱਤੇ ਭਾਜਪਾ ਜਾਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਲਈ ਦਬਾਅ ਬਣਾਉਣ ਦੇ ਮਕਸਦ ਨਾਲ ਇਹ ਕਾਰਵਾਈ ਕੀਤੀ ਗਈ ਹੈ। ਵਿਧਾਇਕਾ ਦੇ ਕਰੀਬੀ ਜਗਦੇਵ ਸਿੰਘ ਨੇ ਦੋਸ਼ ਲਾਇਆ ਕਿ ਅਕਾਲੀ ਦਲ ਅਤੇ ਭਾਜਪਾ ਕੋਲ ਸਾਂਝੇ ਜਾਂ ਵੱਖਰੇ ਤੌਰ 'ਤੇ ਮੋਗਾ ਹਲਕੇ ਵਿੱਚ ਚੋਣ ਲੜਾਉਣ ਲਈ ਕੋਈ ਮਜ਼ਬੂਤ ਉਮੀਦਵਾਰ ਨਹੀਂ ਹੈ। ਸਥਾਨਕ ਪਾਰਟੀ ਆਗੂਆਂ ਨੇ ਵੀ ਇਸ ਨੂੰ ਸਿਆਸਤ ਤੋਂ ਪ੍ਰੇਰਿਤ ਕਾਰਵਾਈ ਦੱਸਿਆ ਹੈ।

ਵਿਰੋਧੀ ਜਿੰਨੀਆਂ ਮਰਜ਼ੀ ਸਾਜ਼ਿਸ਼ਾਂ ਘੜ ਲੈਣ, ਲੋਕਾਂ ਦਾ ਸਾਥ ਹੀ ਸਾਡੀ ਸਭ ਤੋਂ ਵੱਡੀ ਤਾਕਤ: ਭਗਵੰਤ ਮਾਨ

ਚੰਡੀਗੜ੍ਹ, 4 ਨਵੰਬਰ
-ਜੀ. ਐਸ. ਤੁੰਗ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਹੈ ਕਿ ਵਿਰੋਧੀ ਧਿਰਾਂ ਭਾਵੇਂ ਜਿੰਨੀਆਂ ਮਰਜ਼ੀ ਸਾਜ਼ਿਸ਼ਾਂ ਘੜ ਲੈਣ, ਪਰ ਜਦੋਂ ਤੱਕ ਪੰਜਾਬ ਦੇ ਲੋਕਾਂ ਦਾ ਸਾਥ ਉਨ੍ਹਾਂ ਨਾਲ ਹੈ, ਉਹ ਲੋਕ ਸੇਵਾ ਦਾ ਆਪਣਾ ਫ਼ਰਜ਼ ਨਿਭਾਉਂਦੇ ਰਹਿਣਗੇ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਅਤੇ ਕਿਸਾਨਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮ ਵਿਰੋਧੀਆਂ ਨੂੰ ਪਰੇਸ਼ਾਨ ਕਰ ਰਹੇ ਹਨ। ਉਨ੍ਹਾਂ ਅਨੁਸਾਰ ਪੰਜਾਬ ਵਿੱਚ ਸ਼ਾਨਦਾਰ ਸਕੂਲਾਂ ਦੀ ਸਥਾਪਨਾ, ਆਧੁਨਿਕ ਹਸਪਤਾਲਾਂ ਦੀ ਸਹੂਲਤ, ਲੋਕਾਂ ਨੂੰ ਮੁਫ਼ਤ ਬਿਜਲੀ, ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਅਤੇ ਕਿਸਾਨਾਂ ਦੀ ਖ਼ੁਸ਼ਹਾਲੀ ਲਈ ਕੀਤੇ ਗਏ ਯਤਨ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ। ਭਗਵੰਤ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੀਆਂ ਅਸੀਸਾਂ ਅਤੇ ਸਮਰਥਨ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਅਤੇ ਪੰਜਾਬ ਦੀ ਤਰੱਕੀ ਲਈ ਕੰਮ ਕਰਨਾ ਉਨ੍ਹਾਂ ਦੀ ਸਰਕਾਰ ਦਾ ਮੁੱਖ ਉਦੇਸ਼ ਹੈ।ਮੁੱਖ ਮੰਤਰੀ ਦੇ ਇਸ ਬਿਆਨ ਨੂੰ ਪੰਜਾਬ ਦੀ ਮੌਜੂਦਾ ਸਿਆਸੀ ਸਰਗਰਮੀ ਦਰਮਿਆਨ ਵਿਰੋਧੀ ਪਾਰਟੀਆਂ ਨੂੰ ਦਿੱਤੇ ਗਏ ਸਿਆਸੀ ਜਵਾਬ ਵਜੋਂ ਦੇਖਿਆ ਜਾ ਰਿਹਾ ਹੈ।

ਫੁੱਟਬਾਲ ਮੈਚ ਦੌਰਾਨ ਗੋਲਕੀਪਰ ਨਾਲ ਭਿਆਨਕ ਟੱਕਰ, 30 ਸਾਲਾ ਸਪੈਨਿਸ਼ ਖਿਡਾਰੀ ਜੀਸਸ ਡੀ ਮਿਗੁਏਲ ਦੀ ਮੌਤ

ਨਵੀਂ ਦਿੱਲੀ, 4 ਨਵੰਬਰ
-ਗੁਰਮੀਤ ਸਿੰਘ ਤੁੰਗ-

ਸਪੈਨਿਸ਼ ਫੁੱਟਬਾਲ ਜਗਤ ਵਿੱਚ ਉਸ ਸਮੇਂ ਸੋਗ ਦੀ ਲਹਿਰ ਦੌੜ ਗਈ, ਜਦੋਂ 30 ਸਾਲਾ ਫੁੱਟਬਾਲਰ ਜੀਸਸ ਡੀ ਮਿਗੁਏਲ ਅਲਾਮੇਡਾ ਦੀ ਮੈਚ ਦੌਰਾਨ ਲੱਗੀ ਗੰਭੀਰ ਸੱਟ ਤੋਂ ਬਾਅਦ ਮੌਤ ਹੋ ਗਈ। ਉਹ ਸੀਡੀ ਟੇਨੇਰਾਈਫ ਵੱਲੋਂ ਖੇਡ ਰਹੇ ਸਨ। ਸੋਮਵਾਰ ਨੂੰ ਐਫਸੀ ਐਂਡੋਰਾ ਖ਼ਿਲਾਫ਼ ਖੇਡੇ ਗਏ ਮੁਕਾਬਲੇ ਦੇ ਆਖਰੀ ਪਲਾਂ ਵਿੱਚ ਗੋਲਕੀਪਰ ਨਾਲ ਹੋਈ ਜ਼ੋਰਦਾਰ ਟੱਕਰ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ। ਉਨ੍ਹਾਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਪਰ ਡਾਕਟਰਾਂ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਉਨ੍ਹਾਂ ਦੀ ਜਾਨ ਨਹੀਂ ਬਚਾਈ ਜਾ ਸਕੀ।

ਮੈਚ ਦੇ ਆਖਰੀ ਪਲਾਂ ਵਿੱਚ ਵਾਪਰਿਆ ਹਾਦਸਾ

ਜਾਣਕਾਰੀ ਅਨੁਸਾਰ ਸੀਡੀ ਟੇਨੇਰਾਈਫ ਅਤੇ ਐਫਸੀ ਐਂਡੋਰਾ ਵਿਚਕਾਰ ਖੇਡੇ ਜਾ ਰਹੇ ਸਪੈਨਿਸ਼ ਸੈਕਿੰਡ ਡਿਵੀਜ਼ਨ ਦੇ ਮੈਚ ਦੌਰਾਨ ਇਹ ਹਾਦਸਾ ਵਾਪਰਿਆ। ਜੀਸਸ ਡੀ ਮਿਗੁਏਲ ਗੇਂਦ ਨੂੰ ਆਪਣੇ ਕਬਜ਼ੇ ਵਿੱਚ ਲੈਣ ਲਈ ਅੱਗੇ ਵਧ ਰਹੇ ਸਨ, ਜਦੋਂ ਵਿਰੋਧੀ ਟੀਮ ਦੇ ਗੋਲਕੀਪਰ ਜੀਸਸ ਓਵੋਨੋ ਵੀ ਗੇਂਦ ਨੂੰ ਰੋਕਣ ਲਈ ਪੈਨਲਟੀ ਏਰੀਆ ਤੋਂ ਬਾਹਰ ਆ ਗਏ। ਇਸ ਦੌਰਾਨ ਗੋਲਕੀਪਰ ਦਾ ਗੋਡਾ ਡੀ ਮਿਗੁਏਲ ਦੀ ਛਾਤੀ ਨਾਲ ਜ਼ੋਰਦਾਰ ਢੰਗ ਨਾਲ ਟਕਰਾ ਗਿਆ। ਟੱਕਰ ਇੰਨੀ ਗੰਭੀਰ ਸੀ ਕਿ ਖਿਡਾਰੀ ਮੈਦਾਨ 'ਤੇ ਹੀ ਡਿੱਗ ਪਏ ਅਤੇ ਉਨ੍ਹਾਂ ਨੂੰ ਤੁਰੰਤ ਡਾਕਟਰੀ ਸਹਾਇਤਾ ਦੇਣੀ ਪਈ।



ਐਂਬੂਲੈਂਸ ਵਿੱਚ ਪਿਆ ਦਿਲ ਦਾ ਦੌਰਾ, ਡਾਕਟਰਾਂ ਨੇ ਕੀਤੀ ਬਚਾਉਣ ਦੀ ਕੋਸ਼ਿਸ਼

ਸਪੈਨਿਸ਼ ਮੀਡੀਆ ਦੀਆਂ ਰਿਪੋਰਟਾਂ ਮੁਤਾਬਕ, ਹਸਪਤਾਲ ਲਿਜਾਂਦੇ ਸਮੇਂ ਐਂਬੂਲੈਂਸ ਵਿੱਚ ਹੀ ਡੀ ਮਿਗੁਏਲ ਨੂੰ ਦਿਲ ਦਾ ਦੌਰਾ ਪੈ ਗਿਆ ਸੀ। ਮੌਕੇ 'ਤੇ ਮੌਜੂਦ ਮੈਡੀਕਲ ਟੀਮ ਨੇ ਸੀਪੀਆਰ ਰਾਹੀਂ ਉਨ੍ਹਾਂ ਦੀ ਧੜਕਣ ਮੁੜ ਚਾਲੂ ਕਰਨ ਵਿੱਚ ਸਫਲਤਾ ਹਾਸਲ ਕੀਤੀ। ਸ਼ੁਰੂਆਤ ਵਿੱਚ ਉਨ੍ਹਾਂ ਦੀ ਹਾਲਤ ਗੰਭੀਰ ਪਰ ਸਥਿਰ ਦੱਸੀ ਗਈ ਸੀ, ਪਰ ਰਾਤ ਸਮੇਂ ਉਨ੍ਹਾਂ ਦੀ ਦਿਮਾਗੀ ਹਾਲਤ ਹੋਰ ਵਿਗੜ ਗਈ। ਆਖਰਕਾਰ ਉਨ੍ਹਾਂ ਨੇ ਹਸਪਤਾਲ ਵਿੱਚ ਦਮ ਤੋੜ ਦਿੱਤਾ।

ਕਲੱਬਾਂ ਵੱਲੋਂ ਦੁੱਖ ਦਾ ਪ੍ਰਗਟਾਵਾ

ਸੀਡੀ ਟੇਨੇਰਾਈਫ ਨੇ ਅਧਿਕਾਰਤ ਬਿਆਨ ਜਾਰੀ ਕਰਕੇ ਆਪਣੇ ਖਿਡਾਰੀ ਦੇ ਦੇਹਾਂਤ ਦੀ ਪੁਸ਼ਟੀ ਕੀਤੀ। ਕਲੱਬ ਨੇ ਕਿਹਾ ਕਿ ਇਹ ਖ਼ਬਰ ਬੇਹੱਦ ਦੁਖਦਾਈ ਹੈ ਅਤੇ ਇਸ ਸਦਮੇ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੈ। ਕਲੱਬ ਨੇ ਮ੍ਰਿਤਕ ਖਿਡਾਰੀ ਦੇ ਪਰਿਵਾਰਕ ਮੈਂਬਰਾਂ, ਦੋਸਤਾਂ ਅਤੇ ਸਾਥੀ ਖਿਡਾਰੀਆਂ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ। ਦੂਜੇ ਪਾਸੇ ਐਫਸੀ ਐਂਡੋਰਾ ਨੇ ਵੀ ਇਸ ਘਟਨਾ 'ਤੇ ਅਫ਼ਸੋਸ ਜਤਾਉਂਦਿਆਂ ਜੀਸਸ ਡੀ ਮਿਗੁਏਲ ਦੇ ਪਰਿਵਾਰ ਅਤੇ ਸੀਡੀ ਟੇਨੇਰਾਈਫ ਨਾਲ ਦੁੱਖ ਸਾਂਝਾ ਕੀਤਾ।

ਫੁੱਟਬਾਲ ਜਗਤ ਨੇ ਦਿੱਤੀ ਸ਼ਰਧਾਂਜਲੀ

ਨੌਜਵਾਨ ਉਮਰ ਵਿੱਚ ਹੋਈ ਇਸ ਅਚਾਨਕ ਮੌਤ ਨੇ ਖੇਡ ਜਗਤ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਸਾਬਕਾ ਸਾਥੀ ਖਿਡਾਰੀਆਂ, ਕੋਚਾਂ ਅਤੇ ਫੁੱਟਬਾਲ ਨਾਲ ਜੁੜੀਆਂ ਕਈ ਹਸਤੀਆਂ ਨੇ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ। ਸੀਡੀ ਟੇਨੇਰਾਈਫ ਨੇ ਸੋਗ ਪ੍ਰਗਟ ਕਰਦਿਆਂ ਪਰਿਵਾਰ ਦੀ ਨਿੱਜਤਾ ਦਾ ਸਤਿਕਾਰ ਕਰਨ ਦੀ ਅਪੀਲ ਵੀ ਕੀਤੀ ਹੈ। ਇਸ ਹਾਦਸੇ ਨੇ ਫੁੱਟਬਾਲ ਮੈਦਾਨਾਂ ਵਿੱਚ ਖਿਡਾਰੀਆਂ ਦੀ ਸੁਰੱਖਿਆ, ਐਮਰਜੈਂਸੀ ਮੈਡੀਕਲ ਸਹੂਲਤਾਂ ਅਤੇ ਗੰਭੀਰ ਟੱਕਰਾਂ ਨਾਲ ਜੁੜੇ ਖ਼ਤਰਿਆਂ ਬਾਰੇ ਮੁੜ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਪਟਿਆਲਾ ਪੁਸਤਕ ਮੇਲੇ ਦਾ ਵਿਦਿਅਕ ਦੌਰਾ



ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਸਮਾਜ ਵਿਗਿਆਨ ਵਿਭਾਗ ਵੱਲੋਂ ਓਮੈਕਸ ਮਾਲ, ਪਟਿਆਲਾ ਵਿਖੇ ਲੱਗੇ ਪੁਸਤਕ ਮੇਲੇ ਦਾ ਵਿਦਿਅਕ ਦੌਰਾ ਕਰਵਾਇਆ ਗਿਆ। ਇਸ ਵਿੱਚ ਐੱਮ.ਏ. ਦੇ ਲਗਭਗ 25 ਵਿਦਿਆਰਥੀਆਂ ਨੇ ਭਾਗ ਲਿਆ। ਇਸ ਉਪਰਾਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਪੁਸਤਕਾਂ ਪੜ੍ਹਨ ਦੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਪਾਠਕ੍ਰਮ ਤੋਂ ਇਲਾਵਾ ਵੱਖ-ਵੱਖ ਵਿਸ਼ਿਆਂ ਦੇ ਸਾਹਿਤ ਨਾਲ ਜਾਣੂ ਕਰਵਾਉਣਾ ਸੀ।

ਇਸ ਦੌਰੇ ਦੀ ਦੇਖ-ਰੇਖ ਵਿਭਾਗ ਮੁਖੀ ਡਾ. ਨਵ ਸ਼ਗਨ ਦੀਪ ਕੌਰ ਨੇ ਕੀਤੀ ਅਤੇ ਸਹਾਇਕ ਪ੍ਰੋਫੈਸਰ ਸ.ਲਵਪ੍ਰੀਤ ਸਿੰਘ ਵੀ ਵਿਦਿਆਰਥੀਆਂ ਦੇ ਨਾਲ ਸਨ। ਵਿਦਿਆਰਥੀਆਂ ਨੇ ਸਮਾਜਿਕ ਸਿਧਾਂਤਾਂ, ਖੋਜ, ਸਮਾਜਿਕ ਸਮੱਸਿਆਵਾਂ ਅਤੇ ਵਾਤਾਵਰਣ ਨਾਲ ਸਬੰਧਤ ਪੁਸਤਕਾਂ ਵਿੱਚ ਦਿਲਚਸਪੀ ਦਿਖਾਈ। ਇਸ ਮੌਕੇ ਵਿਦਿਆਰਥੀਆਂ ਨੇ ਕਾਲੀ ਮਾਤਾ ਮੰਦਰ ਅਤੇ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ, ਪਟਿਆਲਾ ਵਿਖੇ ਵੀ ਮੱਥਾ ਟੇਕਿਆ। ਇਹ ਦੌਰਾ ਵਿਦਿਆਰਥੀਆਂ ਲਈ ਗਿਆਨ ਦੇ ਨਾਲ-ਨਾਲ ਸੱਭਿਆਚਾਰਕ ਜਾਣਕਾਰੀ ਪ੍ਰਾਪਤ ਕਰਨ ਦਾ ਸਾਰਥਕ ਮੌਕਾ ਸਾਬਤ ਹੋਇਆ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਸਲਾਹ ਨਹੀਂ, ਸੁਣਨਾ ਸਹੀ

ਜ਼ਿੰਦਗੀ ਵਿੱਚ ਅਕਸਰ ਅਜਿਹਾ ਹੁੰਦਾ ਹੈ ਕਿ ਸਾਡਾ ਕੋਈ ਭੈਣ-ਭਰਾ, ਦੋਸਤ, ਰਿਸ਼ਤੇਦਾਰ ਜਾਂ ਜਾਣਕਾਰ ਆਪਣੇ ਮਨ ਦੀਆਂ ਪਰੇਸ਼ਾਨੀਆਂ, ਦੁੱਖਾਂ ਅਤੇ ਤਕਲੀਫ਼ਾਂ ਸਾਂਝੀਆਂ ਕਰਨ ਸਾਡੇ ਕੋਲ ਆਉਂਦਾ ਹੈ। ਉਹ ਅੰਦਰੋਂ ਟੁੱਟਿਆ ਹੁੰਦਾ ਹੈ, ਹੌਸਲਾ ਗੁਆ ਬੈਠਦਾ ਹੈ, ਨਿਰਾਸ਼ਾ ਨਾਲ ਘਿਰਿਆ ਹੁੰਦਾ ਹੈ ਅਤੇ ਕਈ ਵਾਰ ਆਪਣੀਆਂ ਭਾਵਨਾਵਾਂ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਵੀ ਉਸ ਲਈ ਮੁਸ਼ਕਲ ਹੋ ਜਾਂਦਾ ਹੈ। ਅਜਿਹੇ ਸਮੇਂ ਸਾਡਾ ਸੁਭਾਵਿਕ ਪ੍ਰਤੀਕਰਮ ਹੁੰਦਾ ਹੈ ਕਿ ਅਸੀਂ ਉਸ ਨੂੰ ਹੌਸਲਾ ਦੇਈਏ, ਸਮਝਾਈਏ ਅਤੇ ਕਹੀਏ ਕਿ ਤਕੜਾ ਬਣ, ਹਿੰਮਤ ਰੱਖ, ਹਾਲਾਤਾਂ ਦਾ ਸਾਹਮਣਾ ਕਰ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਦੀ ਕੋਸ਼ਿਸ਼ ਕਰ।

ਸਾਡੀ ਨੀਅਤ ਬਿਲਕੁਲ ਸਾਫ਼ ਹੁੰਦੀ ਹੈ। ਅਸੀਂ ਉਸ ਦਾ ਭਲਾ ਚਾਹੁੰਦੇ ਹਾਂ ਅਤੇ ਉਸ ਨੂੰ ਮੁੜ ਮਜ਼ਬੂਤ ਦੇਖਣਾ ਚਾਹੁੰਦੇ ਹਾਂ। ਪਰ ਇਸ ਸਾਰੀ ਚੰਗੀ ਭਾਵਨਾ ਦੇ ਬਾਵਜੂਦ ਕਈ ਵਾਰ ਅਸੀਂ ਇੱਕ ਬਹੁਤ ਹੀ ਮਹੱਤਵਪੂਰਨ ਗੱਲ ਸਮਝਣ ਤੋਂ ਖੁੰਝ ਜਾਂਦੇ ਹਾਂ। ਉਹ ਇਹ ਕਿ ਹਰ ਦੁਖੀ ਇਨਸਾਨ ਸਾਡੇ ਕੋਲ ਆਪਣੀ ਸਮੱਸਿਆ ਦਾ ਹੱਲ ਲੱਭਣ ਨਹੀਂ ਆਉਂਦਾ। ਕਈ ਵਾਰ ਉਹ ਸਿਰਫ਼ ਆਪਣੇ ਮਨ ਦਾ ਬੋਝ ਹਲਕਾ ਕਰਨ, ਕੁਝ ਪਲਾਂ ਲਈ ਕਮਜ਼ੋਰ ਹੋਣ ਅਤੇ ਆਪਣੇ ਅੰਦਰ ਦੱਬੀਆਂ ਭਾਵਨਾਵਾਂ ਨੂੰ ਬਾਹਰ ਕੱਢਣ ਆਉਂਦਾ ਹੈ।

ਜ਼ਰਾ ਸੋਚੋ, ਜਿਹੜਾ ਵਿਅਕਤੀ ਕਈ ਦਿਨਾਂ, ਮਹੀਨਿਆਂ ਜਾਂ ਸਾਲਾਂ ਤੋਂ ਆਪਣੀਆਂ ਮੁਸ਼ਕਲਾਂ ਨਾਲ ਇਕੱਲਾ ਜੂਝ ਰਿਹਾ ਹੈ, ਹਰ ਰੋਜ਼ ਆਪਣੇ ਆਪ ਨੂੰ ਸਮਝਾ ਰਿਹਾ ਹੈ, ਹਾਲਾਤਾਂ ਨਾਲ ਲੜ ਰਿਹਾ ਹੈ ਅਤੇ ਦੁਨੀਆ ਸਾਹਮਣੇ ਮਜ਼ਬੂਤ ਬਣ ਕੇ ਵਿਚਰ ਰਿਹਾ ਹੈ, ਉਹ ਜਦੋਂ ਤੁਹਾਡੇ ਕੋਲ ਆਉਂਦਾ ਹੈ ਤਾਂ ਸ਼ਾਇਦ ਉਸ ਨੂੰ ਕੁਝ ਪਲਾਂ ਲਈ ਆਪਣੀ ਮਜ਼ਬੂਤੀ ਦਾ ਨਕਾਬ ਉਤਾਰਨ ਦੀ ਲੋੜ ਹੁੰਦੀ ਹੈ। ਉਹ ਚਾਹੁੰਦਾ ਹੈ ਕਿ ਕੋਈ ਅਜਿਹਾ ਹੋਵੇ ਜਿਸ ਦੇ ਸਾਹਮਣੇ ਉਹ ਬਿਨਾਂ ਕਿਸੇ ਝਿਜਕ ਦੇ ਰੋ ਸਕੇ, ਆਪਣੀ ਬੇਵਸੀ ਬਿਆਨ ਕਰ ਸਕੇ ਅਤੇ ਇਹ ਮਹਿਸੂਸ ਕਰ ਸਕੇ ਕਿ ਉਸ ਨੂੰ ਹਰ ਵੇਲੇ ਤਕੜੇ ਬਣੇ ਰਹਿਣ ਦੀ ਲੋੜ ਨਹੀਂ।

ਪਰ ਅਸੀਂ ਅਕਸਰ ਉਸ ਦੀ ਗੱਲ ਪੂਰੀ ਹੋਣ ਤੋਂ ਪਹਿਲਾਂ ਹੀ ਸਲਾਹਾਂ ਦੇਣੀਆਂ ਸ਼ੁਰੂ ਕਰ ਦਿੰਦੇ ਹਾਂ। ਕੋਈ ਕਹਿੰਦਾ ਹੈ, ਇਹ ਸਭ ਨਾਲ ਹੁੰਦਾ ਹੈ। ਕੋਈ ਸਮਝਾਉਂਦਾ ਹੈ ਕਿ ਦੁਨੀਆ ਵਿੱਚ ਤੇਰੇ ਨਾਲੋਂ ਵੱਧ ਦੁਖੀ ਲੋਕ ਵੀ ਹਨ। ਕੋਈ ਉਸ ਦੀਆਂ ਗ਼ਲਤੀਆਂ ਗਿਣਾਉਣ ਲੱਗ ਪੈਂਦਾ ਹੈ ਅਤੇ ਕੋਈ ਉਸ ਨੂੰ ਆਪਣੀ ਸੋਚ ਬਦਲਣ ਦੀ ਨਸੀਹਤ ਦੇਣ ਲੱਗਦਾ ਹੈ। ਨਤੀਜਾ ਇਹ ਹੁੰਦਾ ਹੈ ਕਿ ਜਿਹੜਾ ਵਿਅਕਤੀ ਆਪਣੇ ਮਨ ਦੀ ਗੱਲ ਕਹਿਣ ਆਇਆ ਸੀ, ਉਹ ਹੋਰ ਵੀ ਚੁੱਪ ਹੋ ਜਾਂਦਾ ਹੈ। ਉਸ ਨੂੰ ਲੱਗਦਾ ਹੈ ਕਿ ਸ਼ਾਇਦ ਇੱਥੇ ਵੀ ਉਸ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਬਜਾਏ ਉਸ ਨੂੰ ਪਰਖਿਆ ਜਾ ਰਿਹਾ ਹੈ।

ਇੱਥੇ ਸਾਨੂੰ ਮਨੁੱਖੀ ਮਨ ਦੀ ਇੱਕ ਬਹੁਤ ਬੁਨਿਆਦੀ ਲੋੜ ਸਮਝਣ ਦੀ ਜ਼ਰੂਰਤ ਹੈ। ਮਨੁੱਖ ਨੂੰ ਸਿਰਫ਼ ਸਲਾਹ, ਹੱਲ ਅਤੇ ਮਾਰਗਦਰਸ਼ਨ ਹੀ ਨਹੀਂ ਚਾਹੀਦਾ ਹੁੰਦਾ, ਉਸ ਨੂੰ ਭਾਵਨਾਤਮਕ ਸਹਾਰਾ ਵੀ ਚਾਹੀਦਾ ਹੈ। ਮਨੋਵਿਗਿਆਨ ਵਿੱਚ ਇਸ ਨੂੰ ਸਰਗਰਮ ਸੁਣਨਾ (Active Listening) ਕਿਹਾ ਜਾਂਦਾ ਹੈ। ਇਸ ਦਾ ਅਰਥ ਹੈ ਕਿ ਕਿਸੇ ਦੀ ਗੱਲ ਸਿਰਫ਼ ਸੁਣਨੀ ਹੀ ਨਹੀਂ, ਸਗੋਂ ਬਿਨਾਂ ਟੋਕੇ, ਬਿਨਾਂ ਨਿਰਣਾ ਕੀਤੇ ਅਤੇ ਬਿਨਾਂ ਆਪਣੀ ਸੋਚ ਥੋਪੇ ਉਸ ਦੇ ਅਹਿਸਾਸਾਂ ਨੂੰ ਸਮਝਣ ਦੀ ਕੋਸ਼ਿਸ਼ ਕਰਨੀ।

ਕਈ ਵਾਰ ਕਿਸੇ ਨੂੰ ਗਲੇ ਲਗਾ ਕੇ ਚੁੱਪਚਾਪ ਬੈਠਣਾ, ਉਸ ਦੇ ਮੋਢੇ 'ਤੇ ਹੱਥ ਰੱਖਣਾ ਜਾਂ ਸਿਰਫ਼ ਇਹ ਕਹਿਣਾ ਕਿ 'ਮੈਂ ਤੇਰੇ ਨਾਲ ਹਾਂ, ਤੂੰ ਬੇਝਿਜਕ ਆਪਣੀ ਗੱਲ ਕਹਿ ਸਕਦਾ ਹੈਂ', ਵੱਡੀਆਂ-ਵੱਡੀਆਂ ਸਲਾਹਾਂ ਨਾਲੋਂ ਕਿਤੇ ਵੱਧ ਅਸਰਦਾਰ ਹੁੰਦਾ ਹੈ। ਰੋਣਾ ਕਮਜ਼ੋਰੀ ਦੀ ਨਿਸ਼ਾਨੀ ਨਹੀਂ, ਸਗੋਂ ਮਨ ਵਿੱਚ ਇਕੱਠੇ ਹੋਏ ਭਾਵਨਾਤਮਕ ਦਬਾਅ ਨੂੰ ਪ੍ਰਗਟ ਕਰਨ ਦਾ ਇੱਕ ਕੁਦਰਤੀ ਤਰੀਕਾ ਹੈ। ਕਿਸੇ ਨੂੰ ਰੋਣ ਤੋਂ ਰੋਕਣ ਜਾਂ ਤੁਰੰਤ ਚੁੱਪ ਕਰਵਾਉਣ ਦੀ ਬਜਾਏ ਉਸ ਨੂੰ ਆਪਣੀਆਂ ਭਾਵਨਾਵਾਂ ਪ੍ਰਗਟ ਕਰਨ ਲਈ ਸੁਰੱਖਿਅਤ ਮਾਹੌਲ ਦੇਣਾ ਚਾਹੀਦਾ ਹੈ।

ਇਸ ਦਾ ਮਤਲਬ ਇਹ ਵੀ ਨਹੀਂ ਕਿ ਸਲਾਹ ਜਾਂ ਮਦਦ ਦੀ ਕੋਈ ਮਹੱਤਤਾ ਨਹੀਂ। ਜਦੋਂ ਕੋਈ ਵਿਅਕਤੀ ਹੱਲ ਚਾਹੁੰਦਾ ਹੋਵੇ, ਉਸ ਨੂੰ ਸਹੀ ਮਾਰਗਦਰਸ਼ਨ ਦੇਣਾ ਸਾਡੀ ਜ਼ਿੰਮੇਵਾਰੀ ਹੈ। ਪਰ ਇਸ ਤੋਂ ਪਹਿਲਾਂ ਇਹ ਸਮਝਣਾ ਜ਼ਰੂਰੀ ਹੈ ਕਿ ਸਾਹਮਣੇ ਵਾਲੇ ਨੂੰ ਇਸ ਸਮੇਂ ਕੀ ਚਾਹੀਦਾ ਹੈ। ਕਈ ਵਾਰ ਸਿਰਫ਼ ਇੱਕ ਸਵਾਲ ਕਾਫ਼ੀ ਹੁੰਦਾ ਹੈ—'ਤੂੰ ਚਾਹੁੰਦਾ ਹੈਂ ਕਿ ਮੈਂ ਤੇਰੀ ਗੱਲ ਸੁਣਾਂ ਜਾਂ ਅਸੀਂ ਮਿਲ ਕੇ ਇਸ ਦਾ ਕੋਈ ਹੱਲ ਲੱਭੀਏ?'

ਸਾਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਕਿਸੇ ਦੀਆਂ ਨਿੱਜੀ ਪਰੇਸ਼ਾਨੀਆਂ ਨੂੰ ਉਸ ਦੀ ਇਜਾਜ਼ਤ ਤੋਂ ਬਿਨਾਂ ਦੂਜਿਆਂ ਨਾਲ ਸਾਂਝਾ ਕਰਨਾ ਉਸ ਦੇ ਭਰੋਸੇ ਨੂੰ ਤੋੜ ਸਕਦਾ ਹੈ। ਕਿਸੇ ਦੀ ਕਮਜ਼ੋਰੀ ਨੂੰ ਉਸ ਦੇ ਵਿਰੁੱਧ ਵਰਤਣ ਦੀ ਬਜਾਏ ਉਸ ਦੀ ਨਿੱਜਤਾ ਅਤੇ ਸਵੈਮਾਣ ਦੀ ਰਾਖੀ ਕਰਨੀ ਚਾਹੀਦੀ ਹੈ। ਅੱਜ ਦੇ ਰੁਝੇਵਿਆਂ ਭਰੇ ਸਮਾਜ ਵਿੱਚ ਹਰ ਕੋਈ ਸੁਣਾਉਣ ਲਈ ਤਿਆਰ ਹੈ, ਪਰ ਸੁਣਨ ਲਈ ਸਮਾਂ ਕੱਢਣ ਵਾਲੇ ਲੋਕ ਘੱਟ ਹਨ। ਅਸੀਂ ਹਰ ਸਮੱਸਿਆ ਦਾ ਹੱਲ ਦੇਣ ਦੀ ਕੋਸ਼ਿਸ਼ ਕਰਦੇ ਹਾਂ, ਪਰ ਕਈ ਵਾਰ ਇਹ ਭੁੱਲ ਜਾਂਦੇ ਹਾਂ ਕਿ ਸਾਡੀ ਮੌਜੂਦਗੀ ਹੀ ਕਿਸੇ ਲਈ ਸਭ ਤੋਂ ਵੱਡਾ ਸਹਾਰਾ ਹੋ ਸਕਦੀ ਹੈ।

ਇਸ ਲਈ ਅਗਲੀ ਵਾਰ ਜਦੋਂ ਕੋਈ ਆਪਣਾ ਤੁਹਾਡੇ ਕੋਲ ਆਪਣਾ ਦੁੱਖ ਲੈ ਕੇ ਆਵੇ ਤਾਂ ਉਸ ਨੂੰ ਤੁਰੰਤ ਤਕੜਾ ਬਣਨ ਦੀ ਨਸੀਹਤ ਨਾ ਦਿਓ। ਪਹਿਲਾਂ ਉਸ ਨੂੰ ਆਪਣੇ ਮਨ ਦੀ ਗੱਲ ਕਹਿਣ ਦਿਓ। ਉਸ ਦੇ ਹੰਝੂਆਂ ਨੂੰ ਕਮਜ਼ੋਰੀ ਨਾ ਸਮਝੋ ਅਤੇ ਉਸ ਦੀ ਚੁੱਪ ਨੂੰ ਨਜ਼ਰਅੰਦਾਜ਼ ਨਾ ਕਰੋ। ਹੋ ਸਕਦਾ ਹੈ ਕਿ ਉਹ ਤੁਹਾਡੇ ਕੋਲ ਆਪਣੀ ਸਮੱਸਿਆ ਦਾ ਹੱਲ ਲੈਣ ਨਹੀਂ, ਸਗੋਂ ਕੁਝ ਪਲਾਂ ਲਈ ਆਪਣਾ ਬੋਝ ਉਤਾਰਨ ਆਇਆ ਹੋਵੇ। ਯਾਦ ਰੱਖੋ, ਹਰ ਵਾਰ ਕਿਸੇ ਨੂੰ ਖੜ੍ਹਾ ਕਰਨ ਲਈ ਹੱਥ ਫੜਨ ਦੀ ਲੋੜ ਨਹੀਂ ਹੁੰਦੀ। ਕਈ ਵਾਰ ਉਸ ਦੇ ਕੋਲ ਬੈਠ ਜਾਣਾ ਹੀ ਕਾਫ਼ੀ ਹੁੰਦਾ ਹੈ। ਕਿਉਂਕਿ ਹਰ ਕਿਸੇ ਨੂੰ ਸਲਾਹਕਾਰ ਨਹੀਂ ਚਾਹੀਦਾ, ਕਈਆਂ ਨੂੰ ਸਿਰਫ਼ ਇੱਕ ਅਜਿਹਾ ਇਨਸਾਨ ਚਾਹੀਦਾ ਹੈ ਜੋ ਉਨ੍ਹਾਂ ਦੀ ਗੱਲ ਧਿਆਨ ਨਾਲ ਸੁਣ ਸਕੇ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਸੱਤਾ ਹੁਣ ਬਣੀ ਵਕਾਰ, ਸਰਗਰਮ ਸਿਆਸੀ ਵਪਾਰ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਪੰਜਾਬ ਦੀ ਸਿਆਸਤ ਇੱਕ ਵਾਰ ਫਿਰ ਨਵੇਂ ਮੋੜ 'ਤੇ ਖੜ੍ਹੀ ਦਿਖਾਈ ਦੇ ਰਹੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆਉਣ ਦੇ ਨਾਲ ਹੀ ਸੂਬੇ ਦੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਨੇ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਦਲ-ਬਦਲੀ, ਅੰਦਰੂਨੀ ਬਗਾਵਤ, ਪੁਰਾਣੇ ਸਿਆਸੀ ਗੱਠਜੋੜਾਂ ਦੀ ਸੰਭਾਵਿਤ ਵਾਪਸੀ ਅਤੇ ਨਵੇਂ ਸਿਆਸੀ ਸਮੀਕਰਨਾਂ ਨੇ ਪੰਜਾਬ ਦੇ ਸਿਆਸੀ ਮਾਹੌਲ ਨੂੰ ਗਰਮਾ ਦਿੱਤਾ ਹੈ। ਇਸ ਵਾਰ ਮੁਕਾਬਲਾ ਸਿਰਫ਼ ਸੱਤਾਧਾਰੀ ਆਮ ਆਦਮੀ ਪਾਰਟੀ ਅਤੇ ਵਿਰੋਧੀ ਕਾਂਗਰਸ ਵਿਚਕਾਰ ਨਹੀਂ ਰਹਿਣ ਵਾਲਾ, ਸਗੋਂ ਭਾਜਪਾ ਦੀ ਵਧਦੀ ਸਰਗਰਮੀ ਅਤੇ ਅਕਾਲੀ ਦਲ ਦੇ ਵੱਖ-ਵੱਖ ਧੜਿਆਂ ਦੀ ਭਵਿੱਖੀ ਰਣਨੀਤੀ ਵੀ ਚੋਣਾਂ ਦੇ ਨਤੀਜਿਆਂ ਨੂੰ ਪ੍ਰਭਾਵਿਤ ਕਰ ਸਕਦੀ ਹੈ।

2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ 117 ਵਿੱਚੋਂ 92 ਸੀਟਾਂ ਜਿੱਤ ਕੇ ਇਤਿਹਾਸਕ ਬਹੁਮਤ ਹਾਸਲ ਕੀਤਾ ਸੀ। ਕਾਂਗਰਸ 18 ਸੀਟਾਂ ਨਾਲ ਦੂਜੇ ਸਥਾਨ 'ਤੇ ਰਹੀ, ਜਦਕਿ ਸ਼੍ਰੋਮਣੀ ਅਕਾਲੀ ਦਲ ਨੂੰ ਤਿੰਨ ਅਤੇ ਭਾਜਪਾ ਨੂੰ ਦੋ ਸੀਟਾਂ ਮਿਲੀਆਂ ਸਨ। ਉਸ ਸਮੇਂ ਪੰਜਾਬ ਦੇ ਵੋਟਰਾਂ ਨੇ ਰਵਾਇਤੀ ਪਾਰਟੀਆਂ ਨੂੰ ਪਿੱਛੇ ਛੱਡ ਕੇ ਨਵੀਂ ਸਿਆਸੀ ਉਮੀਦ ਨੂੰ ਮੌਕਾ ਦਿੱਤਾ ਸੀ। ਪਰ ਪੰਜ ਸਾਲਾਂ ਦੇ ਕਾਰਜਕਾਲ ਤੋਂ ਬਾਅਦ ਹੁਣ ਸਵਾਲ ਇਹ ਹੈ ਕਿ ਕੀ ਆਮ ਆਦਮੀ ਪਾਰਟੀ ਆਪਣਾ ਪੁਰਾਣਾ ਜਨਸਮਰਥਨ ਬਰਕਰਾਰ ਰੱਖ ਸਕੇਗੀ ਜਾਂ ਵਿਰੋਧੀ ਧਿਰਾਂ ਇਸ ਮੌਕੇ ਦਾ ਲਾਭ ਉਠਾਉਣਗੀਆਂ?

ਆਮ ਆਦਮੀ ਪਾਰਟੀ ਨੂੰ ਤਿੰਨ ਵਿਧਾਇਕਾਂ ਦਾ ਝਟਕਾ: ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਲਈ ਸਭ ਤੋਂ ਤਾਜ਼ਾ ਸਿਆਸੀ ਝਟਕਾ ਤਿੰਨ ਵਿਧਾਇਕਾਂ ਦੀ ਭਾਜਪਾ ਵਿੱਚ ਸ਼ਮੂਲੀਅਤ ਹੈ। 2 ਨਵੰਬਰ 2026 ਨੂੰ ਸਨੌਰ ਤੋਂ ਹਰਮੀਤ ਸਿੰਘ ਪਠਾਣਮਾਜਰਾ, ਸਮਾਣਾ ਤੋਂ ਚੇਤਨ ਸਿੰਘ ਜੌੜਾਮਾਜਰਾ ਅਤੇ ਅੰਮ੍ਰਿਤਸਰ ਉੱਤਰੀ ਤੋਂ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਭਾਜਪਾ ਦਾ ਪੱਲਾ ਫੜ ਲਿਆ।

ਇਹ ਘਟਨਾਕ੍ਰਮ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਇਹ ਦਲ-ਬਦਲੀ ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਚੋਣਾਂ ਲਈ 40 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰਨ ਤੋਂ ਤੁਰੰਤ ਬਾਅਦ ਹੋਈ ਹੈ। ਪਾਰਟੀ ਨੇ 31 ਅਕਤੂਬਰ ਨੂੰ ਆਪਣੀ ਪਹਿਲੀ ਸੂਚੀ ਜਾਰੀ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਮੁੜ ਧੂਰੀ ਤੋਂ ਉਮੀਦਵਾਰ ਐਲਾਨਿਆ ਸੀ।

ਤਿੰਨਾਂ ਆਗੂਆਂ ਦੀ ਭਾਜਪਾ ਵਿੱਚ ਸ਼ਮੂਲੀਅਤ ਨੇ ਇਹ ਸੰਕੇਤ ਦਿੱਤਾ ਹੈ ਕਿ ਚੋਣਾਂ ਤੋਂ ਪਹਿਲਾਂ ਉਮੀਦਵਾਰੀ, ਪਾਰਟੀ ਅੰਦਰਲੀ ਨਾਰਾਜ਼ਗੀ ਅਤੇ ਸਿਆਸੀ ਭਵਿੱਖ ਨੂੰ ਲੈ ਕੇ ਆਗੂਆਂ ਵਿੱਚ ਹਲਚਲ ਵਧ ਰਹੀ ਹੈ। ਇਨ੍ਹਾਂ ਆਗੂਆਂ ਨੇ ਪੰਜਾਬ ਦੀ ਕਾਨੂੰਨ-ਵਿਵਸਥਾ, ਨਸ਼ਿਆਂ ਅਤੇ ਸਰਕਾਰ ਦੀ ਕਾਰਗੁਜ਼ਾਰੀ ਬਾਰੇ ਵੀ ਸਵਾਲ ਉਠਾਏ ਹਨ।

ਹਾਲਾਂਕਿ ਵਿਧਾਇਕਾਂ ਦੀ ਪਾਰਟੀ ਛੱਡਣ ਅਤੇ ਵਿਧਾਨ ਸਭਾ ਦੀ ਮੈਂਬਰਸ਼ਿਪ ਛੱਡਣ ਵਿਚ ਕਾਨੂੰਨੀ ਫ਼ਰਕ ਹੈ। ਹਰਮੀਤ ਸਿੰਘ ਪਠਾਣਮਾਜਰਾ ਅਤੇ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਅਸਤੀਫ਼ੇ ਸਪੀਕਰ ਵੱਲੋਂ ਸਵੀਕਾਰ ਕੀਤੇ ਜਾਣ ਦੀ ਰਿਪੋਰਟ ਹੈ, ਜਦਕਿ ਚੇਤਨ ਸਿੰਘ ਜੌੜਾਮਾਜਰਾ ਦੇ ਮਾਮਲੇ ਵਿੱਚ ਦਲ-ਬਦਲੀ ਵਿਰੋਧੀ ਕਾਨੂੰਨ ਤਹਿਤ ਕਾਰਵਾਈ ਦਾ ਸਵਾਲ ਵੀ ਸਾਹਮਣੇ ਆਇਆ ਹੈ।

ਇਹ ਘਟਨਾ ਭਾਜਪਾ ਲਈ ਸੰਗਠਨਾਤਮਕ ਤੌਰ 'ਤੇ ਲਾਭਦਾਇਕ ਹੋ ਸਕਦੀ ਹੈ, ਪਰ ਇਸ ਨੂੰ ਆਮ ਆਦਮੀ ਪਾਰਟੀ ਦੀ ਚੋਣਾਂ ਵਿੱਚ ਹਾਰ ਦਾ ਪੱਕਾ ਸੰਕੇਤ ਮੰਨਣਾ ਜਲਦਬਾਜ਼ੀ ਹੋਵੇਗੀ।

ਮਾਨਸਾ ਦਾ ਮੋਰਚਾ ਅਤੇ ਨਸ਼ਿਆਂ ਦਾ ਸਿਆਸੀ ਪ੍ਰਭਾਵ: ਪੰਜਾਬ ਦੀ ਸਿਆਸਤ ਵਿੱਚ ਨਸ਼ਿਆਂ ਦਾ ਮੁੱਦਾ ਪਹਿਲਾਂ ਵੀ ਅਹਿਮ ਰਿਹਾ ਹੈ, ਪਰ ਮਾਨਸਾ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਇਹ ਮੁੱਦਾ ਹੋਰ ਗੰਭੀਰ ਹੋ ਗਿਆ ਹੈ।

14 ਅਕਤੂਬਰ ਨੂੰ ਸਾਹਮਣੇ ਆਈਆਂ ਰਿਪੋਰਟਾਂ ਅਨੁਸਾਰ ਪਰਵਿੰਦਰ ਸਿੰਘ ਝੋਟਾ ਨੂੰ ਮਾਨਸਾ ਦੇ ਇੱਕ ਮੈਡੀਕਲ ਸਟੋਰ 'ਤੇ ਹੋਏ ਟਕਰਾਅ ਦੌਰਾਨ ਗੋਲੀ ਮਾਰ ਦਿੱਤੀ ਗਈ ਸੀ। ਘਟਨਾ ਸਮੇਂ ਉਹ ਨਸ਼ੀਲੇ ਪਦਾਰਥਾਂ ਦੀ ਕਥਿਤ ਵਿਕਰੀ ਸਬੰਧੀ ਇਤਰਾਜ਼ ਜਤਾ ਰਹੇ ਸਨ ਅਤੇ ਸੋਸ਼ਲ ਮੀਡੀਆ 'ਤੇ ਲਾਈਵ ਵੀ ਸਨ। ਇਸ ਗੋਲੀਬਾਰੀ ਵਿੱਚ ਉਨ੍ਹਾਂ ਦੇ ਚਾਰ ਸਾਥੀ ਵੀ ਜ਼ਖ਼ਮੀ ਹੋਏ।

ਮੁੱਖ ਮੁਲਜ਼ਮ ਵਜੋਂ ਨਾਮਜ਼ਦ ਕੈਮਿਸਟ ਅਸ਼ਵਨੀ ਕੁਮਾਰ ਨੂੰ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਜਾਣ ਦੀ ਖ਼ਬਰ ਵੀ ਸਾਹਮਣੇ ਆਈ ਸੀ। ਇਸ ਘਟਨਾ ਤੋਂ ਬਾਅਦ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਸਿਆਸੀ ਜਥੇਬੰਦੀਆਂ ਨੇ ਮੋਰਚਾ ਲਾਇਆ। ਇਨਸਾਫ਼, ਪੁਲਿਸ ਪ੍ਰਸ਼ਾਸਨ ਦੀ ਜਵਾਬਦੇਹੀ ਅਤੇ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਦੀ ਮੰਗ ਕੀਤੀ ਗਈ।

ਇਸ ਮਾਮਲੇ ਨੇ ਸਰਕਾਰ ਦੇ ਨਸ਼ਾ ਵਿਰੋਧੀ ਦਾਅਵਿਆਂ ਨੂੰ ਵੀ ਸਿਆਸੀ ਜਾਂਚ ਦੇ ਘੇਰੇ ਵਿੱਚ ਲਿਆ ਦਿੱਤਾ ਹੈ। ਵਿਰੋਧੀ ਪਾਰਟੀਆਂ ਇਸ ਘਟਨਾ ਨੂੰ ਸਰਕਾਰ ਦੀ ਕਾਨੂੰਨ-ਵਿਵਸਥਾ ਨਾਲ ਜੋੜ ਰਹੀਆਂ ਹਨ, ਜਦਕਿ ਭਾਜਪਾ ਇਸ ਨੂੰ ਪੰਜਾਬ ਵਿੱਚ ਆਪਣੀ ਸਿਆਸੀ ਮੁਹਿੰਮ ਦਾ ਅਹਿਮ ਮੁੱਦਾ ਬਣਾ ਰਹੀ ਹੈ।

ਪਰ ਨਸ਼ਿਆਂ ਵਰਗੀ ਗੰਭੀਰ ਸਮੱਸਿਆ ਦਾ ਹੱਲ ਸਿਰਫ਼ ਸਿਆਸੀ ਬਿਆਨਬਾਜ਼ੀ ਨਾਲ ਨਹੀਂ ਹੋ ਸਕਦਾ। ਇਸ ਲਈ ਨਸ਼ਾ ਤਸਕਰੀ ਦੇ ਨੈੱਟਵਰਕ, ਵਿੱਤੀ ਸਰੋਤਾਂ, ਸਰਹੱਦੀ ਤਸਕਰੀ, ਨਸ਼ਾ ਛੁਡਾਊ ਕੇਂਦਰਾਂ ਅਤੇ ਪੁਨਰਵਾਸ ਦੀ ਵਿਵਸਥਾ 'ਤੇ ਠੋਸ ਕਾਰਵਾਈ ਲੋੜੀਂਦੀ ਹੈ।

ਬਾਦਲ ਦਲ ਲਈ ਪੁਰਾਣੇ ਵਿਵਾਦ ਅਤੇ ਨਵੀਆਂ ਚੁਣੌਤੀਆਂ: ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਥਿਤੀ ਵੀ ਘੱਟ ਗੁੰਝਲਦਾਰ ਨਹੀਂ ਹੈ। 2007 ਤੋਂ 2017 ਤੱਕ ਸੱਤਾ ਵਿੱਚ ਰਹਿਣ ਦੌਰਾਨ ਹੋਏ ਵਿਵਾਦ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ, ਬਹਿਬਲ ਕਲਾਂ ਅਤੇ ਕੋਟਕਪੂਰਾ ਗੋਲੀਕਾਂਡ ਵਰਗੀਆਂ ਘਟਨਾਵਾਂ ਅੱਜ ਵੀ ਪਾਰਟੀ ਦੀ ਸਿਆਸੀ ਭਰੋਸੇਯੋਗਤਾ ਨਾਲ ਜੁੜੇ ਸਵਾਲ ਹਨ।

2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੁਖਬੀਰ ਸਿੰਘ ਬਾਦਲ ਅਤੇ ਹੋਰ ਅਕਾਲੀ ਆਗੂਆਂ ਨੂੰ ਤਨਖ਼ਾਹੀਆ ਕਰਾਰ ਦੇਣ ਅਤੇ ਬਾਅਦ ਵਿੱਚ ਧਾਰਮਿਕ ਸੇਵਾ ਤੇ ਹੋਰ ਆਦੇਸ਼ਾਂ ਨੇ ਵੀ ਪਾਰਟੀ ਦੇ ਅੰਦਰੂਨੀ ਅਤੇ ਪੰਥਕ ਮਾਹੌਲ ਨੂੰ ਪ੍ਰਭਾਵਿਤ ਕੀਤਾ।

ਇਸ ਤੋਂ ਇਲਾਵਾ ਬਹਿਰੀਨ ਨਾਲ ਸਬੰਧਤ ਇੱਕ ਮਹਿਲਾ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਵਿਰੁੱਧ ਲਗਾਏ ਗਏ ਜਿਨਸੀ ਸ਼ੋਸ਼ਣ ਅਤੇ ਹੋਰ ਗੰਭੀਰ ਦੋਸ਼ਾਂ ਨੇ ਨਵਾਂ ਵਿਵਾਦ ਖੜ੍ਹਾ ਕੀਤਾ। ਇਸ ਮਾਮਲੇ ਵਿੱਚ ਐੱਫ.ਆਈ.ਆਰ. ਦਰਜ ਹੋਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ। ਅਮਰਜੀਤ ਸਿੰਘ ਚਾਵਲਾ ਨੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਮਾਮਲੇ ਵਿੱਚ ਧਾਰਮਿਕ ਕਾਰਵਾਈ ਵੀ ਕੀਤੀ ਗਈ।

ਇਸ ਮਾਮਲੇ ਨੂੰ ਜਨਤਕ ਕਰਨ ਵਾਲੀ ਰੂਪ ਕੌਰ ਸੰਧੂ ਨੂੰ ਸ਼੍ਰੋਮਣੀ ਅਕਾਲੀ ਦਲ ਨੇ 29 ਸਤੰਬਰ ਨੂੰ ਪਾਰਟੀ ਵਿੱਚੋਂ ਕੱਢ ਦਿੱਤਾ ਸੀ। ਉਨ੍ਹਾਂ ਨੇ ਹੋਰ ਮਹਿਲਾਵਾਂ ਵੱਲੋਂ ਵੀ ਅਜਿਹੇ ਮਾਮਲਿਆਂ ਸਬੰਧੀ ਸੰਪਰਕ ਕੀਤੇ ਜਾਣ ਦੇ ਦਾਅਵੇ ਕੀਤੇ ਹਨ।

ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਅਤੇ ਕਾਨੂੰਨੀ ਪ੍ਰਕਿਰਿਆ ਪੂਰੀ ਹੋਣਾ ਜ਼ਰੂਰੀ ਹੈ। ਪਰ ਸਿਆਸੀ ਪੱਖੋਂ ਇਹ ਸਾਰੇ ਵਿਵਾਦ ਬਾਦਲ ਦਲ ਲਈ ਨਵੀਂ ਚੁਣੌਤੀ ਬਣ ਰਹੇ ਹਨ। ਪਾਰਟੀ ਨੂੰ ਹੁਣ ਸਿਰਫ਼ ਚੋਣ ਮੈਦਾਨ ਵਿੱਚ ਨਹੀਂ, ਸਗੋਂ ਆਪਣੀ ਪੰਥਕ ਭਰੋਸੇਯੋਗਤਾ ਮੁੜ ਸਥਾਪਿਤ ਕਰਨ ਲਈ ਵੀ ਯਤਨ ਕਰਨੇ ਪੈਣਗੇ।

ਪੁਨਰ ਸੁਰਜੀਤ ਅਕਾਲੀ ਦਲ ਅਤੇ ਵਾਪਸੀ ਦੀ ਸਿਆਸਤ: ਬਾਦਲ ਦਲ ਤੋਂ ਵੱਖ ਹੋਏ ਆਗੂਆਂ ਵੱਲੋਂ ਪੁਨਰ ਸੁਰਜੀਤ ਅਕਾਲੀ ਸਿਆਸਤ ਨੂੰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਵੀ ਉਮੀਦ ਮੁਤਾਬਕ ਨਤੀਜੇ ਨਹੀਂ ਦੇ ਸਕੀਆਂ। ਪਾਰਟੀ ਦੇ ਕੁਝ ਆਗੂਆਂ ਦੀ ਬਾਦਲ ਦਲ ਵਿੱਚ ਵਾਪਸੀ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਹੈ।

ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਦੀ ਵਾਪਸੀ ਬਾਰੇ ਵੀ ਕਾਫ਼ੀ ਸਮੇਂ ਤੋਂ ਸਿਆਸੀ ਕਿਆਸ ਲਗਾਏ ਜਾ ਰਹੇ ਹਨ। ਇਸੇ ਤਰ੍ਹਾਂ ਹੋਰ ਆਗੂਆਂ ਦੀ ਭਵਿੱਖੀ ਰਣਨੀਤੀ ਬਾਰੇ ਵੀ ਸਪੱਸ਼ਟਤਾ ਦੀ ਘਾਟ ਦਿਖਾਈ ਦਿੰਦੀ ਹੈ।

ਇੱਥੇ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਵੱਖ ਹੋਏ ਅਕਾਲੀ ਆਗੂ ਕੋਈ ਸਾਂਝਾ ਸਿਆਸੀ ਮੰਚ ਤਿਆਰ ਕਰ ਸਕਣਗੇ ਜਾਂ ਚੋਣਾਂ ਤੋਂ ਪਹਿਲਾਂ ਮੁੜ ਪੁਰਾਣੇ ਸੰਗਠਨ ਵੱਲ ਪਰਤਣਗੇ?

ਵਾਰਿਸ ਪੰਜਾਬ ਦੇ ਅਕਾਲੀ ਦਲ ਵਿੱਚ ਸੰਗਠਨਾਤਮਕ ਸੰਕਟ: ਪੰਥਕ ਸਿਆਸਤ ਵਿੱਚ ਨਵੇਂ ਬਦਲ ਵਜੋਂ ਉਭਰਨ ਦੀ ਕੋਸ਼ਿਸ਼ ਕਰ ਰਹੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਵੀ ਅੰਦਰੂਨੀ ਮਤਭੇਦ ਸਾਹਮਣੇ ਆਏ ਹਨ।

ਅਕਤੂਬਰ ਦੇ ਅਖੀਰ ਵਿੱਚ ਪਾਰਟੀ ਦੀ ਪੰਜ ਮੈਂਬਰੀ ਪ੍ਰਿੰਸੀਪਲ ਡਰਾਫਟਿੰਗ ਕਮੇਟੀ ਦੇ ਮੈਂਬਰਾਂ ਨੂੰ ਮੁਅੱਤਲ ਕਰਨ ਦਾ ਫ਼ੈਸਲਾ ਵਿਵਾਦ ਦਾ ਕਾਰਨ ਬਣਿਆ। ਇਹ ਮੈਂਬਰ ਪਾਰਟੀ ਦੇ 23 ਜ਼ਿਲ੍ਹਾ ਯੂਨਿਟਾਂ ਦੇ ਢਾਂਚੇ ਨੂੰ ਭੰਗ ਕਰਨ ਦੇ ਫ਼ੈਸਲੇ ਦਾ ਵਿਰੋਧ ਕਰ ਰਹੇ ਸਨ।

ਕਮੇਟੀ ਨੇ ਇਸ ਕਾਰਵਾਈ ਨੂੰ ਇਕਪਾਸੜ ਅਤੇ ਗੈਰ-ਜਮਹੂਰੀ ਕਰਾਰ ਦਿੱਤਾ, ਜਦਕਿ ਪਾਰਟੀ ਲੀਡਰਸ਼ਿਪ ਨੇ ਮੈਂਬਰਾਂ ਵਿਰੁੱਧ ਅਨੁਸ਼ਾਸਨਹੀਣਤਾ ਦੇ ਦੋਸ਼ ਲਾਏ।

ਇਸ ਘਟਨਾਕ੍ਰਮ ਨੇ ਪਾਰਟੀ ਅੰਦਰ ਫ਼ੈਸਲਾ ਲੈਣ ਦੀ ਪ੍ਰਕਿਰਿਆ, ਅੰਦਰੂਨੀ ਜਮਹੂਰੀਅਤ ਅਤੇ ਜਥੇਬੰਦਕ ਪਾਰਦਰਸ਼ਤਾ ਬਾਰੇ ਸਵਾਲ ਖੜ੍ਹੇ ਕੀਤੇ ਹਨ। ਟਿਕਟਾਂ ਦੀ ਖਰੀਦੋ-ਫਰੋਖ਼ਤ ਸਬੰਧੀ ਲਗਾਏ ਗਏ ਦੋਸ਼ਾਂ ਦੀ ਵੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਪਾਰਟੀ ਨੂੰ ਆਪਣੀ ਸਿਆਸੀ ਪਛਾਣ ਦੇ ਨਾਲ-ਨਾਲ ਸੰਗਠਨਾਤਮਕ ਸਥਿਰਤਾ ਸਾਬਤ ਕਰਨੀ ਪਵੇਗੀ।

2027 ਦੀਆਂ ਚੋਣਾਂ ਤੋਂ ਪਹਿਲਾਂ ਸਭ ਤੋਂ ਮਹੱਤਵਪੂਰਨ ਸਿਆਸੀ ਸੰਭਾਵਨਾ ਬੀਜੇਪੀ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਵਿਚਕਾਰ ਮੁੜ ਗੱਠਜੋੜ ਦੀ ਹੈ।

ਦੋਵਾਂ ਪਾਰਟੀਆਂ ਦਾ ਗੱਠਜੋੜ ਦਹਾਕਿਆਂ ਤੱਕ ਪੰਜਾਬ ਦੀ ਸਿਆਸਤ ਦਾ ਮਹੱਤਵਪੂਰਨ ਹਿੱਸਾ ਰਿਹਾ। 1997 ਤੋਂ 2017 ਤੱਕ ਦੋਵੇਂ ਪਾਰਟੀਆਂ ਨੇ ਇਕੱਠੇ ਚੋਣਾਂ ਲੜੀਆਂ ਅਤੇ ਸਰਕਾਰ ਵੀ ਬਣਾਈ। ਪਰ 2020 ਵਿੱਚ ਕੇਂਦਰ ਦੇ ਖੇਤੀ ਕਾਨੂੰਨਾਂ ਨੂੰ ਲੈ ਕੇ ਕਿਸਾਨ ਅੰਦੋਲਨ ਦੌਰਾਨ ਅਕਾਲੀ ਦਲ ਨੇ ਭਾਜਪਾ ਨਾਲੋਂ ਆਪਣਾ ਨਾਤਾ ਤੋੜ ਲਿਆ ਸੀ।

ਹੁਣ 2027 ਦੀਆਂ ਚੋਣਾਂ ਤੋਂ ਪਹਿਲਾਂ ਮੁੜ ਗੱਠਜੋੜ ਦੀਆਂ ਸੰਭਾਵਨਾਵਾਂ ਉਭਰ ਰਹੀਆਂ ਹਨ। 29 ਅਕਤੂਬਰ ਨੂੰ ਸੁਖਬੀਰ ਸਿੰਘ ਬਾਦਲ ਨੇ ਕਿਹਾ ਸੀ ਕਿ ਜਿਹੜੀ ਪਾਰਟੀ ਉਨ੍ਹਾਂ ਦੀ ਪਾਰਟੀ ਦੀ ਵਿਚਾਰਧਾਰਾ ਅਤੇ ਨੀਤੀਆਂ ਨੂੰ ਸਵੀਕਾਰ ਕਰੇਗੀ, ਉਸ ਨਾਲ ਗੱਠਜੋੜ ਬਾਰੇ ਵਿਚਾਰ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਨਾਲ ਗੱਠਜੋੜ ਦੀ ਸੰਭਾਵਨਾ ਨੂੰ ਰੱਦ ਕੀਤਾ ਸੀ।

ਮੀਡੀਆ ਰਿਪੋਰਟਾਂ ਵਿੱਚ ਭਾਜਪਾ ਅਤੇ ਬਾਦਲ ਦਲ ਵਿਚਕਾਰ ਸੀਟਾਂ ਦੀ ਵੰਡ ਨੂੰ ਲੈ ਕੇ ਗੱਲਬਾਤ ਅੱਗੇ ਵਧਣ ਦੀ ਚਰਚਾ ਵੀ ਹੈ। ਪਰ ਅਜੇ ਤੱਕ ਕਿਸੇ ਰਸਮੀ ਸਮਝੌਤੇ ਦਾ ਐਲਾਨ ਨਹੀਂ ਹੋਇਆ।

ਇਸ ਗੱਠਜੋੜ ਵਿੱਚ ਸਭ ਤੋਂ ਵੱਡਾ ਸਵਾਲ ਸੀਟਾਂ ਦੀ ਵੰਡ ਦਾ ਹੋਵੇਗਾ। ਪੁਰਾਣੇ ਸਮੇਂ ਵਿੱਚ ਅਕਾਲੀ ਦਲ ਵੱਡੇ ਭਾਈਵਾਲ ਦੀ ਭੂਮਿਕਾ ਵਿੱਚ ਸੀ, ਪਰ ਹੁਣ ਭਾਜਪਾ ਆਪਣਾ ਸਿਆਸੀ ਆਧਾਰ ਵਧਾਉਣ ਤੋਂ ਬਾਅਦ ਵਧੇਰੇ ਸੀਟਾਂ ਦੀ ਮੰਗ ਕਰ ਸਕਦੀ ਹੈ।

ਕਾਂਗਰਸ ਲਈ ਮੌਕਾ ਜਾਂ ਚੁਣੌਤੀ?: ਕਾਂਗਰਸ ਵੀ ਪੰਜਾਬ ਵਿੱਚ ਆਪਣੀ ਸਥਿਤੀ ਮਜ਼ਬੂਤ ਕਰਨ ਲਈ ਸਰਗਰਮ ਹੈ। ਪਾਰਟੀ ਦੇ ਅੰਦਰ ਪਿਛਲੇ ਸਮੇਂ ਦੌਰਾਨ ਰਹੇ ਮਤਭੇਦਾਂ ਦੇ ਬਾਵਜੂਦ ਸੂਬਾ ਪ੍ਰਧਾਨ ਅਤੇ ਇੰਚਾਰਜ ਦੀ ਤਬਦੀਲੀ ਤੋਂ ਬਾਅਦ ਸੰਗਠਨ ਨੂੰ ਮੁੜ ਇਕਜੁੱਟ ਕਰਨ ਦੀ ਕੋਸ਼ਿਸ਼ ਹੋ ਰਹੀ ਹੈ।

ਕਾਂਗਰਸ ਲਈ ਸਭ ਤੋਂ ਵੱਡੀ ਚੁਣੌਤੀ ਆਪਣੇ ਆਗੂਆਂ ਨੂੰ ਇੱਕ ਮੰਚ 'ਤੇ ਲਿਆਉਣਾ ਅਤੇ ਸੂਬੇ ਦੇ ਲੋਕਾਂ ਸਾਹਮਣੇ ਇੱਕ ਸਪੱਸ਼ਟ ਚੋਣੀ ਵਿਕਲਪ ਪੇਸ਼ ਕਰਨਾ ਹੈ। ਜੇਕਰ ਪਾਰਟੀ ਅੰਦਰੂਨੀ ਧੜੇਬੰਦੀ 'ਤੇ ਕਾਬੂ ਪਾ ਲੈਂਦੀ ਹੈ ਤਾਂ ਮੌਜੂਦਾ ਸਿਆਸੀ ਹਾਲਾਤ ਉਸ ਲਈ ਮੌਕਾ ਬਣ ਸਕਦੇ ਹਨ।

ਅਸਲ ਮੁਕਾਬਲਾ ਮੁੱਦਿਆਂ 'ਤੇ ਹੋਵੇਗਾ: ਪੰਜਾਬ ਦੀਆਂ ਆਉਣ ਵਾਲੀਆਂ ਚੋਣਾਂ ਦਾ ਫ਼ੈਸਲਾ ਸਿਰਫ਼ ਦਲ-ਬਦਲੀ ਜਾਂ ਗੱਠਜੋੜਾਂ ਨਾਲ ਨਹੀਂ ਹੋਵੇਗਾ। ਸੂਬੇ ਦੇ ਲੋਕਾਂ ਸਾਹਮਣੇ ਕਈ ਬੁਨਿਆਦੀ ਸਵਾਲ ਹਨ—ਨਸ਼ਿਆਂ ਦਾ ਖ਼ਾਤਮਾ, ਨੌਜਵਾਨਾਂ ਲਈ ਰੁਜ਼ਗਾਰ, ਕਿਸਾਨੀ ਸੰਕਟ, ਉਦਯੋਗਾਂ ਦੀ ਸਥਿਤੀ, ਸੂਬੇ ਦਾ ਕਰਜ਼ਾ, ਸਿੱਖਿਆ, ਸਿਹਤ ਸੇਵਾਵਾਂ ਅਤੇ ਕਾਨੂੰਨ-ਵਿਵਸਥਾ।

ਇਸ ਤੋਂ ਇਲਾਵਾ ਪੰਜਾਬ ਦੀ ਆਰਥਿਕਤਾ, ਪਾਣੀਆਂ ਦਾ ਮਸਲਾ, ਸਰਹੱਦੀ ਸੁਰੱਖਿਆ ਅਤੇ ਸੂਬੇ ਦੇ ਅਧਿਕਾਰ ਵੀ ਚੋਣਾਂ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਆਮ ਆਦਮੀ ਪਾਰਟੀ ਨੂੰ ਆਪਣੇ ਪੰਜ ਸਾਲਾਂ ਦੇ ਕੰਮਾਂ ਦਾ ਹਿਸਾਬ ਦੇਣਾ ਪਵੇਗਾ। ਕਾਂਗਰਸ ਨੂੰ ਆਪਣੇ ਪੁਰਾਣੇ ਸ਼ਾਸਨ ਅਤੇ ਮੌਜੂਦਾ ਨੀਤੀਆਂ ਬਾਰੇ ਜਵਾਬ ਦੇਣਾ ਪਵੇਗਾ। ਭਾਜਪਾ ਨੂੰ ਪੰਜਾਬ ਦੇ ਕਿਸਾਨਾਂ, ਉਦਯੋਗਾਂ ਅਤੇ ਖੇਤਰੀ ਮੁੱਦਿਆਂ ਬਾਰੇ ਆਪਣੀ ਨੀਤੀ ਸਪੱਸ਼ਟ ਕਰਨੀ ਪਵੇਗੀ। ਅਕਾਲੀ ਦਲ ਨੂੰ ਆਪਣੀ ਪੰਥਕ ਭਰੋਸੇਯੋਗਤਾ ਅਤੇ ਪਿਛਲੇ ਸ਼ਾਸਨ ਨਾਲ ਜੁੜੇ ਸਵਾਲਾਂ ਦਾ ਸਾਹਮਣਾ ਕਰਨਾ ਪਵੇਗਾ।

ਮੌਜੂਦਾ ਸਿਆਸੀ ਤਸਵੀਰ ਇਹ ਦਰਸਾਉਂਦੀ ਹੈ ਕਿ ਪੰਜਾਬ ਵਿੱਚ 2027 ਦੀਆਂ ਚੋਣਾਂ ਲਈ ਮੁਕਾਬਲਾ ਬਹੁਪੱਖੀ ਹੋ ਸਕਦਾ ਹੈ। ਆਮ ਆਦਮੀ ਪਾਰਟੀ ਕੋਲ ਸੱਤਾ ਦਾ ਲਾਭ ਹੈ, ਕਾਂਗਰਸ ਕੋਲ ਵਿਰੋਧੀ ਧਿਰ ਵਜੋਂ ਆਪਣੀ ਥਾਂ ਮੁੜ ਮਜ਼ਬੂਤ ਕਰਨ ਦਾ ਮੌਕਾ ਹੈ, ਭਾਜਪਾ ਨਵੇਂ ਸਿਆਸੀ ਸਮੀਕਰਨ ਤਿਆਰ ਕਰ ਰਹੀ ਹੈ ਅਤੇ ਅਕਾਲੀ ਦਲ ਆਪਣੇ ਵੱਖ-ਵੱਖ ਧੜਿਆਂ ਨੂੰ ਸੰਭਾਲਣ ਦੀ ਚੁਣੌਤੀ ਨਾਲ ਜੂਝ ਰਿਹਾ ਹੈ।

ਆਉਣ ਵਾਲੇ ਮਹੀਨਿਆਂ ਵਿੱਚ ਦਲ-ਬਦਲੀ, ਉਮੀਦਵਾਰਾਂ ਦੀ ਚੋਣ ਅਤੇ ਗੱਠਜੋੜਾਂ ਬਾਰੇ ਹੋਣ ਵਾਲੇ ਫ਼ੈਸਲੇ ਪੰਜਾਬ ਦੀ ਚੋਣੀ ਤਸਵੀਰ ਨੂੰ ਹੋਰ ਸਪੱਸ਼ਟ ਕਰਨਗੇ।

ਪਰ ਅੰਤਿਮ ਫ਼ੈਸਲਾ ਸਿਆਸੀ ਪਾਰਟੀਆਂ ਦੇ ਦਫ਼ਤਰਾਂ ਵਿੱਚ ਨਹੀਂ, ਸਗੋਂ ਪੰਜਾਬ ਦੇ ਵੋਟਰਾਂ ਦੇ ਹੱਥ ਵਿੱਚ ਹੋਵੇਗਾ। ਸਵਾਲ ਇਹ ਨਹੀਂ ਕਿ ਕਿਹੜਾ ਆਗੂ ਕਿਸ ਪਾਰਟੀ ਵਿੱਚ ਜਾਂਦਾ ਹੈ; ਅਸਲ ਸਵਾਲ ਇਹ ਹੈ ਕਿ ਕਿਹੜੀ ਪਾਰਟੀ ਪੰਜਾਬ ਦੇ ਭਵਿੱਖ ਲਈ ਭਰੋਸੇਯੋਗ ਨੀਤੀ, ਸਾਫ਼ ਨੀਅਤ ਅਤੇ ਜਵਾਬਦੇਹ ਸ਼ਾਸਨ ਪੇਸ਼ ਕਰ ਸਕਦੀ ਹੈ। 2027 ਦੀਆਂ ਚੋਣਾਂ ਵਿੱਚ ਪੰਜਾਬ ਦਾ ਵੋਟਰ ਕਿਸ ਨੂੰ ਮੌਕਾ ਦੇਵੇਗਾ, ਇਹ ਆਉਣ ਵਾਲਾ ਸਮਾਂ ਹੀ ਦੱਸੇਗਾ।

ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀਆਂ ਅਦਾਲਤਾਂ ਅਤੇ ਸਬ-ਡਵੀਜ਼ਨ ਪੱਧਰ ਦੀਆਂ ਅਦਾਲਤਾਂ ਵਿੱਚ 21 ਨੂੰ ਲਗਾਈ ਜਾਵੇਗੀ ਵਿਸ਼ੇਸ਼ ਲੋਕ ਅਦਾਲਤ

ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀਆਂ ਅਦਾਲਤਾਂ ਅਤੇ ਸਬ-ਡਵੀਜ਼ਨ ਪੱਧਰ ਦੀਆਂ ਅਦਾਲਤਾਂ ਵਿੱਚ 'ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ' ਦੀ ਧਾਰਾ 138 ਨਾਲ ਸਬੰਧਤ ਮਾਮਲਿਆਂ ਲਈ 21 ਨਵੰਬਰ ਨੂੰ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਨੇ ਜ਼ਿਲ੍ਹਾ ਤੇ ਸੈਸ਼ਨ ਜੱਜ -ਕਮ -ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਨਿਰਭਓ ਸਿੰਘ ਗਿੱਲ ਨੇ ਦਿੱਤੀ। ਸ੍ਰੀ ਗਿੱਲ ਨੇ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦਾ ਮੁੱਖ ਉਦੇਸ਼ ਲੋਕਾਂ ਨੂੰ ਜਲਦੀ ਨਿਆਂ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਚੈੱਕ ਬਾਊਂਸ ਹੋਣ ਨਾਲ ਸਬੰਧਤ ਕਿਸੇ ਵਿਵਾਦ ਵਿੱਚ ਸ਼ਾਮਲ ਹੈ, ਤਾਂ ਉਹ ਇਸ ਲੋਕ ਅਦਾਲਤ ਵਿੱਚ ਆਪਣਾ ਕੇਸ ਰੱਖ ਸਕਦਾ ਹੈ। ਲੋਕ ਅਦਾਲਤ ਦੁਆਰਾ ਦਿੱਤੇ ਗਏ ਫੈਸਲੇ ਵਿਰੁੱਧ ਅਪੀਲ ਕਰਨ ਜਾਂ ਹੋਰ ਬਹਿਸ ਕਰਨ ਦੀ ਕੋਈ ਵਿਵਸਥਾ ਨਹੀਂ ਹੈ; ਇਸਦਾ ਫੈਸਲਾ ਅੰਤਿਮ ਅਤੇ ਸਾਰਿਆਂ 'ਤੇ ਲਾਗੂ ਹੁੰਦਾ ਹੈ। ਉਨ੍ਹਾਂ ਦੱਸਿਆ ਕਿ 12 ਦਸੰਬਰ 2026 ਨੂੰ ਨੈਸ਼ਨਲ ਲੋਕ ਅਦਾਲਤ' ਵੀ ਲਗਾਈ ਜਾਵੇਗੀ, ਜਿਸ ਵਿੱਚ ਹਰ ਤਰ੍ਹਾਂ ਦੇ ਦੀਵਾਨੀ (ਸਿਵਲ) ਮਾਮਲੇ ਅਤੇ ਉਹ ਕੇਸ ਸ਼ਾਮਲ ਹੋਣਗੇ ਜਿਨ੍ਹਾਂ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕੀਤਾ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ।



ਤੀਜਾ-ਚੌਥਾ ਦਰਜਾ ਟੈਕਨੀਕਲ,ਡਰਾਇਵਰ ਅਤੇ ਆਊਟ ਸੋਰਸ ਕਰਮਚਾਰੀਆਂ ਦੀ ਇੱਕ ਵਿਸ਼ਾਲ ਇਕੱਤਰਤਾ ਨਿਰਮਾਣ ਭਵਨ ਮਿੰਨੀ ਸਕੱਤਰੇਤ ਵਿਖੇ ਹੋਈ



ਪਟਿਆਲਾ, 4 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਪੰਜਾਬ ਲੋਕ ਨਿਰਮਾਣ (ਇਮਾਰਤਾਂ ਤੇ ਸੜਕਾਂ) ਵਿਭਾਗ ਦੇ ਤੀਜਾ—ਚੌਥਾ ਦਰਜਾ ਟੈਕਨੀਕਲ,ਡਰਾਇਵਰ ਅਤੇ ਆਊਟ ਸੋਰਸ ਕਰਮਚਾਰੀਆਂ ਦੀ ਇੱਕ ਵਿਸ਼ਾਲ ਇਕੱਤਰਤਾ ਨਿਰਮਾਣ ਭਵਨ ਮਿੰਨੀ ਸਕੱਤਰੇਤ ਵਿਖੇ ਹੋਈ। ਇਸ ਵਿੱਚ ਪਟਿਆਲਾ ਜਿਲੇ ਦੇ ਜੋ ਆਗੂ ਸ਼ਾਮਲ ਹੋਏ ਉਨ੍ਹਾਂ ਵਿੱਚ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਨਾਰੰਗ ਸਿੰਘ, ਸੁਨੀਲ ਦੱਤ, ਧਰਮਿੰਦਰ ਕੁਮਾਰ, ਲਖਵੀਰ ਸਿੰਘ, ਆਦਿ ਆਗੂ ਸ਼ਾਮਲ ਸਨ। ਇਕੱਤਰਤਾ ਨੇ ਪੰਜਾਬ ਲੋਕ ਨਿਰਮਾਣ (ਭਵਨ ਤੇ ਮਾਰਗ) ਸ਼ਾਖਾ ਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਦੀ ਕੋਆਰਡੀਨੇਸ਼ਨ ਕਮੇਟੀ ਦੀ ਸਥਾਪਨਾ ਕੀਤੀ ਗਈ ਤਾਂ ਜੋ ਆਊਟ ਸੋਰਸ ਸੰਘਰਸ਼ਾਂ ਵਿੱਚ ਭਰਪੂਰ ਸ਼ਮੂਲੀਅਤ ਕੀਤੀ ਜਾਵੇ ਤੇ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਪੰਜਾਬ (1680) ਵਿਚਲੇ ਸੰਗਠਨਾਂ ਨੂੰ ਵੀ ਮਜਬੂਤ ਕੀਤਾ ਜਾ ਸਕੇ। ਇਸ ਮੰਤਵ ਲਈ ਫੈਡਰੇਸ਼ਨ ਪਟਿਆਲਾ ਜਿਲੇ ਦੀ ਵਿਭਾਗੀ ਕਮੇਟੀ ਬਣਾਈ ਗਈ, ਜਿਸ ਵਿੱਚ ਵਿਭਾਗ ਦੇ ਮੁੱਖ ਦਫਤਰ ਸਮੇਤ ਸਰਕਲਾਂ, ਮੰਡਲਾਂ ਤੇ ਉਪ ਮੰਡਲਾਂ ਸਮੇਤ ਰਿਸਰਚ ਲਬਾਰਟਰੀ ਨੂੰ ਸ਼ਾਮਲ ਕੀਤਾ ਗਿਆ। ਫੈਡਰੇਸ਼ਨ ਦੇ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ ਨੇ ਕਮੇਟੀ ਵਿੱਚ ਸ਼ਾਮਲ ਕੁੱਲ 41 ਅਹੁਦੇਦਾਰਾਂ ਦੀ ਸੂਚੀ ਵੀ ਜਾਰੀ ਕੀਤੀ ਗਈ। ਜਿਹਨਾ ਨੂੰ ਆਹੁਦੇ ਦੀਆਂ ਜਿੰਮੇਵਾਰੀਆਂ ਦਿੱਤੀਆਂ ਗਈਆਂ। ਇਸ ਵਿੱਚ ਪ੍ਰਧਾਨ ਪ੍ਰਕਾਸ਼ ਸਿੰਘ ਲੁਬਾਣਾ, ਚੇਅਰਮੈਨ ਸਤਨਾਮ ਸਿੰਘ, ਸੀਨੀਅਰ ਮੀਤ ਪ੍ਰਧਾਨ ਮੋਦ ਨਾਥ ਸ਼ਰਮਾ, ਸ੍ਰੀਮਤੀ ਨਿਸ਼ਾ ਰਾਣੀ, ਸੁਭਾਸ਼, ਨਾਰੰਗ ਸਿੰਘ, ਵਿੱਤ ਸਕੱਤਰ ਹਰਬੰਸ ਵਰਮਾ, ਵਾਇਸ ਪ੍ਰਧਾਨ ਰਿਸ਼ਭ ਭਸੀਨ, ਸੋਮ ਨਾਥ ਡਰਾਇਵਰ, ਡਿਪਟੀ ਚੇਅਰਮੈਨ ਲਖਵੀਰ ਸਿੰਘ ਲੱਕੀ, ਗੁਰਿੰਦਰ ਸਿੰਘ, ਮੀਤ ਪ੍ਰਧਾਨ ਹਰਦੀਪ ਸਿੰਘ, ਹਰਬੰਸ ਸਿੰਘ ਘਨੌਰ, ਜਨਰਲ ਸਕੱਤਰ ਸਤਿਨਰਾਇਣ ਗੋਨੀ, ਮੁੱਖ ਸਲਾਹਕਾਰ ਕੁਲਦੀਪ ਕੌਰ (ਕੋਮਲ ਬਾਵਾ), ਵਾਈਸ ਪ੍ਰਧਾਨ ਸ਼ਮਿੰਦਰ ਸਿੰਘ, ਕਾਰਜਕਾਰੀ ਮੈਂਬਰ ਗੁਰਜੰਟ ਸਿੰਘ, ਰਜਿੰਦਰ ਸਿੰਘ, ਸੁਰਜੀਤ ਕੁਮਾਰ, ਅਨੂੰ ਮਹਿਰਾ, ਪਰਦੀਪ ਕੁਮਾਰ, ਰਮਨਦੀਪ, ਕਵਰ ਸਿੰਘ, ਸੁਮਨਦੀਪ ਸਿੰਘ, ਜਗਰੂਪ ਸਿੰਘ, ਸਰਦੂਲ ਸਿੰਘ, ਬਲਵੀਰ ਸਿੰਘ, ਹਰਨਾਮ ਸਿੰਘ, ਰਾਮ ਚੰਦਰ, ਰਾਜ ਕੁਮਾਰ, ਮੋਨੂੰ ਖਾਨ, ਹਰਿੰਦਰ ਸਿੰਘ, ਸੂਰਜ, ਸੁਨੀਲ ਕੁਮਾਰ, ਸੁਨੀਲ ਕੁਮਾਰ ਅਤੇ ਚੀਫ ਅਡਵਾਇਜਰ ਦਰਸ਼ਨ ਸਿੰਘ ਲੁਬਾਣਾ, ਜਸਪਾਲ ਸਿੰਘ ਮੋਹਰਾ, ਉਂਕਾਰ ਸਿੰਘ ਦਮਨ, ਜਸਵਿੰਦਰ ਸਿੰਘ ਅਤੇ ਕਰਮਜੀਤ ਸਿੰਘ ਟਿੱਕਾ, ਆਦਿ ਚੁਣੇ ਗਏ।

ਮਕਾਨ ਕਿਰਾਏ 'ਤੇ ਦੇਣ ਤੋਂ ਪਹਿਲਾਂ ਕਿਰਾਏਦਾਰ ਦੀ ਪਹਿਚਾਣ ਸਬੰਧੀ ਪੂਰੀ ਜਾਂਚ ਪੜਤਾਲ ਪੁਲਿਸ ਤੋਂ ਕਰਵਾਉਣ ਦੇ ਹੁਕਮ ਜਾਰੀ



ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਕਾਨ ਮਾਲਕ ਜਾਂ ਮਕਾਨ 'ਤੇ ਕਾਬਜ ਵਿਅਕਤੀਆਂ ਨੂੰ ਹੁਕਮ ਜਾਰੀ ਕੀਤੇ ਹਨ ਕਿ ਕਿਸੇ ਵੀ ਵਿਅਕਤੀ ਨੂੰ ਮਕਾਨ ਕਿਰਾਏ 'ਤੇ ਦੇਣ ਤੋਂ ਪਹਿਲਾਂ ਉਸ ਦੀ ਪਹਿਚਾਣ ਸਬੰਧੀ ਪੂਰੀ ਤਰ੍ਹਾਂ ਜਾਂਚ ਪੜਤਾਲ ਪੁਲਿਸ ਵਿਭਾਗ ਤੋਂ ਕਰਵਾਉਣ ਅਤੇ ਇਸ ਸਬੰਧੀ ਸੂਚਨਾਂ ਸਬੰਧਤ ਥਾਣੇ ਵਿੱਚ ਦਰਜ਼ ਕਰਵਾਉਣ ਉਪਰੰਤ ਹੀ ਆਪਣਾ ਮਕਾਨ ਕਿਰਾਏ 'ਤੇ ਦਿੱਤਾ ਜਾਵੇ।

ਮਨਾਹੀਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਮਾਜ ਵਿਰੋਧੀ ਅਨਸਰਾਂ ਵੱਲੋਂ ਮਕਾਨ ਮਾਲਕਾਂ ਤੋਂ ਮਕਾਨ ਕਿਰਾਏ 'ਤੇ ਲੈ ਕੇ ਅਜਿਹੀਆਂ ਕਾਰਵਾਈਆਂ ਕਰਨ ਦਾ ਅੰਦੇਸ਼ਾ ਹੈ ਜਿਨ੍ਹਾਂ ਨਾਲ ਲੋਕਾਂ ਦੀ ਜਾਨ ਮਾਲ ਨੂੰ ਖ਼ਤਰਾ ਹੋ ਸਕਦਾ ਹੈ, ਸਰਕਾਰੀ ਅਤੇ ਪ੍ਰਾਈਵੇਟ ਸੰਪਤੀ ਨੂੰ ਨੁਕਸਾਨ ਪਹੁੰਚ ਸਕਦਾ ਹੈ ਅਤੇ ਅਮਨ ਸ਼ਾਂਤੀ ਭੰਗ ਹੋ ਸਕਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਜਾਰੀ ਕੀਤੇ ਇਹ ਮਨਾਹੀਂ ਦੇ ਇਹ ਹੁਕਮ 29 ਦਸੰਬਰ 2026 ਤੱਕ ਲਾਗੂ ਰਹਿਣਗੇ।



ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਪੁਲੀਸ ਮੁਖੀ ਵੱਲੋਂ ਕਾਊਂਟਿੰਗ ਸੈਂਟਰਾਂ ਅਤੇ ਈ.ਵੀ.ਐੱਮ. ਸਟਰਾਂਗ ਰੂਮਾਂ ਦਾ ਨਿਰੀਖਣ



ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਦੀਆਂ ਹਦਾਇਤਾਂ ਅਨੁਸਾਰ ਆਗਾਮੀ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਡਾ ਸੋਨਾ ਥਿੰਦ ਅਤੇ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਮਾਤਾ ਗੁਜ਼ਰੀ ਕਾਲਜ, ਫ਼ਤਹਿਗੜ੍ਹ ਸਾਹਿਬ ਵਿਖੇ ਸਥਾਪਿਤ ਹੋਣ ਵਾਲੇ ਵੱਖ-ਵੱਖ ਕਾਊਂਟਿੰਗ ਸੈਂਟਰਾਂ ਅਤੇ ਈ.ਵੀ.ਐੱਮ. ਸਟਰਾਂਗ ਰੂਮਾਂ ਦਾ ਸਾਂਝਾ ਨਿਰੀਖਣ ਕੀਤਾ ਗਿਆ।

ਇਸ ਦੌਰਾਨ ਅਧਿਕਾਰੀਆਂ ਵੱਲੋਂ ਕਾਊਂਟਿੰਗ ਸੈਂਟਰਾਂ ਅਤੇ ਈ.ਵੀ.ਐੱਮ. ਸਟਰਾਂਗ ਰੂਮਾਂ ਵਿਖੇ ਸੁਰੱਖਿਆ ਪ੍ਰਬੰਧਾਂ, ਬੁਨਿਆਦੀ ਸਹੂਲਤਾਂ ਅਤੇ ਹੋਰ ਲੋੜੀਂਦੇ ਇੰਤਜ਼ਾਮਾਂ ਦਾ ਜਾਇਜ਼ਾ ਲਿਆ ਗਿਆ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੇ ਸਬੰਧਤ ਅਧਿਕਾਰੀਆਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਪੂਰੀ ਤਰ੍ਹਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਸੁਤੰਤਰ, ਨਿਰਪੱਖ, ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਅਗਾਊਂ ਤਿਆਰੀਆਂ ਬੇਹੱਦ ਜ਼ਰੂਰੀ ਹਨ।

ਇਸ ਸਾਂਝੇ ਨਿਰੀਖਣ ਦੌਰਾਨ ਐਸ ਡੀ ਐਮ ਫ਼ਤਹਿਗੜ੍ਹ ਸਾਹਿਬ ਸ੍ਰੀ ਕਰੁਣ ਗੁਪਤਾ, ਐਸ ਡੀ ਐਮ ਬੱਸੀ ਪਠਾਣਾ ਦੀਪਜੋਤ ਕੌਰ, ਐਸ ਡੀ ਐਮ ਅਮਲੋਹ ਹਰਵੀਰ ਕੌਰ, ਡੀ ਐਸ ਪੀ ਕੁਲਬੀਰ ਸਿੰਘ, ਡੀ ਐਸ ਪੀ ਹਿਤੇਸ਼ ਕੌਸ਼ਿਕ , ਤਹਿਸੀਲਦਾਰ ਚੋਣਾਂ ਨਿਰਮਲਾ ਰਾਣੀ ਅਤੇ ਹੋਰ ਸਬੰਧਤ ਅਧਿਕਾਰੀ ਵੀ ਮੌਜੂਦ ਸਨ।

ਭਾਸ਼ਾ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਜ਼ਿਲ੍ਹਾ ਪੱਧਰੀ ਕਵਿਤਾ ਗਾਇਨ ਅਤੇ ਸਾਹਿਤ ਸਿਰਜਣ ਮੁਕਾਬਲੇ ਕਰਵਾਏ



ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਵਿਦਿਆਰਥੀਆਂ ਦੀਆਂ ਸਿਰਜਣਾਤਮਕ ਅਤੇ ਸੁਹਜਾਤਮਕ ਰੁਚੀਆਂ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਤਹਿਗੜ੍ਹ ਸਾਹਿਬ ਵਲੋਂ ਵਿਦਿਆਰਥੀਆਂ ਦੇ ਪੰਜਾਬੀ ਕਵਿਤਾ ਗਾਇਨ ਅਤੇ ਸਾਹਿਤ ਸਿਰਜਣ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਭਰ ਦੇ ਸਰਕਾਰੀ, ਅਰਧ-ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਦਫ਼ਤਰ ਦੇ ਖੋਜ ਅਫ਼ਸਰ ਸੰਦੀਪ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮੰਤਵ ਵਿਦਿਆਰਥੀਆਂ ਅੰਦਰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਕਲਾਤਮਕ ਅਤੇ ਸਾਹਿਤਕ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬੀ ਕਵਿਤਾ ਗਾਇਨ ਮੁਕਾਬਲੇ ਵਿੱਚ ਸੇਂਟ ਫ਼ਰੀਦ ਪਬਲਿਕ ਸਕੂਲ ਦੀ ਵਿਦਿਆਰਥਣ ਸ਼ਗਨਪ੍ਰੀਤ ਕੌਰ ਨੇ ਪਹਿਲਾ, ਮਾਤਾ ਗੁਜਰੀ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀ ਜਸਪਿੰਦਰ ਸਿੰਘ ਨੇ ਦੂਜਾ ਅਤੇ ਇਸੇ ਸਕੂਲ ਦੀ ਵਿਦਿਆਰਥਣ ਪ੍ਰਭਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਕਹਾਣੀ ਰਚਨਾ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਲਾੜ੍ਹੀ ਕਲਾਂ ਦੀ ਵਿਦਿਆਰਥਣ ਸਵਨੀਤ ਕੌਰ ਨੇ ਪਹਿਲਾ, ਜੀਸਸ ਸੇਵੀਅਰਜ਼ ਸਕੂਲ, ਫ਼ਤਹਿਗੜ੍ਹ ਸਾਹਿਬ ਦੀ ਵਿਦਿਆਰਥਣ ਹਰਲੀਨ ਕੌਰ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਮਾਧੋਪੁਰ ਦੀ ਵਿਦਿਆਰਥਣ ਹਰਸਿਮਰਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਵਿਤਾ ਰਚਨਾ ਮੁਕਾਬਲੇ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਬੱਸੀ ਪਠਾਣਾ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ ਪਹਿਲਾ, ਐੱਸ.ਐੱਨ.ਏ.ਐੱਸ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਮੰਡੀ ਗੋਬਿੰਦਗੜ੍ਹ ਦੀ ਵਿਦਿਆਰਥਣ ਸਿਮਰਨ ਮਿੱਤਲ ਨੇ ਦੂਜਾ ਅਤੇ ਬੀ.ਜੇ.ਐੱਸ.ਐੱਫ.ਐੱਸ. ਸੀਨੀਅਰ ਸੈਕੰਡਰੀ ਸਕੂਲ, ਫ਼ਤਹਿਗੜ੍ਹ ਸਾਹਿਬ ਦੇ ਵਿਦਿਆਰਥੀ ਮੁਹੰਮਦ ਆਬਿਦ ਨੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਲੇਖ ਰਚਨਾ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕੋਟਲਾ ਬਜਵਾੜਾ ਦੀ ਵਿਦਿਆਰਥਣ ਤਮੰਨਾ ਨੇ ਪਹਿਲਾ, ਜੀਸਸ ਸੇਵੀਅਰਜ਼ ਸਕੂਲ ਦੇ ਵਿਦਿਆਰਥੀ ਸਮਰਪ੍ਰੀਤ ਸਿੰਘ ਨੇ ਦੂਜਾ ਅਤੇ ਸੇਂਟ ਫ਼ਰੀਦ ਪਬਲਿਕ ਸਕੂਲ ਦੀ ਵਿਦਿਆਰਥਣ ਹਰਨੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ ਦੇ ਹਰੇਕ ਵਰਗ ਵਿੱਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 1000, 750 ਅਤੇ 500 ਰੁਪਏ ਦੀ ਨਕਦ ਇਨਾਮੀ ਰਾਸ਼ੀ ਦੇ ਨਾਲ-ਨਾਲ ਭਾਸ਼ਾ ਵਿਭਾਗ ਵੱਲੋਂ ਜਾਰੀ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪਰਿਤ ਪਾਲ ਸਿੰਘ, ਡਾ. ਸਿਕੰਦਰ ਸਿੰਘ, ਸ੍ਰੀ ਸੰਤ ਸਿੰਘ ਸੋਹਲ, ਡਾ. ਕੁਲਦੀਪ ਸਿੰਘ ਦੀਪ, ਸ੍ਰੀ ਹਰਪਾਲ ਸਿੰਘ ਬਰੌਂਗਾ, ਸ੍ਰੀ ਜਸਵੀਰ ਸਿੰਘ ਕੰਗਣਵਾਲ, ਸ੍ਰੀ ਅੰਮ੍ਰਿਤਪਾਲ ਸਿੰਘ, ਸ੍ਰੀ ਮਨ ਸਾਹਿਰ ਅਤੇ ਸ੍ਰੀਮਤੀ ਮਨਿੰਦਰ ਕੌਰ ਸਮੇਤ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

ਸਿਹਤ ਵਿਭਾਗ ਵੱਲੋਂ ਪਿੰਡ ਘੁਟਿੰਡ ਵਿਖੇ ਲਗਾਇਆ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਮੈਡੀਕਲ ਕੈਂਪ



ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸਿਹਤ ਵਿਭਾਗ ਵੱਲੋਂ ਹਲਕਾ ਅਮਲੋਹ ਦੇ ਨਸ਼ਾ ਪ੍ਰਭਾਵਿਤ ਹੌਟ ਸਪੌਟ ਪਿੰਡ ਘੁਟਿੰਡ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ, ਚਨਾਰਥਲ ਕਲਾਂ ਸ੍ਰੀ ਸੁਰਿੰਦਰ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਾ ਇੱਕ ਗੰਭੀਰ ਸਮਾਜਿਕ ਬੁਰਾਈ ਹੈ, ਜਿਸ ਨੂੰ ਖ਼ਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਪੁਲਿਸ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਤੋਂ ਇਲਾਵਾ ਪਿੰਡ ਵਾਸੀਆਂ ਨੂੰ ਕੋਟਪਾ ਐਕਟ 2003 ਦੀਆਂ ਗਾਈਡਲਾਈਨਾਂ ਸਬੰਧੀ ਜਾਗਰੂਕ ਕੀਤਾ ਗਿਆ। ਉਨ੍ਹਾਂ ਨੂੰ ਜਨਤਕ ਥਾਵਾਂ 'ਤੇ ਤੰਬਾਕੂਨੋਸ਼ੀ ਨਾ ਕਰਨ, ਤੰਬਾਕੂ ਉਤਪਾਦਾਂ ਦੀ ਵਰਤੋਂ ਤੋਂ ਹੋਣ ਵਾਲੇ ਸਿਹਤ ਨੁਕਸਾਨਾਂ ਅਤੇ ਇਸ ਐਕਟ ਦੀ ਪਾਲਣਾ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾਕਟਰ ਸਵਰਨਜੀਤ ਸੈਰੀ, ਅਵਤਾਰ ਸਿੰਘ ਸੀ.ਐਚ.ਓ., ਸੁਰਿੰਦਰ ਸਿੰਘ ਬੀ.ਈ.ਈ., ਹਰਮਿੰਦਰਪਾਲ, ਹਰਦੀਪ ਸਿੰਘ, ਬੇਅੰਤ ਕੌਰ, ਰਾਜਵਿੰਦਰ ਸਿੰਘ, ਬਲਜੀਤ ਕੌਰ, ਸਰਬਜੀਤ ਕੌਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਸਰਕਾਰੀ ਸਕੂਲਾਂ ਦੇ ਵਿਦਿਆਰਥੀ NEET ਪਾਸ ਕਰਕੇ ਬਣ ਰਹੇ ਹਨ ਡਾਕਟਰ: ਭਗਵੰਤ ਮਾਨ

ਚੰਡੀਗੜ੍ਹ, 4 ਨਵੰਬਰ
-ਜੀ. ਐਸ. ਤੁੰਗ-

ਪੰਜਾਬ ਵਿੱਚ ਸਾਲ 2022 ਤੋਂ ਸ਼ੁਰੂ ਕੀਤੀ ਗਈ 'ਸਿੱਖਿਆ ਕ੍ਰਾਂਤੀ' ਦੇ ਨਤੀਜੇ ਹੁਣ ਸਾਹਮਣੇ ਆਉਣ ਲੱਗੇ ਹਨ। ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਹੋਣਹਾਰ ਵਿਦਿਆਰਥੀ ਨੀਟ (©55“) ਵਰਗੀ ਦੇਸ਼ ਦੀ ਮੁਸ਼ਕਲ ਮੈਡੀਕਲ ਦਾਖਲਾ ਪ੍ਰੀਖਿਆ ਪਾਸ ਕਰਕੇ ਡਾਕਟਰ ਬਣਨ ਦੇ ਆਪਣੇ ਸੁਪਨੇ ਨੂੰ ਸਾਕਾਰ ਕਰ ਰਹੇ ਹਨ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਾਲ 2022 ਤੋਂ ਸਿੱਖਿਆ ਦੇ ਖੇਤਰ ਵਿੱਚ ਸ਼ੁਰੂ ਕੀਤੇ ਗਏ ਸੁਧਾਰਾਂ ਦਾ ਸਕਾਰਾਤਮਕ ਪ੍ਰਭਾਵ ਹੁਣ ਵਿਦਿਆਰਥੀਆਂ ਦੇ ਨਤੀਜਿਆਂ ਵਿੱਚ ਦਿਖਾਈ ਦੇ ਰਿਹਾ ਹੈ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਨੀਟ ਪ੍ਰੀਖਿਆ ਪਾਸ ਕਰਨਾ ਇਸ ਗੱਲ ਦਾ ਪ੍ਰਮਾਣ ਹੈ ਕਿ ਉਨ੍ਹਾਂ ਵਿੱਚ ਵੀ ਵੱਡੀਆਂ ਪ੍ਰਾਪਤੀਆਂ ਕਰਨ ਦੀ ਸਮਰੱਥਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਭਵਿੱਖ ਨੂੰ ਰੌਸ਼ਨ ਕਰਨਾ ਅਤੇ ਸੂਬੇ ਦੇ ਬੱਚਿਆਂ ਨੂੰ ਉੱਚ ਪੱਧਰੀ ਸਿੱਖਿਆ ਮੁਹੱਈਆ ਕਰਵਾਉਣਾ ਸਰਕਾਰ ਦੀ ਸਭ ਤੋਂ ਵੱਡੀ ਵਚਨਬੱਧਤਾ ਹੈ। ਉਨ੍ਹਾਂ ਅਨੁਸਾਰ ਹਰ ਬੱਚੇ ਨੂੰ ਬਿਹਤਰ ਸਿੱਖਿਆ ਦੇ ਮੌਕੇ ਮਿਲਣੇ ਚਾਹੀਦੇ ਹਨ, ਤਾਂ ਜੋ ਉਹ ਆਪਣੀ ਮਿਹਨਤ ਅਤੇ ਕਾਬਲੀਅਤ ਦੇ ਦਮ 'ਤੇ ਜੀਵਨ ਵਿੱਚ ਉੱਚੀਆਂ ਮੰਜ਼ਿਲਾਂ ਹਾਸਲ ਕਰ ਸਕੇ। ਸਰਕਾਰ ਦਾ ਮੰਨਣਾ ਹੈ ਕਿ ਸਿੱਖਿਆ ਦੇ ਖੇਤਰ ਵਿੱਚ ਸੁਧਾਰ ਕਰਕੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੀ ਡਾਕਟਰ, ਇੰਜੀਨੀਅਰ ਅਤੇ ਹੋਰ ਉੱਚ ਅਹੁਦਿਆਂ ਤੱਕ ਪਹੁੰਚਣ ਦੇ ਬਰਾਬਰ ਮੌਕੇ ਮੁਹੱਈਆ ਕਰਵਾਏ ਜਾ ਸਕਦੇ ਹਨ। ਪੰਜਾਬ ਦੇ ਨੌਜਵਾਨਾਂ ਨੂੰ ਮਿਆਰੀ ਸਿੱਖਿਆ ਦੇ ਕੇ ਉਨ੍ਹਾਂ ਦਾ ਭਵਿੱਖ ਸੰਵਾਰਨਾ ਇਸ ਮੁਹਿੰਮ ਦਾ ਮੁੱਖ ਉਦੇਸ਼ ਹੈ।

ਕੇਂਦਰੀ ਮੰਤਰੀ ਰਾਮਦਾਸ ਅਠਾਵਲੇ ਨੇ ਚੰਡੀਗੜ੍ਹ ਵਿੱਚ ਪ੍ਰੈੱਸ ਕਾਨਫਰੰਸ ਦੇ ਦੌਰਾਨ ਸਮਾਜਿਕ ਨਿਆਂ ਨਾਲ ਜੁੜੀਆਂ ਪ੍ਰਮੁੱਖ ਪਹਿਲਾਂ 'ਤੇ ਪ੍ਰਕਾਸ਼ ਪਾਇਆ



ਚੰਡੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਮਾਜਿਕ ਨਿਆਂ ਅਤੇ ਸਸ਼ਕਤੀਕਰਣ ਰਾਜ ਮੰਤਰੀ, ਸ਼੍ਰੀ ਰਾਮਦਾਸ ਅਠਾਵਲੇ ਨੇ ਮੰਗਲਵਾਰ ਨੂੰ ਚੰਡੀਗੜ੍ਹ ਸਥਿਤ ਯੂਟੀ ਗੈਸਟ ਹਾਊਸ ਵਿੱਚ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ। ਇਸ ਦੌਰਾਨ ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਣ ਮੰਤਰਾਲੇ ਦੁਆਰਾ ਸਮਾਜ ਦੇ ਵੰਚਿਤ ਅਤੇ ਕਮਜ਼ੋਰ ਵਰਗਾਂ ਦੇ ਉਥਾਨ, ਕਲਿਆਣ ਅਤੇ ਸਸ਼ਕਤੀਕਰਣ ਲਈ ਚਲਾਈਆਂ ਜਾ ਰਹੀਆਂ ਵਿਭਿੰਨ ਯੋਜਨਾਵਾਂ ਅਤੇ ਪਹਿਲਾਂ ਦੀ ਜਾਣਕਾਰੀ ਦਿੱਤੀ।

ਮੀਡੀਆ ਨਾਲ ਗੱਲਬਾਤ ਦੇ ਦੌਰਾਨ ਸ਼੍ਰੀ ਅਠਾਵਲੇ ਨੇ ਮੰਤਰਾਲੇ ਦੇ ਪ੍ਰਮੁੱਖ ਪ੍ਰੋਗਰਾਮਾਂ ਅਤੇ ਪਹਿਲਾਂ ਦਾ ਉਲੇਖ ਕਰਦੇ ਹੋਏ ਕਿਹਾ ਕਿ ਇਨ੍ਹਾਂ ਦਾ ਉਦੇਸ਼ ਸਮਾਜਿਕ ਸਮਾਨਤਾ ਨੂੰ ਹੁਲਾਰਾ ਦੇਣਾ, ਸਮਾਵੇਸ਼ੀ ਵਿਕਾਸ ਸੁਨਿਸ਼ਚਿਤ ਕਰਨਾ ਅਤੇ ਹਾਸ਼ੀਏ 'ਤੇ ਰਹਿ ਰਹੇ ਭਾਈਚਾਰਿਆਂ ਦੀ ਸਮਾਜਿਕ-ਆਰਥਿਕ ਸਥਿਤੀ ਵਿੱਚ ਸੁਧਾਰ ਕਰਨਾ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਸਿੱਖਿਆ, ਕੌਸ਼ਲ ਵਿਕਾਸ, ਰੋਜ਼ਗਾਰ ਸਿਰਜਣਾ ਅਤੇ ਜਨਕਲਿਆਣਕਾਰੀ ਯੋਜਨਾਵਾਂ ਦੇ ਜ਼ਰੀਏ ਸਮਾਜ ਦੇ ਕਮਜ਼ੋਰ ਵਰਗਾਂ ਲਈ ਨਵੇਂ ਅਵਸਰ ਕਰਵਾਉਣ ਲਈ ਪ੍ਰਤੀਬੱਧ ਹੈ। ਕੇਂਦਰੀ ਰਾਜ ਮੰਤਰੀ ਨੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਐੱਨਡੀਏ ਸਰਕਾਰ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਰਕਾਰ ਨੇ ਦੇਸ਼ ਦੀ ਅਰਥਵਿਵਸਥਾ ਨੂੰ ਮਜ਼ਬੂਤ ?ਕਰਨ ਅਤੇ ਆਤਮਨਿਰਭਰਤਾ ਨੂੰ ਹੁਲਾਰਾ ਦੇਣ ਲਈ ਅਨੇਕ ਮਹੱਤਵਪੂਰਨ ਪਹਿਲਾਂ ਕੀਤੀਆਂ ਹਨ। ਮੇਕ ਇਨ ਇੰਡੀਆ ਅਤੇ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਜਿਹੀਆਂ ਪ੍ਰਮੁੱਖ ਯੋਜਨਾਵਾਂ ਦਾ ਉਲੇਖ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਕਿਵੇਂ ਇਨ੍ਹਾਂ ਪਹਿਲਾਂ ਨੇ ਉੱਦਮਤਾ ਨੂੰ ਪ੍ਰੋਤਸਾਹਿਤ ਕਰਨ, ਛੋਟੇ ਕਾਰੋਬਾਰਾਂ ਨੂੰ ਸਹਿਯੋਗ ਦੇਣ ਅਤੇ ਰੋਜ਼ਗਾਰ ਦੇ ਅਵਸਰ ਸਿਰਜਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਭਾਰਤ ਦੀ ਆਰਥਿਕ ਪ੍ਰਗਤੀ 'ਤੇ ਪ੍ਰਕਾਸ਼ ਪਾਉਂਦੇ ਹੋਏ ਸ਼੍ਰੀ ਅਠਾਵਲੇ ਨੇ ਕਿਹਾ ਕਿ ਭਾਰਤ ਵਰਤਮਾਨ ਵਿੱਚ ਵਿਸ਼ਵ ਦੀ ਚੌਥੀ ਸਭ ਤੋਂ ਬੜੀ ਅਰਥਵਿਵਸਥਾ ਹੈ ਅਤੇ ਦੇਸ਼ ਜਲਦੀ ਹੀ ਤੀਸਰੀ ਸਭ ਤੋਂ ਬੜੀ ਅਰਥਵਿਵਸਥਾ ਬਣਨ ਦੀ ਦਿਸ਼ਾ ਵਿੱਚ ਅੱਗੇ ਵਧ ਸਕਦਾ ਹੈ। ਉਨ੍ਹਾਂ ਨੇ ਦੇਸ਼ ਦੀ ਆਰਥਿਕ ਵਿਕਾਸ ਦਰ ਅਤੇ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੁਆਰਾ ਕੀਤੇ ਜਾ ਰਹੇ ਪ੍ਰਯਾਸਾਂ 'ਤੇ ਵਿਸ਼ਵਾਸ ਵਿਅਕਤ ਕੀਤਾ।

ਉਨ੍ਹਾਂ ਨੇ ਕਿਹਾ ਕਿ ਆਰਥਿਕ ਵਿਕਾਸ ਦਦੇ ਨਾਲ-ਨਾਲ ਸਮਾਜਿਕ ਸਸ਼ਕਤੀਕਰਣ ਵੀ ਜ਼ਰੂਰੀ ਹੈ, ਤਾਕਿ ਵਿਕਾਸ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਸਕੇ। ਉਨ੍ਹਾਂ ਨੇ ਦੁਹਰਾਇਆ ਕਿ ਸਮਾਵੇਸ਼ੀ ਵਿਕਾਸ, ਸਮਾਨ ਅਵਸਰ ਅਤੇ ਜਨਕਲਿਆਣਕਾਰੀ ਨੀਤੀਆਂ ਇੱਕ ਮਜ਼ਬੂਤ ਅਤੇ ਸਮਤਾਮੂਲਕ ਰਾਸ਼ਟਰ ਦੇ ਨਿਰਮਾਣ ਲਈ ਅਤਿਅੰਤ ਮਹੱਤਵਪੂਰਨ ਹਨ।

ਇਸ ਪ੍ਰੈੱਸ ਕਾਨਫਰੰਸ ਦੇ ਜ਼ਰੀਏ ਕੇਂਦਰੀ ਸਮਾਜਿਕ ਨਿਆਂ ਤੇ ਸਸ਼ਕਤੀਕਰਣ ਮੰਤਰਾਲੇ ਦੁਆਰਾ ਸੰਚਾਲਿਤ ਵਿਭਿੰਨ ਕਲਿਆਣਕਾਰੀ ਅਤੇ ਸਮਾਜਿਕ ਨਿਆਂ, ਜਨਕਲਿਆਣ, ਸਸ਼ਕਤੀਕਰਣ ਅਤੇ ਸਮਾਵੇਸ਼ੀ ਆਰਥਿਕ ਵਿਕਾਸ ਪ੍ਰਤੀ ਕੇਂਦਰ ਸਰਕਾਰ ਦੀ ਪ੍ਰਤੀਬੱਧਤਾ ਨੂੰ ਰੇਖਾਂਕਿਤ ਕੀਤਾ ਗਿਆ। ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਨਿੱਜੀ ਕਬਜੇ/ਮਾਲਕੀ ਵਾਲੇ ਖਾਲੀ ਪਏ ਪਲਾਟਾਂ ਵਿਚ ਸਾਫ-ਸਫਾਈ ਕਰਵਾਈ ਜਾਵੇ ਲਾਜਮੀ

70ਵੀਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਫੈਨਸਿੰਗ ਮੁਕਾਬਲੇ 'ਚ ਆਰਵ ਕੁਮਾਰ ਨੇ ਜਿੱਤਿਆ ਸੋਨੇ ਦਾ ਤਮਗਾ



ਪਟਿਆਲਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡੀ ਏ ਵੀ ਪਬਲਿਕ ਸਕੂਲ ਦੇ ਹੋਣਹਾਰ ਵਿਦਿਆਰਥੀ ਆਰਵ ਕੁਮਾਰ ਨੇ ਤਲਵਾਰਬਾਜ਼ੀ ਦੀ ਖੇਡ ਵਿੱਚ ਆਪਣੇ ਸ਼ਾਨਦਾਰ ਖੇਡ ਪ੍ਰਦਰਸ਼ਨ ਨਾਲ ਨਾ ਸਿਰਫ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ, ਬਲਕਿ ਆਪਣੇ ਕੋਚ ਅਤੇ ਅਧਿਆਪਕਾਂ ਦਾ ਵੀ ਮਾਣ ਵਧਾਇਆ ਹੈ। ਹਾਲ ਹੀ ਵਿੱਚ ਸੰਗਰੂਰ ਵਿਖੇ ਪ੍ਰੇਮ ਸਭਾ ਸੀਨੀਅਰ ਸੈਕੰਡਰੀ ਸਕੂਲ, ਵਿੱਚ ਹੋਈਆਂ 70ਵੀਂਆ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ 2026-27 ਦੇ ਫੈਨਸਿੰਗ, ਦੇ ਸੇਬਰ ਈਵੇਂਟ ਦੇ ਉਮਰ ਵਰਗ ਅੰਡਰ-14 ਦੇ ਵਿਅਕਤੀਗਤ ਮੁਕਾਬਲਿਆਂ ਵਿੱਚ ਆਰਵ ਕੁਮਾਰ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਸੋਨੇ ਦਾ ਤਮਗਾ ਜਿਤਿਆ ਅਤੇ ਆਪਣੀ ਟੀਮ ਦੀ ਨੁਮਾਇੰਦਗੀ ਕਰਦੇ ਹੋਏ ਸੈਬਰ ਦੇ ਟੀਮ ਮੁਕਾਬਲਿਆ ਵਿੱਚ ਸਿਲਵਰ ਮੈਡਲ ਵੀ ਜਿੱਤਿਆ ਇਸ ਦੇ ਨਾਲ ਹੀ ਆਰਵ ਕੁਮਾਰ ਨੇ ਫੈਨਸਿੰਗ ਦੇ ਇੱਪੀ ਈਵੇਂਟ ਦੇ ਟੀਮ ਮੁਕਾਬਲਿਆ ਵਿੱਚ ਵੀ ਸਿਲਵਰ ਮੈਡਲ ਜਿਤਣ ਵਿੱਚ ਬੜੀ ਅਹਿਮ ਭੂਮਿਕਾ ਨਿਭਾਈ। ਆਰਵ ਕੁਮਾਰ ਲੁਧਿਆਨਾ ਵਿਖੇ ਦਸੰਬਰ ਮਹੀਨੇ ਹੋਣ ਵਾਲੀ 70ਵੀਂ ਨੈਸ਼ਨਲ ਸਕੂਲ ਖੇਡਾਂ 2026-27 ਵਿੱਚ ਪੰਜਾਬ ਦੀ ਨੁਮਾਇੰਦਗੀ ਕਰੇਗਾ।

ਇਹ ਖੇਡ ਮੁਕਾਬਲੇ ਵਿਦਿਆਰਥੀਆਂ ਵਿੱਚ ਖੇਡ ਪ੍ਰਤੀ ਉਤਸ਼ਾਹ ਤੇ ਸਮਰਪਣ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਕਰਵਾਏ ਗਏ ਸਨ।

ਆਰਵ ਕੁਮਾਰ ਨੇ ਫੈਨਸਿੰਗ ਦੇ ਹਰੇਕ ਮੁਕਾਬਲੇ ਵਿੱਚ ਆਪਣੀ ਚੁਸਤਤਾ, ਧੀਰਜ ਅਤੇ ਆਤਮ-ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਆਰਵ ਕੁਮਾਰ ਨੇ ਇਸ ਮੌਕੇ 'ਤੇ ਕਿਹਾ ਕਿ ਉਹ ਆਪਣੇ ਅਧਿਆਪਕਾਂ ਅਤੇ ਫੈਨਸਿੰਗ ਕੋਚਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ, ਜਿਨ੍ਹਾਂ ਨੇ ਹਮੇਸ਼ਾ ਉਸਨੂੰ ਪ੍ਰੇਰਿਤ ਕੀਤਾ ਅਤੇ ਹਰ ਕਦਮ 'ਤੇ ਉਸਦਾ ਹੌਸਲਾ ਵਧਾਇਆ।

ਉਸਨੇ ਕਿਹਾ ਕਿ ਇਹ ਮੈਡਲ ਉਸ ਲਈ ਸਿਰਫ਼ ਇੱਕ ਸਨਮਾਨ ਨਹੀਂ, ਸਗੋਂ ਅੱਗੇ ਹੋਰ ਮਿਹਨਤ ਕਰਨ ਦੀ ਪ੍ਰੇਰਣਾ ਹੈ। ਆਰਵ ਦਾ ਉਦੇਸ਼ ਹੈ ਕਿ ਉਹ ਆਉਣ ਵਾਲੀ ਸਕੂਲ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਆਪਣੇ ਰਾਜ ਅਤੇ ਸਕੂਲ ਦਾ ਨਾਮ ਰੌਸ਼ਨ ਕਰੇ।

ਡੀ ਏ ਵੀ ਸਕੂਲ ਦੇ ਪ੍ਰਿੰਸਿਪਲ ਵਿਵੇਕ ਤਿਵਾਰੀ ਨੇ ਆਰਵ ਕੁਮਾਰ ਨੂੰ ਉਸਦੀ ਕਾਮਯਾਬੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਉਸਦਾ ਇਹ ਪ੍ਰਦਰਸ਼ਨ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਪਿੰਡ ਅਰਨੇਟੂ ਦੇ 334 ਪਰਿਵਾਰਾਂ ਨੂੰ ਦਿੱਤੇ ਮਾਲਕੀ ਦੇ ਸਰਟੀਫਿਕੇਟ



ਪਾਤੜਾਂ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਸੁਤਰਾਣਾ ਦੇ ਅਰਨੇਟੂ ਵਿਖੇ 334 ਪਰਿਵਾਰਾਂ ਨੂੰ ਘਰਾਂ ਦੀ ਲਾਲ ਲਕੀਰ ਵਾਲੀ ਜਗਾ ਦੇ ਮਾਲਕੀ ਦੇ ਸਰਟੀਫਿਕੇਟ ਵੰਡਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੈਂ ਆਪਣੇ ਹਲਕੇ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਦਿੱਤੇ ਹਨ ਜਿਸ ਨਾਲ ਸਮੁੱਚੇ ਇਲਾਕੇ ਦੇ ਲੋਕਾਂ ਵੱਲੋਂ 2027 ਦੀਆਂ ਚੋਣਾਂ ਲਈ ਦੂਜੀ ਵਾਰ ਭਰਵਾਂ ਹੁੰਗਾਰਾ ਮਿਲ ਰਿਹਾ ਹੈ । ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਕਿ ਉਹਨਾਂ ਵੱਲੋਂ ਆਪਣੇ ਹਲਕੇ ਦੇ ਲੋਕਾਂ ਦੀ ਅਵਾਜ ਬਣ ਕੇ ਇਲਾਕੇ ਦੀਆਂ ਮੁੱਖ ਸਮੱਸਿਆਵਾਂ ਨੂੰ ਵਿਧਾਨ ਸਭਾ ਵਿੱਚ ਉਠਾਇਆ ਗਿਆ ਹੈ ਜਿਸ ਦੌਰਾਨ ਪੀਣ ਵਾਲੇ ਨਹਿਰੀ ਪਾਣੀ ਦਾ ਪ੍ਰਬੰਧ ਕਰਨਾ , ਖੇਡਣ ਲਈ ਨਵੇਂ ਗਰਾਊਂਡ ਬਣਵਾਉਣਾ , ਸੜਕਾਂ ਦਾ ਨਵੀਂਕਰਨ ਆਦਿ ਮੁੱਖ ਮੁੱਦਿਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾ ਰਿਹਾ ਹੈ । ਇਸ ਮੌਕੇ ਪਿੰਡ ਪਿੰਡ ਅਰਨੇਟੂ ਦੇ ਵਾਸੀਆਂ ਵੱਲੋਂ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੂੰ ਆਗਾਮੀ ਵਿਧਾਨ ਸਭਾ 2027 ਦੀਆਂ ਚੋਣਾਂ ਲਈ ਪਿੱਠ ਥਾਪੜਦਿਆਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨ ਦਾ ਭਰਵਾਂ ਹੁੰਗਾਰਾ ਦਿੱਤਾ ।

ਇਸ ਮੌਕੇ ਸਰਪੰਚ ਕਸਮੀਰ ਸਿੰਘ ਅਰਨੇਟੂ ,ਸਰਪੰਚ ਮਾਲਕ ਸਿੰਘ ਬਕਰਾਹਾ ,ਸਰਪੰਚ ਜਗਦੀਪ ਸਿੰਘ ,ਸਰਪੰਚ ਕਾਰਜ ਸਿੰਘ , ਮਾਸਟਰ ਜਸਵੰਤ ਸਿੰਘ ,ਮੈਂਬਰ ਕਰੋੜ ਰਾਮ , ਮੈਂਬਰ ਅਮਰੀਕ ਸਿੰਘ , ਸਰਪੰਚ ਠੰਢੂ ਰਾਮ , ਰਣਜੀਤ ਸਿੰਘ ਪ੍ਰਧਾਨ ਟਰੱਕ ਯੂਨੀਅਨ ਤੋਂ ਇਲਾਵਾ ਤਹਿਸੀਲਦਾਰ ਕਰਮਜੀਤ ਸਿੰਘ ਵੀ ਹਾਜ਼ਰ ਸਨ ।

ਦੀਵਾਲੀ ਮੌਕੇ ਪਟਾਕੇ ਤੇ ਆਤਿਸ਼ਬਾਜ਼ੀਆਂ ਨਾ ਚਲਾਉਣ ਲਈ ਕੀਤੀ ਵਿਚਾਰ ਚਰਚਾ



ਦੇਵੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਵਾਤਾਵਰਣ ਅਤੇ ਮਨੁੱਖਤਾ ਦੇ ਭਲੇ ਦੀਆਂ ਸੇਵਾਵਾਂ ਦੇਣ ਵਿਚ ਮੋਹਰੀ ਗਰੁੱਪ ਮਿਸ਼ਨ ਲਾਲੀ ਤੇ ਹਰਿਆਲੀ ਵੱਲੋਂ ਮਾਸਟਰ ਮੋਟੀਵੇਟਰ ਅਤੇ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਦੀ ਅਗਵਾਈ ਹੇਠ ਮਿੰਨੀ ਸਕੱਤਰੇਤ ਦੇ ਸਾਹਮਣੇ ਦੀਵਾਲੀ ਮੌਕੇ ਪਟਾਕੇ ਤੇ ਆਤਿਸ਼ਬਾਜ਼ੀਆਂ ਨਾ ਚਲਾਉਣ ਲਈ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਐਡਵੋਕੇਟ ਸੁਖਮਿੰਦਰ ਸਿੰਘ ਬੋਬੀ, ਐਡਵੋਕੇਟ ਭਾਗ ਸਿੰਘ ਪਟਿਆਲਾ, ਵਿਜੇ ਕੁਮਾਰ ਸ਼ਰਮਾ ਥੇੜੀ, ਕੁਲਦੀਪ ਸਿੰਘ ਜੋਸਨ, ਹਰਿੰਦਰ ਕੁਮਾਰ, ਰਾਜੂ, ਕੁਲਵੰਤ ਸਿੰਘ ਬੋਬੀ, ਗੁਰਪ੍ਰੀਤ ਸਿੰਘ ਲਲੀਨਾ, ਕਰਮ ਸਿੰਘ, ਮੁਕੇਸ਼ ਕੁਮਾਰ, ਰੋਹਿਤ ਕੁਮਾਰ ਸਨੌਰ ਤੇ ਇਰਫਾਨ ਖਾਨ ਮੌਜੂਦ ਸਨ। ਐਡਵੋਕੇਟ ਸੁਖਮਿੰਦਰ ਸਿੰਘ ਬੋਬੀ ਨੇ ਕਿਹਾ ਕਿ ਵਾਤਾਵਰਣ ਅਤੇ ਮਨੁੱਖਤਾ ਦੇ ਭਲੇ ਲਈ ਖੁਸ਼ੀਆਂ ਭਰੇ ਤਿਓਹਾਰ ਦੀਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਪਟਾਕੇ ਅਤੇ ਆਤਿਸ਼ਬਾਜ਼ੀਆਂ ਚਲਾਉਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ-ਸੁਥਰਾ ਵਾਤਾਵਰਣ ਮੁਹੱਈਆ ਹੋ ਸਕੇ ਤੇ ਨਿਰੋਗ ਜ਼ਿੰਦਗੀ ਜੀਅ ਸਕਣ।

ਐਡਵੋਕੇਟ ਭਾਗ ਸਿੰਘ ਪਟਿਆਲਾ ਨੇ ਕਿਹਾ ਕਿ ਆਬਾਦੀ ਅਤੇ ਵਾਹਨਾਂ ਦੀ ਗਿਣਤੀ ਵਧਣ ਕਾਰਨ ਪ੍ਰਦੂਸ਼ਣ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ, ਸਾਨੂੰ ਸਾਰਿਆਂ ਨੂੰ ਸਾਰੇ ਤਿਓਹਾਰ ਪਟਾਕੇ ਅਤੇ ਆਤਿਸ਼ਬਾਜ਼ੀਆਂ ਤੋਂ ਬਿਨ੍ਹਾਂ ਮਨਾਉਣੇ ਚਾਹੀਦੇ ਹਨ। ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਦੀਵਾਲੀ ਦਾ ਤਿਓਹਾਰ ਜ਼ਰੂਰ ਮਨਾਓ, ਪਟਾਕੇ ਤੇ ਆਤਿਸ਼ਬਾਜ਼ੀਆਂ ਨਾ ਚਲਾਓ, ਵਾਤਾਵਰਣ, ਮਨੁੱਖਤਾ ਤੇ ਪੈਸਾ ਬਚਾਓ। ਕਿਉਂਕਿ ਪਟਾਕਿਆਂ ਨੂੰ ਅੱਗ ਲਾਉਣਾ ਸ਼ਰੇਆਮ ਨੋਟਾਂ ਨੂੰ ਅੱਗ ਲਾਉਣ ਦੇ ਬਰਾਬਰ ਹੈ, ਜਿਸ ਕਾਰਨ ਹਰ ਸਾਲ ਅਰਬਾਂ ਰੁਪਏ ਦਾ ਮਾਲੀ ਅਤੇ ਨਾ ਪੂਰਾ ਹੋ ਸਕਣ ਵਾਲਾ ਜਿਸਮਾਨੀ ਨੁਕਸਾਨ ਹੁੰਦਾ ਹੈ। ਖੁਸ਼ੀਆਂ ਭਰੇ ਤਿਓਹਾਰ ਪਰਿਵਾਰ ਸੰਗ ਮਨਾਓ, ਨਸ਼ਿਆਂ ਤੋਂ ਦੂਰ ਰਹੋ ਤਾਂ ਜੋ ਪੰਜਾਬ ਨੂੰ ਮੁੜ ਤੋਂ ਖੁਸ਼ਹਾਲ ਪੰਜਾਬ ਬਣਾਇਆ ਜਾ ਸਕੇ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING
...ote Books
Opp. ... Road, Patiala



ਬਿਕਰਮ ਸਿੰਘ ਮਜੀਠੀਆ ਦੇ ਦੋਸ਼ ਬੇਬੁਨਿਆਦ ਅਤੇ ਮਨਘੜਤ: ਅਮਨ ਅਰੋੜਾ

➢ ਮੈਂ ਭੋਲਾ ਹੋ ਸਕਦਾ ਹਾਂ, ਪਰ ਕਮਜ਼ੋਰ ਨਹੀਂ; ਆਪਣੇ ਅਕਸ ਨੂੰ ਢਾਹ ਲਾਉਣ ਦੀਆਂ ਕੋਸ਼ਿਸ਼ਾਂ ਦਾ ਡਟ ਕੇ ਜਵਾਬ ਦੇਵਾਂਗਾ ➢ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਹੋਈ ਗੱਲਬਾਤ ਬਾਰੇ ਮਜੀਠੀਆ ਦੇ ਦਾਅਵੇ ਨੂੰ ਨਕਾਰਿਆ; ਸ੍ਰੀ ਦਰਬਾਰ ਸਾਹਿਬ ਵਿਖੇ ਸਹੁੰ ਚੁੱਕਣ ਦੀ ਚੁਣੌਤੀ ਦੁਹਰਾਈ ➢ ਅਖੌਤੀ 'ਖੁਲਾਸਿਆਂ' ਦੀਆਂ ਧਮਕੀਆਂ ਤੋਂ ਡਰਨ ਵਾਲਾ ਨਹੀਂ, ਜੋ ਵੀ ਸਾਹਮਣੇ ਲਿਆਉਣਾ ਹੈ ਲਿਆਉਣ: ਅਰੋੜਾ



ਸੁਨਾਮ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਲਾਏ ਜਾ ਰਹੇ ਦੋਸ਼ਾਂ ਨੂੰ ਬੇਬੁਨਿਆਦ ਅਤੇ ਮਨਘੜਤ ਕਰਾਰ ਦਿੰਦਿਆਂ ਕਿਹਾ ਕਿ ਉਹ ਸਿਧਾਂਤਕ ਅਤੇ ਸਾਫ਼-ਸੁਥਰੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ ਅਤੇ ਆਪਣੇ ਅਕਸ ਨੂੰ ਢਾਹ ਲਾਉਣ ਦੀ ਕਿਸੇ ਵੀ ਕੋਸ਼ਿਸ਼ ਦਾ ਡਟ ਕੇ ਜਵਾਬ ਦੇਣਗੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੇ ਸਹਿਜ ਸੁਭਾਅ ਨੂੰ ਕਮਜ਼ੋਰੀ ਸਮਝਣ ਦੀ ਭੁੱਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ, ਮੈਂ ਭੋਲਾ ਹੋ ਸਕਦਾ ਹਾਂ, ਪਰ ਕਮਜ਼ੋਰ ਬਿਲਕੁਲ ਨਹੀਂ ਹਾਂ। ਮੈਂ ਕਦੇ ਕਿਸੇ ਨਾਲ ਬਿਨਾਂ ਵਜ੍ਹਾ ਪਹਿਲ ਨਹੀਂ ਕਰਦਾ, ਪਰ ਜੇ ਕੋਈ ਨਾਜਾਇਜ਼ ਤੌਰ 'ਤੇ ਮੇਰੇ ਖ਼ਿਲਾਫ਼ ਝੂਠਾ ਪ੍ਰਚਾਰ ਕਰੇ ਤਾਂ ਮੈਂ ਪਿੱਛੇ ਵੀ ਨਹੀਂ ਹਟਦਾ। ਉਨ੍ਹਾਂ 'ਨੰਗੀਆਂ ਤਾਰਾਂ ਨੂੰ ਹੱਥ ਨਾ ਪਾਉਣ' ਦੀ ਟਿੱਪਣੀ ਕਰਦਿਆਂ ਵਿਰੋਧੀਆਂ ਨੂੰ ਉਨ੍ਹਾਂ ਦੀ ਚੁੱਪ ਨੂੰ ਕਮਜ਼ੋਰੀ ਨਾ ਸਮਝਣ ਲਈ ਕਿਹਾ।

ਮਜੀਠੀਆ ਵੱਲੋਂ ਪਹਿਲਾਂ ਕੀਤੀ ਗਈ ਬਿਆਨਬਾਜ਼ੀ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਪੀ.ਪੀ.ਐਸ.ਸੀ. ਦੇ ਮੈਂਬਰ ਬੱਬੂ ਧੀਰ ਦੇ ਫਾਰਮ ਹਾਊਸ ਵਿਖੇ ਹੋਏ ਇੱਕ ਧਾਰਮਿਕ ਸਮਾਗਮ ਦਾ ਹਵਾਲਾ ਦਿੱਤਾ। ਅਰੋੜਾ ਅਨੁਸਾਰ, ਸਮਾਗਮ ਵਿੱਚ ਗੁਰੂ ਸਾਹਿਬ ਦਾ ਪ੍ਰਕਾਸ਼ ਕੀਤਾ ਗਿਆ ਸੀ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੋਂ ਆਏ ਰਾਗੀ ਜਥਿਆਂ ਨੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਸੀ।

ਅਰੋੜਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਉਨ੍ਹਾਂ ਤੋਂ ਇਲਾਵਾ ਬਿਕਰਮ ਸਿੰਘ ਮਜੀਠੀਆ, ਪ੍ਰਤਾਪ ਸਿੰਘ ਬਾਜਵਾ, ਗੁਰਮੀਤ ਸਿੰਘ ਖੁੱਡੀਆਂ ਅਤੇ ਹੋਰ ਆਗੂ ਵੀ ਸੱਦੇ ਗਏ ਸਨ। ਉਨ੍ਹਾਂ ਕਿਹਾ ਕਿ ਜਗ੍ਹਾ ਸੀਮਤ ਹੋਣ ਕਾਰਨ ਉਹ ਮੱਥਾ ਟੇਕਣ ਤੋਂ ਬਾਅਦ ਉੱਥੇ ਹੀ ਨੇੜੇ ਬੈਠ ਗਏ ਸਨ। ਉਨ੍ਹਾਂ ਦੋਸ਼ ਲਾਇਆ ਕਿ ਅਗਲੇ ਦਿਨ ਮਜੀਠੀਆ ਨੇ ਮੀਡੀਆ ਵਿੱਚ ਇਹ ਗ਼ਲਤ ਦਾਅਵਾ ਕਰ ਦਿੱਤਾ ਕਿ ਉਹ ਆਪਣੇ ਮੁੱਖ ਮੰਤਰੀ ਖ਼ਿਲਾਫ਼ ਗੱਲਬਾਤ ਕਰ ਰਹੇ ਸਨ।

ਇਸ ਦਾਅਵੇ ਨੂੰ ਸਿਰੇ ਤੋਂ ਨਕਾਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਗੁਰੂ ਸਾਹਿਬ ਦੀ ਹਜ਼ੂਰੀ ਨਾਲ ਜੁੜੇ ਕਿਸੇ ਸਮਾਗਮ ਬਾਰੇ ਅਜਿਹੀ ਬਿਆਨਬਾਜ਼ੀ ਕਰਨੀ ਬੇਹੱਦ ਮੰਦਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਸਿਆਸੀ ਮਤਭੇਦ ਆਪਣੀ ਜਗ੍ਹਾ ਹਨ, ਪਰ ਕਿਸੇ ਦੇ ਨਾਂ ਨਾਲ ਮਨਘੜਤ ਗੱਲਾਂ ਜੋੜ ਕੇ ਲੋਕਾਂ ਨੂੰ ਗੁਮਰਾਹ ਕਰਨਾ ਠੀਕ ਨਹੀਂ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਉਸ ਸਮੇਂ ਵੀ ਮਜੀਠੀਆ ਨੂੰ ਚੁਣੌਤੀ ਦਿੱਤੀ ਸੀ ਕਿ ਜੇ ਉਨ੍ਹਾਂ ਦੇ ਦਾਅਵੇ ਵਿੱਚ ਰਤਾ ਵੀ ਸੱਚਾਈ ਹੈ ਤਾਂ ਉਹ ਉਨ੍ਹਾਂ ਨਾਲ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਜਾ ਕੇ ਸਹੁੰ ਚੁੱਕਣ। ਅਰੋੜਾ ਨੇ ਦਾਅਵਾ ਕੀਤਾ ਕਿ ਇਸ ਚੁਣੌਤੀ ਤੋਂ ਬਾਅਦ ਮਜੀਠੀਆ ਨੇ ਉਨ੍ਹਾਂ ਨੂੰ ਕੋਈ ਜਵਾਬ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਉਹ ਅੱਜ ਵੀ ਆਪਣੀ ਗੱਲ 'ਤੇ ਕਾਇਮ ਹਨ।

ਵਿਰੋਧੀਆਂ ਵੱਲੋਂ ਹੋਰ 'ਖੁਲਾਸੇ' ਕਰਨ ਸਬੰਧੀ ਕੀਤੀ ਜਾ ਰਹੀ ਬਿਆਨਬਾਜ਼ੀ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਅਮਨ ਅਰੋੜਾ ਨੇ ਕਿਹਾ ਕਿ ਉਹ ਅਜਿਹੀਆਂ ਧਮਕੀਆਂ ਤੋਂ ਘਬਰਾਉਣ ਵਾਲੇ ਨਹੀਂ ਹਨ। ਉਨ੍ਹਾਂ ਕਿਹਾ, ਮੈਂ ਉਨ੍ਹਾਂ ਦੇ ਖੁਲਾਸਿਆਂ ਦਾ ਇੰਤਜ਼ਾਰ ਕਰ ਰਿਹਾ ਹਾਂ। ਉਹ ਪੂਰੀ ਤਿਆਰੀ ਕਰ ਲੈਣ ਅਤੇ ਜੋ ਵੀ ਸਾਹਮਣੇ ਲਿਆਉਣਾ ਚਾਹੁੰਦੇ ਹਨ, ਲੈ ਆਉਣ। ਮੈਂ ਕਦੇ ਕੋਈ ਗ਼ਲਤ ਕੰਮ ਨਹੀਂ ਕੀਤਾ ਅਤੇ ਨਾ ਹੀ ਨਾਜਾਇਜ਼ ਗੱਲ ਦਾ ਸਾਥ ਦਿੱਤਾ ਹੈ।

ਅਰੋੜਾ ਨੇ ਕਿਹਾ ਕਿ ਜਨਤਕ ਜੀਵਨ ਵਿੱਚ ਦੋਸ਼ ਲਾਉਣ ਵਾਲਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੀ ਗੱਲ ਤੱਥਾਂ ਦੇ ਆਧਾਰ 'ਤੇ ਰੱਖਣ। ਉਨ੍ਹਾਂ ਕਿਹਾ ਕਿ ਸਿਰਫ਼ ਸੁਰਖ਼ੀਆਂ ਵਿੱਚ ਰਹਿਣ ਲਈ ਕੀਤੀ ਜਾਣ ਵਾਲੀ ਬਿਆਨਬਾਜ਼ੀ ਅਤੇ ਬੇਬੁਨਿਆਦ ਦੋਸ਼ਾਂ ਨਾਲ ਲੋਕਾਂ ਦਾ ਭਰੋਸਾ ਨਹੀਂ ਜਿੱਤਿਆ ਜਾ ਸਕਦਾ।

ਅਮਨ ਅਰੋੜਾ ਨੇ ਦੋਸ਼ ਲਾਇਆ ਕਿ ਅਕਾਲੀ ਅਤੇ ਕਾਂਗਰਸੀ ਆਗੂ ਆਮ ਆਦਮੀ ਪਾਰਟੀ ਦੀ ਲੋਕ-ਪੱਖੀ ਸੋਚ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਕਾਰਨ ਬੁਖਲਾਹਟ ਵਿੱਚ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਿਆਸੀ ਬਿਆਨਬਾਜ਼ੀ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਕੰਮਾਂ ਵਿਚਲਾ ਫ਼ਰਕ ਸਮਝਦੇ ਹਨ ਅਤੇ ਮਨਘੜਤ ਦੋਸ਼ਾਂ ਨਾਲ ਉਨ੍ਹਾਂ ਨੂੰ ਗੁਮਰਾਹ ਨਹੀਂ ਕੀਤਾ ਜਾ ਸਕਦਾ।

ਪੰਜਾਬ ਦੀਆਂ ਸਾਈਕਲਿਸਟ ਧੀਆਂ ਨੇ ਰਚਿਆ ਇਤਿਹਾਸ; ਸੱਤ ਸਾਲ ਪੁਰਾਣਾ ਰਾਸ਼ਟਰੀ ਰਿਕਾਰਡ ਤੋੜ ਕੇ ਜਿੱਤਿਆ ਸੋਨ ਤਗਮਾ



ਪਟਿਆਲਾ, 4 ਨਵੰਬਰ
-ਜੀ. ਐਸ. ਤੁੰਗ-

ਪੰਜਾਬ ਦੀਆਂ ਹੋਣਹਾਰ ਸਾਈਕਲਿਸਟ ਧੀਆਂ ਨੇ ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਸੱਤ ਸਾਲ ਪੁਰਾਣਾ ਰਾਸ਼ਟਰੀ ਰਿਕਾਰਡ ਤੋੜਦਿਆਂ ਸੋਨ ਤਗਮਾ ਜਿੱਤ ਕੇ ਸੂਬੇ ਦਾ ਮਾਣ ਵਧਾਇਆ ਹੈ। ਰਾਂਚੀ ਦੇ ਸਾਈਕਲਿੰਗ ਵੈਲੋਡਰੋਮ ਵਿਖੇ ਚੱਲ ਰਹੀ 78ਵੀਂ ਸੀਨੀਅਰ, 55ਵੀਂ ਜੂਨੀਅਰ ਅਤੇ 41ਵੀਂ ਸਬ-ਜੂਨੀਅਰ ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਦੌਰਾਨ ਪੰਜਾਬ ਦੀ ਸਬ-ਜੂਨੀਅਰ ਲੜਕੀਆਂ ਦੀ ਟੀਮ ਨੇ ਟੀਮ ਸਪ੍ਰਿੰਟ ਮੁਕਾਬਲੇ ਵਿੱਚ 1 ਮਿੰਟ 16 ਸੈਕਿੰਡ ਦਾ ਸਮਾਂ ਦਰਜ ਕਰਦਿਆਂ ਇਹ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ। ਜੇਤੂ ਟੀਮ ਵਿੱਚ ਪਟਿਆਲਾ ਦੀ ਗੁਨਤਾਸ ਸੰਧੂ ਦੀ ਸ਼ਮੂਲੀਅਤ ਨੇ ਜ਼ਿਲ੍ਹੇ ਦੇ ਖੇਡ ਪ੍ਰੇਮੀਆਂ ਦਾ ਮਾਣ ਵੀ ਵਧਾਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਜੇਤੂ ਟੀਮ ਵਿੱਚ ਗੁਨਤਾਸ ਸੰਧੂ, ਪ੍ਰੀਤੀ ਸ਼ਾਹ, ਜਪਨੀਤ ਕੌਰ ਅਤੇ ਪਲਕਪ੍ਰੀਤ ਕੌਰ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਖਿਡਾਰਨਾਂ ਦੀ ਸਖ਼ਤ ਮਿਹਨਤ, ਲਗਾਤਾਰ ਅਭਿਆਸ ਅਤੇ ਆਪਸੀ ਤਾਲਮੇਲ ਨੇ ਪੰਜਾਬ ਨੂੰ ਕੌਮੀ ਪੱਧਰ 'ਤੇ ਇਹ ਸੁਨਹਿਰੀ ਸਫ਼ਲਤਾ ਦਿਵਾਈ ਹੈ।

ਪਟਿਆਲਾ ਦੀ ਗੁਨਤਾਸ ਸੰਧੂ, ਪਿਤਾ ਗੁਰਮੀਤ ਸਿੰਘ ਅਤੇ ਮਾਤਾ ਪੂਨਮਦੀਪ ਕੌਰ ਦੀ ਧੀ ਹੈ। ਰਾਸ਼ਟਰੀ ਰਿਕਾਰਡ ਬਣਾਉਣ ਵਾਲੀ ਟੀਮ ਦਾ ਹਿੱਸਾ ਬਣ ਕੇ ਉਸ ਨੇ ਪਟਿਆਲਾ ਦਾ ਨਾਂ ਵੀ ਰੌਸ਼ਨ ਕੀਤਾ ਹੈ। ਟੀਮ ਦੀ ਸਾਥੀ ਖਿਡਾਰਨ ਲੁਧਿਆਣਾ ਦੀ ਪ੍ਰੀਤੀ ਸ਼ਾਹ, ਪਿਤਾ ਗਣੇਸ਼ ਸ਼ਾਹ ਅਤੇ ਮਾਤਾ ਰੇਣੂ ਦੇਵੀ ਦੀ ਧੀ ਹੈ। ਅੰਮ੍ਰਿਤਸਰ ਦੀ ਜਪਨੀਤ ਕੌਰ, ਪਿਤਾ ਜਗਦੀਪ ਸਿੰਘ ਅਤੇ ਮਾਤਾ ਸੁਖਜਿੰਦਰ ਕੌਰ ਦੀ ਧੀ ਹੈ, ਜਦਕਿ ਪਲਕਪ੍ਰੀਤ ਕੌਰ, ਪਿਤਾ ਬਲਜਿੰਦਰ ਸਿੰਘ ਅਤੇ ਮਾਤਾ ਹਰਪ੍ਰੀਤ ਕੌਰ ਦੀ ਧੀ ਹੈ। ਕਾਹਲੋਂ ਨੇ ਦੱਸਿਆ ਕਿ ਚੈਂਪੀਅਨਸ਼ਿਪ ਦੀ ਤਿਆਰੀ ਲਈ ਪੰਜਾਬ ਸਾਈਕਲਿੰਗ ਟੀਮ ਦਾ ਸਿਖਲਾਈ ਕੈਂਪ ਲੁਧਿਆਣਾ ਵਿਖੇ ਲਗਾਇਆ ਗਿਆ ਸੀ। ਕੈਂਪ ਦੌਰਾਨ ਖਿਡਾਰਨਾਂ ਨੇ ਕੋਚਾਂ ਦੀ ਨਿਗਰਾਨੀ ਹੇਠ ਸਖ਼ਤ ਅਭਿਆਸ ਕੀਤਾ।

ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਨੌਰਥ ਜੋਨ ਅੰਤਰ ਯੂਨੀਵਰਸਿਟੀ ਬਾਸਕਟਬਾਲ (ਪੁਰਸ਼) ਚੈਂਪੀਅਨਸ਼ਿਪ ਸਫਲਤਾਪੂਰਵਕ ਸੰਪੰਨ



ਪਟਿਆਲਾ, 4 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ 30 ਅਕਤੂਬਰ ਤੋਂ 03 ਨਵੰਬਰ ਤੱਕ ਕਰਵਾਈ ਨੌਰਥ ਜੋਨ ਅੰਤਰ-ਯੂਨੀਵਰਸਿਟੀ ਬਾਸਕਟਬਾਲ (ਪੁਰਸ਼) ਚੈਂਪੀਅਨਸ਼ਿਪ ਸਫ਼ਲਤਾ ਪੂਰਵਕ ਸੰਪੰਨ ਹੋਈ। ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ ਦੇ ਨਿਯਮਾਂ ਅਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਈ ਗਈ ਇਸ ਚੈਂਪੀਅਨਸ਼ਿਪ ਵਿਚ ਵੱਖ-ਵੱਖ ਸੂਬਿਆਂ ਤੋਂ ਆਈਆਂ 81 ਟੀਮਾਂ ਨੇ ਭਾਗ ਲਿਆ।
ਏਆਈਯੂ ਦੇ ਨਿਯਮਾਂ ਅਨੁਸਾਰ ਸਾਰੀਆਂ ਭਾਗ ਲੈਣ ਵਾਲੀਆਂ ਟੀਮਾਂ ਨੂੰ ਚਾਰ ਪੂਲਾਂ ਵਿਚ ਵੰਡਿਆ ਗਿਆ। ਸ਼ੁਰੂਆਤੀ ਦੌਰ ਦੇ ਸਾਰੇ ਮੁਕਾਬਲੇ ਨਾਕਆਊਟ ਪ੍ਰਣਾਲੀ ਅਧੀਨ ਕਰਵਾਏ ਗਏ। ਜਿਹਨਾਂ ਵਿਚੋਂ ਅੰਤਿਮ ਚਾਰ ਟੀਮਾਂ ਚੰਡੀਗੜ੍ਹ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਮਹਾਰਾਜਾ ਭੂਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਸੈਮੀਫਾਈਨਲ ਵਿਚ ਪੁੱਜੀਆਂ। ਚੈਂਪੀਅਨਸ਼ਿਪ ਦੇ ਫਾਈਨਲ ਮੁਕਾਬਲੇ ਵਿਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਬਾਜੀ ਮਾਰੀ, ਦਾ ਮਹਾਰਾਜਾ ਭੂਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਫਸਟ ਰਨਰ-ਅੱਪ, ਚੰਡੀਗੜ੍ਹ ਯੂਨੀਵਰਸਿਟੀ, ਮੋਹਾਲੀ ਸੈਕਿੰਡ ਰਨਰ-ਅੱਪ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਥਰਡ ਰਨਰ-ਅੱਪ ਰਹੀ। ਇਨਾਮ ਵੰਡ ਸਮਾਰੋਹ ਦੌਰਾਨ ਯੂਨੀਵਰਸਿਟੀ ਦੇ ਸਰਪ੍ਰਸਤ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਜੇਤੂ ਟੀਮਾਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਅਤੇ ਜੇਤੂ ਟੀਮਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਤੁਹਾਡੀ ਜਿੱਤ ਹੋਰਨਾਂ ਟੀਮਾਂ ਲਈ ਪ੍ਰੇਰਨਾਸ੍ਰੋਤ ਹੈ। ਡਾ. ਗਿੱਲ ਨੇ ਕਿਹਾ ਕਿ ਅਜੋਕੇ ਸਮੇਂ ਵਿਚ ਖੇਡਾਂ ਹੀ ਅਜਿਹਾ ਮਾਧਿਅਮ ਹਨ ਜਿਹਨਾਂ ਸਦਕਾ ਨੌਜਵਾਨੀ ਨਸ਼ਿਆਂ ਤੋਂ ਦੂਰੀ ਬਣਾ ਕੇ ਆਪਣੇ ਜਵਾਨੀ ਵਿਚਲੇ ਜ਼ੋਸ਼ ਨੂੰ ਚੰਗੇ ਮਾਪਦੰਡ ਸਿਰਜਣ ਵੱਲ ਅਗਰਸਰ ਹੋ ਸਕਦੀ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਹਨਾਂ ਮੁਕਾਬਲਿਆਂ ਵਿਚ ਭਾਗ ਲੈਣ ਪਹੁੰਚੀਆਂ ਸਾਰੀਆਂ ਟੀਮਾਂ ਦੇ ਰਹਿਣ-ਸਹਿਣ, ਖਾਣ-ਪੀਣ ਅਤੇ ਟਰਾਂਸਪੋਰਟ ਦਾ ਪੂਰਾ ਪ੍ਰਬੰਧ ਪੰਜਾਬ ਸਪੋਰਟਸ ਯੂਨੀਵਰਸਿਟੀ ਵੱਲੋਂ ਵੱਡੇ ਪੱਧਰ 'ਤੇ ਕੀਤਾ ਗਿਆ।

'ਕੋਈ ਵੀ ਧਿਰ ਹਮੇਸ਼ਾ ਲਈ ਕਿਸੇ ਥਾਂ 'ਤੇ ਕਬਜ਼ਾ ਨਹੀਂ ਕਰ ਸਕਦੀ, ਸਾਰਿਆਂ ਨੂੰ ਰੋਸ ਪ੍ਰਗਟਾਉਣ ਦਾ ਹੱਕ

ਨਵੀਂ ਦਿੱਲੀ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਅਤੇ ਹੋਰਨਾਂ ਧਿਰਾਂ ਨੂੰ ਉਸ ਪਟੀਸ਼ਨ 'ਤੇ ਜਵਾਬ ਦੇਣ ਲਈ ਕਿਹਾ ਹੈ, ਜਿਸ ਵਿੱਚ ਵਪਾਰੀ ਜਥੇਬੰਦੀਆਂ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਮੁੱਖ ਚੋਣ ਕਮਿਸ਼ਨਰ ਖ਼ਿਲਾਫ਼ ਰਾਮਲੀਲਾ ਮੈਦਾਨ ਵਿੱਚ ਚੱਲ ਰਹੇ ਪ੍ਰਦਰਸ਼ਨ ਨੂੰ ਰੋਕਣ ਦੀ ਮੰਗ ਕੀਤੀ ਹੈ। ਅਦਾਲਤ ਨੇ ਕਿਹਾ ਕਿ ਪ੍ਰਦਰਸ਼ਨ ਵਾਲੀ ਥਾਂ 'ਤੇ ਹਮੇਸ਼ਾ ਲਈ ਕਬਜ਼ਾ ਨਹੀਂ ਕੀਤਾ ਜਾ ਸਕਦਾ। ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੌਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ 'ਤੇ ਆਧਾਰਿਤ ਬੈਂਚ ਵਪਾਰੀ ਜਥੇਬੰਦੀਆਂ ਸਮੇਤ ਕਈ ਪਟੀਸ਼ਨਾਂ 'ਤੇ ਸੁਣਵਾਈ ਕਰ ਰਿਹਾ ਸੀ। ਇਨ੍ਹਾਂ ਵਿੱਚ ਦਿੱਲੀ ਦੀ ਕਰਿਆਨਾ ਕਮੇਟੀ ਵੱਲੋਂ ਦਾਇਰ ਪਟੀਸ਼ਨ ਵੀ ਸ਼ਾਮਲ ਹੈ। ਕਮੇਟੀ ਨੇ ਦੋਸ਼ ਲਾਇਆ ਹੈ ਕਿ ਰਾਮਲੀਲਾ ਮੈਦਾਨ ਵਿੱਚ ਚੱਲ ਰਹੇ ਪ੍ਰਦਰਸ਼ਨ ਕਾਰਨ ਉਨ੍ਹਾਂ ਦੇ ਕਾਰੋਬਾਰ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ।ਸੁਣਵਾਈ ਦੌਰਾਨ ਚੀਫ਼ ਜਸਟਿਸ ਨੇ ਕਿਹਾ, "ਤੁਸੀਂ ਕਿਸੇ ਥਾਂ 'ਤੇ ਹਮੇਸ਼ਾ ਲਈ ਕਬਜ਼ਾ ਨਹੀਂ ਕਰ ਸਕਦੇ। ਫਿਰ ਕਿਸਾਨ, ਪੱਤਰਕਾਰ ਅਤੇ ਹੋਰ ਲੋਕ ਕਿੱਥੇ ਜਾਣਗੇ ? ਹਰ ਕਿਸੇ ਨੂੰ ਵਿਰੋਧ ਪ੍ਰਗਟਾਉਣ ਦਾ ਹੱਕ ਹੈ। ਇਸ ਲਈ ਨਿਰਧਾਰਤ ਸਮੇਂ ਅਤੇ ਮਿਆਦ ਲਈ ਥਾਂ ਦਿੱਤੀ ਜਾਣੀ ਚਾਹੀਦੀ ਹੈ।" ਬੈਂਚ ਇਨ੍ਹਾਂ ਪਟੀਸ਼ਨਾਂ ਦੇ ਸਮੂਹ 'ਤੇ ਸੁਣਵਾਈ ਕਰ ਰਿਹਾ ਸੀ, ਜਿਨ੍ਹਾਂ ਵਿੱਚ ਕਥਿਤ ਤੌਰ 'ਤੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਹਿਰਾਸਤ ਵਿੱਚ ਲੈਣ, ਪੁਲੀਸ ਦੀ ਬੇਰਹਿਮੀ, ਮੈਟਰੋ ਸਟੇਸ਼ਨ ਬੰਦ ਕਰਨ ਅਤੇ ਇੰਟਰਨੈੱਟ ਸੇਵਾਵਾਂ ਬੰਦ ਕਰਨ ਵਰਗੇ ਮੁੱਦੇ ਵੀ ਚੁੱਕੇ ਗਏ ਹਨ। ਅਦਾਲਤ ਨੇ ਵਪਾਰੀ ਜਥੇਬੰਦੀਆਂ ਨੂੰ ਕਿਹਾ ਕਿ ਉਹ ਮੁੱਖ ਚੋਣ ਕਮਿਸ਼ਨਰ ਖ਼ਿਲਾਫ਼ ਪ੍ਰਦਰਸ਼ਨ ਕਰ ਰਹੀਆਂ ਜਥੇਬੰਦੀਆਂ ਨੂੰ ਵੀ ਆਪਣੀ ਪਟੀਸ਼ਨ ਵਿੱਚ ਧਿਰ ਬਣਾਉਣ। ਵਪਾਰੀਆਂ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਕਿਹਾ ਕਿ ਪ੍ਰਦਰਸ਼ਨ ਵਾਲੀ ਥਾਂ ਦੇ ਨੇੜਲੇ ਇਲਾਕਿਆਂ ਵਿੱਚ 50 ਲੱਖ ਲੋਕ ਰਹਿੰਦੇ ਹਨ। ਅੱਜ ਸਾਰੀਆਂ ਦੁਕਾਨਾਂ ਬੰਦ ਹਨ ਅਤੇ ਕਨਾਟ ਪਲੇਸ (ਸੀਪੀ) ਵਿੱਚ ਵੀ ਕੋਈ ਵਿਅਕਤੀ ਨਜ਼ਰ ਨਹੀਂ ਆ ਰਿਹਾ। ਇਸ 'ਤੇ ਬੈਂਚ ਨੇ ਕਿਹਾ ਕਿ ਜਦੋਂ ਤੱਕ ਵਪਾਰੀ ਜਥੇਬੰਦੀਆਂ ਪ੍ਰਦਰਸ਼ਨ ਕਰ ਰਹੀਆਂ ਸਾਰੀਆਂ ਜਥੇਬੰਦੀਆਂ ਨੂੰ ਪਟੀਸ਼ਨ ਵਿੱਚ ਧਿਰ ਨਹੀਂ ਬਣਾਉਂਦੀਆਂ, ਉਦੋਂ ਤੱਕ ਅਦਾਲਤ ਇਸ ਮਾਮਲੇ ਵਿੱਚ ਕੋਈ ਫ਼ੈਸਲਾ ਨਹੀਂ ਕਰ ਸਕਦੀ। ਇਸ ਮਾਮਲੇ ਦੀ ਸੁਣਵਾਈ ਜਾਰੀ ਸੀ। ਜ਼ਿਕਰਯੋਗ ਹੈ ਕਿ 15 ਅਕਤੂਬਰ ਨੂੰ ਵੀ ਸੁਪਰੀਮ ਕੋਰਟ ਦੇ ਇਸੇ ਬੈਂਚ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਅਤੇ 12 ਵਿਰੋਧੀ ਪਾਰਟੀਆਂ ਦੇ ਆਗੂਆਂ ਵੱਲੋਂ ਦਾਇਰ ਪਟੀਸ਼ਨ 'ਤੇ ਚੋਣ ਕਮਿਸ਼ਨ ਅਤੇ ਹੋਰਨਾਂ ਤੋਂ ਜਵਾਬ ਮੰਗਿਆ ਸੀ। ਇਸ ਪਟੀਸ਼ਨ ਵਿੱਚ ਵੱਡੀ ਪੱਧਰ 'ਤੇ ਵੋਟਰਾਂ ਦੇ ਨਾਂ ਸੂਚੀਆਂ ਵਿੱਚੋਂ ਕੱਟਣ ਅਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸਆਈਆਰ) ਵਿੱਚ ਕਥਿਤ ਬੇਨਿਯਮੀਆਂ ਦਾ ਮੁੱਦਾ ਚੁੱਕਿਆ ਗਿਆ ਸੀ।

ਖੇਤੀਬਾੜੀ ਵਿਭਾਗ ਕੋਲ ਤਸਦੀਕਸ਼ੁਧਾ ਕਣਕ ਦਾ ਬੀਜ ਸਬਸਿਡੀ ਉੱਪਰ ਉਪਲਬੱਧ : ਮੁੱਖ ਖੇਤੀਬਾੜੀ ਅਫਸਰ

ਪਟਿਆਲਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਨੇ ਦਸਿਆ ਕਿ ਵਿੱਤੀ ਸਾਲ 2026—27 ਦੌਰਾਨ ਐਨ.ਐਫ.ਐਸ.ਐਨ.ਐਮ.—ਸੀਡ ਕੰਪੋਨੈਂਟ ਸਕੀਮ ਅਧੀਨ ਕਿਸਾਨਾਂ ਨੂੰ ਸਬਸਿਡੀ ਰਾਹੀਂ ਕਣਕ ਦਾ 16600 ਕੁਇੰਟਲ ਬੀਜ ਉਪਲੱਬਧ ਕਰਵਾਇਆ ਜਾ ਰਿਹਾ ਹੈ। ਉਹਨਾਂ ਨੇ ਦਸਿਆ ਕਿ ਹਾੜੀ ਦੇ ਸੀਜਨ ਲਈ ਕਣਕ ਦਾ ਤਸਦੀਕਸ਼ੁਧਾ ਵੱਖ—ਵੱਖ ਕਿਸਮਾਂ ਦਾ ਬੀਜ 2000/— ਰੁਪਏ ਪ੍ਰਤੀ ਕੁਇੰਟਲ ਸਬਸਿਡੀ ਉੱਪਰ ਕਿਸਾਨਾਂ ਨੂੰ ਖਰੀਦ ਸਮੇਂ ਹੀ ਘਟਾ ਕੇ ਦਿੱਤਾ ਜਾ ਰਿਹਾ ਹੈ। ਕਿਸਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਕਿਸਾਨ ਆਪਣੇ ਆਧਾਰ ਕਾਰਡ ਸਮੇਤ ਜਿਲ੍ਹੇ ਦੇ ਵੱਖ—ਵੱਖ ਬਲਾਕ ਖੇਤੀਬਾੜੀ ਅਫਸਰਾਂ ਦੇ ਦਫਤਰ ਵਿਚ ਪਹੁੰਚ ਕਰਨ ਅਤੇ ਰਜਿਸਟਰਡ ਮੋਬਾਇਲ ਉਪਰ ਆਏ ਓ.ਟੀ.ਪੀ ਰਾਹੀਂ ਆਪਣੀ ਰਜਿਸਟਰੇਸ਼ਨ ਕਰਵਾਉਣ। ਉਹਨਾਂ ਦਸਿਆ ਕਿ ਕਿਸਾਨ ਵੀਰਾਂ ਨੂੰ ਇਹ ਸਹਾਇਤਾ ਪਹਿਲਾਂ ਆਓ ਪਹਿਲਾਂ ਪਾਓ ਦੇ ਆਧਾਰ ਤੇ ਦਿੱਤੀ ਜਾ ਰਹੀ ਹੈ। ਉਹਨਾਂ ਦਸਿਆ ਕਿ ਇਸ ਸਕੀਮ ਅਧੀਨ ਜਿਹਨਾਂ ਕਿਸਾਨਾਂ ਨੇ ਪਿਛਲੇ 2 ਸਾਲਾਂ ਦੌਰਾਨ ਕਣਕ ਦਾ ਬੀਜ ਸਬਸਿਡੀ ਉਪਰ ਲਿਆ ਹੈ ਉਹਨਾਂ ਕਿਸਾਨਾਂ ਨੂੰ ਨਹੀਂ ਵਿਚਾਰਿਆ ਜਾਵੇਗਾ।

70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ-14 ਲੜਕੀਆਂ ਦੇ ਖੋਖੋ ਟੂਰਨਾਮੈਂਟ ਦਾ ਹੋਇਆ ਆਗਾਜ਼



ਪਟਿਆਲਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕੀਆਂ ਦਾ ਖੋਖੋ ਟੂਰਨਾਮੈਂਟ ਪੋਲੋ ਗਰਾਊਂਡ ਪਟਿਆਲਾ ਵਿਖੇ ਆਗਾਜ਼ ਹੋਇਆ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਡੀਐਸਸੀ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਅੱਜ ਦੇ ਹੋਏ ਮੁਕਾਬਲਿਆਂ ਵਿੱਚ ਪਟਿਆਲੇ ਨੇ ਬਠਿੰਡੇ ਨੂੰ,ਸੰਗਰੂਰ ਨੇ ਮਾਨਸਾ ਨੂੰ,ਫਤਿਹਗੜ੍ਹ ਸਾਹਿਬ ਨੇ ਹੁਸ਼ਿਆਰਪੁਰ ਨੂੰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਗੁਰਦਾਸਪੁਰ ਨੂੰ, ਫਾਜਲਿਕਾ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਹਰਾਇਆ।ਇਸ ਮੌਕੇ ਤੇ ਖੋਖੋ ਟੂਰਨਾਮੈਂਟ ਦੇ ਇੰਚਾਰਜ ਪ੍ਰਿੰਸੀਪਲ ਰਾਜੇਸ਼ ਗਰਗ, ਟੂਰਨਾਮੈਂਟ ਦੇ ਅਬਜ਼ਰਵਰ ਇੰਦਰਜੀਤ ਸਿੰਘ ਵੜੈਚ, ਸਰਪੰਚ ਇਕਬਾਲ ਖਾਨ, ਸੁਖਵੰਤ ਸਿੰਘ, ਸੁਖਦੀਪ ਸਿੰਘ ਕੋਚ, ਰਾਜਪਾਲ ਸਿੰਘ, ਚਮਕੌਰ ਸਿੰਘ, ਅਮਨਿੰਦਰ ਸਿੰਘ ਬਾਬਾ, ਦਵਿੰਦਰ ਸਿੰਘ ਵਿਰਕ, ਬਲਵਿੰਦਰ ਸਿੰਘ ਜੱਸਲ, ਰਾਕੇਸ਼ ਅਰੋੜਾ, ਕੁਲਵੰਤ ਸਿੰਘ, ਸਰਬਜੀਤ ਸਿੰਘ, ਨਿਰੰਜਨ ਸਿੰਘ,ਮੱਖਣ ਸਿੰਘ, ਨਵਜੋਤ ਸਿੰਘ, ਜਸਵੰਤ ਸਿੰਘ, ਗੁਰਪਿਆਰ ਸਿੰਘ, ਕੁਲਦੀਪ ਕੌਰ (ਸਿਲੈਕਟਰ), ਨਵਦੀਪ ਕੌਰਨਿਧੀ ਸ਼ਰਮਾਂ, ਹਰਦੀਪ ਕੌਰ,ਵਿਨੋਦ ਕੁਮਾਰ, ਬਲਕਾਰ ਸਿੰਘ, ਹਰਜੀਤ ਸਿੰਘ, ਗੁਰਦੀਪ ਸਿੰਘ,ਦੀਦਾਰ ਸਿੰਘ,ਰਾਮ ਕੁਮਾਰ, ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

ਹਡਾਣਾ ਵੱਲੋਂ ਪਿੰਡ ਬੱਤਾ ਵਿਖੇ ਵਾਲਮੀਕਿ ਧਰਮਸ਼ਾਲਾ 'ਚ ਸ਼ੈਡ ਦਾ ਨੀਂਹ ਪੱਥਰ



ਦੇਵੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵੱਲੋਂ ਅੱਜ ਪਿੰਡ ਬੱਤਾ ਵਿਖੇ ਵਾਲਮੀਕਿ ਧਰਮਸ਼ਾਲਾ ਵਿੱਚ ਨਵੇਂ ਬਣਨ ਵਾਲੇ ਸ਼ੈੱਡ ਦਾ ਰਸਮੀ ਤੌਰ 'ਤੇ ਨੀਂਹ ਪੱਥਰ ਰੱਖਿਆ ਗਿਆ। ਪਿੰਡ ਪੁੱਜਣ 'ਤੇ ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀਆਂ ਵੱਲੋਂ ਹਲਕਾ ਇੰਚਾਰਜ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ ਗਿਆ।

ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਅੰਦਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਧਰਮਸ਼ਾਲਾਵਾਂ ਪਿੰਡ ਦੇ ਸਾਂਝੇ ਸਮਾਗਮਾਂ ਦਾ ਕੇਂਦਰ ਹੁੰਦੀਆਂ ਹਨ ਅਤੇ ਇੱਥੇ ਸ਼ੈੱਡ ਬਣਨ ਨਾਲ ਪਿੰਡ ਵਾਸੀਆਂ ਨੂੰ ਧੁੱਪ-ਮੀਂਹ ਵਿੱਚ ਪ੍ਰੋਗਰਾਮ ਕਰਨ ਸਮੇਂ ਵੱਡੀ ਰਾਹਤ ਮਿਲੇਗੀ। ਹਡਾਣਾ ਨੇ ਸਪੱਸ਼ਟ ਕੀਤਾ ਕਿ ਹਲਕਾ ਸਨੌਰ ਦੇ ਹਰ ਪਿੰਡ ਵਿੱਚ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਤਰਜੀਹ ਹੈ।

ਇਸ ਮੌਕੇ ਸਰਪੰਚ ਕਰਮਜੀਤ ਕੌਰ, 'ਆਪ' ਆਗੂ ਅਜੈਬ ਸਿੰਘ, ਨਾਇਬ ਸਿੰਘ, ਸੁਖਵਿੰਦਰ ਸਿੰਘ ਪੰਚ, ਬਲਬੀਰ ਸਿੰਘ ਪੰਚ, ਕਾਕਾ ਸਿੰਘ ਪੰਚ ਤੋਂ ਇਲਾਵਾ ਗ੍ਰਾਮ ਪੰਚਾਇਤ ਦੇ ਹੋਰ ਨੁਮਾਇੰਦੇ, ਪਾਰਟੀ ਦੇ ਸੀਨੀਅਰ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਪਿੰਡ ਵਾਸੀਆਂ ਨੇ ਧਰਮਸ਼ਾਲਾ ਦੇ ਕੰਮ ਦੀ ਸ਼ੁਰੂਆਤ ਲਈ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟਾਇਆ।

ਪਟਿਆਲਾ ਪੁਲਿਸ ਵੱਲੋਂ 2 ਨਸ਼ਾ ਤੱਸਕਰਾਂ ਹੈਰੋਇਨ ਅਤੇ ਡਰੱਗ ਮਨੀ ਸਮੇਤ ਗ੍ਰਿਫਤਾਰ



ਪਟਿਆਲਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਿਆਲਾ ਦੇ ਸੀਨੀਅਰ ਕਪਤਾਨ ਪੁਲਿਸ ਹਰਮਨਦੀਪ ਸਿੰਘ ਹਾਂਸ, ਨੇ ਦੱਸਿਆ ਕਿ ,ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਯੁੱਧ ਨਸ਼ਿਆ ਵਿਰੁੱਧ÷ ਮੁਹਿੰਮ ਤਹਿਤ ਡੀ.ਆਈ.ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਦੇ ਦਿਸਾ ਨਿਰਦੇਸ਼ਾਂ ਅਨੁਸਾਰ ਉਸ ਵਕਤ ਕਾਮਯਾਬੀ ਮਿਲੀ ਜਦੋਂ ਐਸ ਪੀ ਜਾਂਚ ਰਜੇਸ਼ ਛਿੱਬੜ ਤੇ ਡੀਐਸਪੀ ਜਾਂਚ ਗੁਰਵੀਰ ਸਿੰਘ ਗਿੱਲ, ਸਿਮਰਜੀਤ ਸਿੰਘ ਸੇਰਗਿੱਲ ਇੰਚਾਰਜ ਸੀ.ਆਈ.ਏ ਪਟਿਆਲਾ ਸਮੇਤ ਟੀਮ ਵੱਲੋਂ ਹੈਰੋਇਨ ਦੀ ਸਪਲਾਈ ਕਰਨ ਵਾਲੇ ਰੋਹਿਤ ਕੁਮਾਰ ਗਾਗਟ ਪੁੱਤਰ ਰਾਜਪਾਲ ਵਾਸੀ ਨਿਊ ਬਿਸ਼ਨ ਨਗਰ ਥਾਣਾ ਲਾਹੌਰੀ ਗੇਟ ਪਟਿਆਲਾ ਅਤੇ ਵਿਨੋਦ ਕੁਮਾਰ ਉਰਫ ਗੰਜਾ ਪੁੱਤਰ ਕਿਸ਼ੋਰੀ ਲਾਲ ਵਾਸੀ ਸਹੀਦ ਭਗਤ ਸਿੰਘ ਕਲੋਨੀ ਬੰਨਾ, ਬਿਸਨ ਨਗਰ ਥਾਣਾ ਲਾਹੌਰੀ ਗੇਟ ਪਟਿਆਲਾ ਨੂੰ ਸਿਆਜ ਕਾਰ ਨੰਬਰੀ PBAADP-2870 'ਤੇ ਕਾਬੂ ਕਰਕੇ ਇਹਨਾ ਦੇ ਕਬਜ਼ੇ ਵਿਚੋਂ 270 ਗ੍ਰਾਮ ਹੈਰੋਇਨ 2 ਲੱਖ ਰੁਪੈ ਡਰਗ ਮਨੀ ਸਮੇਤ ਗ੍ਰਿਫਤਾਰ ਕਰਨ ਦੀ ਸਫਲਤਾ ਹਾਸਲ ਕੀਤੀ ਹੈ।

ਗ੍ਰਿਫਤਾਰੀ ਅਤੇ ਬ੍ਰਾਮਦਗੀ: ਸ੍ਰੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਮਿਤੀ 15.10.2026 ਨੂੰ ਏ.ਐਸ.ਆਈ. ਤੇਜਿੰਦਰ ਸਿੰਘ ਸੀ.ਆਈ.ਏ ਪਟਿਆਲਾ ਸਮੇਤ ਪੁਲਿਸ ਪਾਰਟੀ ਦੇ ਸ਼ੱਕੀ ਤੇ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਪੁਰਾਣੇ ਬੱਸ ਅੱਡਾ ਵਿਖੇ ਮੌਜੂਦ ਸੀ ਜਿੱਥੇ ਪੁਲਿਸ ਪਾਰਟੀ ਨੂੰ ਗੁਪਤ ਸੂਚਨਾ ਮਿਲੀ ਕਿ ਰੋਹਿਤ ਕੁਮਾਰ ਗਾਗਟ ਅਤੇ ਵਿਨੋਦ ਕੁਮਾਰ ਉਰਫ ਗੰਜਾ ਜੋ ਕਿ ਆਪਸ ਵਿੱਚ ਰਲਕੇ ਸਿਆਜ ਗੱਡੀ ਪੀਬੀ-11ਡੀਪੀ-2870 ਪਰ ਸਵਾਰ ਹੋਕੇ ਆਪਣੇ ਗਾਹਕਾਂ ਨੂੰ ਹੈਰੋਇਨ(ਚਿੱਟਾ) ਦੇਣ ਲਈ ਆ ਰਹੇ ਹਨ।
ਇਸੇ ਦੌਰਾਨ ਨਾਕਾਬੰਦੀ ਪਰ ਰੋਹਿਤ ਕੁਮਾਰ ਗਾਗਟ ਅਤੇ ਵਿਨੋਦ ਕੁਮਾਰ ਉਰਫ ਗੰਜਾਂ ਉਕਤਾਨ ਸਿਆਜ ਗੱਡੀ ਪਰ ਕਾਬੂ ਕੀਤਾ ਗਿਆ ਜਿਹਨਾ ਪਾਸੋਂ 270 ਗ੍ਰਾਮ ਹੈਰੋਇਨ ਅਤੇ 2 ਲੱਖ ਰੁਪੈ ਡਰੱਗ ਮਨੀ ਬਰਾਮਦ ਹੋਈ ਜਿਸ ਤੇ ਦੋਸੀਆਨ ਦੇ ਖਿਲਾਫ ਮੁਕੱਦਮਾ ਨੰਬਰ 194 ਮਿਤੀ 02.11.2026 ਅ/ਧ 21/61/85 ਐਨ.ਡੀ.ਪੀ.ਐਸ.ਐਕਟ ਥਾਣਾ ਲਾਹੌਰੀ ਗੇਟ ਦਰਜ ਕਰਕੇ ਹਸਬ ਜਾਬਤਾ ਗ੍ਰਿਫਤਾਰ ਕੀਤਾ ਗਿਆ

ਅਪਰਾਧਿਕ ਪਿਛੋਕੜ : ਦੌਰਾਨੇ ਤਫਤੀਸ ਇਹ ਗੱਲ ਸਾਹਮਣੇ ਆਈ ਕਿ ਦੋਸੀਆਨ ਉਕਤਾਨ ਰੋਹਿਤ ਕੁਮਾਰ ਗਾਗਟ ਦੇ ਖਿਲਾਫ ਪਹਿਲਾ ਵੀ ਐਨ.ਡੀ.ਪੀ.ਐਸ. ਐਕਟ ਅਤੇ ਲੋਕਲ ਐਂਡ ਸਪੈਸਲ ਲਾਅ ਅਧੀਨ ਜਿਲਾ ਪਟਿਆਲਾ ਦੇ ਵੱਖ-ਵੱਖ ਥਾਣਿਆਂ ਵਿੱਚ ਕਰੀਬ 8 ਮੁਕੱਦਮੇ ਦਰਜ ਹਨ, ਜਿਸ ਤੇ ਕਈ ਵਾਰੀ ਜੇਲ ਵੀ ਜਾ ਚੁੱਕਾ ਹੈ ਅਤੇ 2 ਮੁਕੱਦਮਿਆਂ ਵਿੱਚ ਸਜਾ ਜਾਫਤਾ ਹੈ ਅਤੇ ਇਸ ਦੇ ਸਾਥੀ ਵਿਨੋਦ ਕੁਮਾਰ ਉਰਫ ਗੰਜਾ ਉਕਤ ਦੇ ਖਿਲਾਫ ਵੀ 2 ਮੁਕੱਦਮੇ ਦਰਜ ਹਨ। ਰੋਹਿਤ ਕੁਮਾਰ ਗਾਗਟ ਅਤੇ ਸਾਥੀ ਵਿਨੋਦ ਕੁਮਾਰ ਉਰਫ ਗੰਜਾ ਉਕਤ ਨਾਲ ਮਿਲਕੇ ਪਿਛਲੇ 6-7 ਮਹੀਨਿਆ ਤੋ ਹੈਰੋਇਨ(ਚਿੱਟਾ) ਵੇਚਣ ਦਾ ਧੰਦਾ ਕਰਦਾ ਆ ਰਿਹਾ ਹੈ ।

ਐਸ.ਐਸ.ਪੀ. ਪਟਿਆਲਾ ਨੇ ਦੱਸਿਆ ਕਿ ਦੋਸੀਆਨ ਉਕਤਾਨ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ ਕਰਕੇ, ਪੁਲਿਸ ਰਿਮਾਡ ਹਾਸਲ ਕਰਕੇ ਬਰਾਮਦਾ ਹੈਰੋਇਨ ਤੇ 2 ਲੱਖ ਰੁਪੈ ਡਰੱਗ ਮਨੀ ਬਾਰੇ ਦੋਸੀਆਨ ਪਾਸੋਂ ਇਹਨਾ ਦੇ ਅਗਲੇ-ਪਿਛਲੇ ਸਬੰਧਾ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਕਿ ਇਹ ਦੋਸੀਆਨ ਕਿਹੜੇ ਕਿਹੜੇ ਵਿਅਕਤੀ ਨੂੰ ਹੈਰੋਇਨ ਸਪਲਾਈ ਕਰਦੇ ਸੀ ਅਤੇ ਕਿਹੜੇ ਵਿਅਕਤੀ ਪਾਸੋਂ ਲੈਕੇ ਆਉਂਦੇ ਸੀ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

ਮਾਮਲਾ: 24 ਮਹੀਨਿਆਂ ਤੋਂ ਬਿਨ੍ਹਾਂ ਐਲਾਨ ਤੋਂ ਸਰਪੰਚੀ ਕਰਨ ਦਾ

ਐਸ. ਡੀ. ਐਮ. ਦੇ ਟ੍ਰਿਬਿਊਨਲ ਵਿਚ ਸਰਪੰਚੀ ਦਾ ਕੇਸ ਚੱਲ ਰਿਹਾ ਹੈ, ਸੁਣਵਾਈ ਨਾਂਹ ਦੇ ਬਰਾਬਰ ਗਿਣਤੀ 'ਤੇ ਸਹਿਮਤੀ ਤੋਂ ਬਿਨ੍ਹਾਂ ਸਰਕਾਰ ਦੀ ਮਿਲੀਭੁਗਤ ਨਾਲ ਸਰਪੰਚੀ ਕਰ ਰਿਹਾ ਸਰਪੰਚ ਮੁਅੱਤਲ



ਪਟਿਆਲਾ, 4 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸੂਬੇ ਅੰਦਰ ਆਪ ਸਰਕਾਰ ਭ੍ਰਿਸ਼ਟਾਚਾਰ ਰਹਿਤ ਪ੍ਰਸਾਸ਼ਨ ਦੇਣ ਦੇ ਦਮਗੱਜੇ ਮਾਰ ਰਹੀ ਹੈ, ਦੂਜੇ ਪਾਸੇ ਪ੍ਰਸਾਸ਼ਨ ਦੀ ਕਥਿਤ ਮਿਲੀਭੁਗਤ ਕਾਰਨ ਲੋਕਾਂ ਨੂੰ ਆਪਣੇ ਕੰਮਾਂ ਕਾਰਾਂ ਲਈ ਪ੍ਰੇਸ਼ਾਨ ਹੋਣਾ ਪੈ ਰਿਹਾ ਹੈ। ਹੈਰਾਨੀ ਦੀ ਗੱਲ ਹੈ ਕਿ 15 ਅਕਤੂਬਰ 2024 ਵਿਚ ਹੋਈਆਂ ਪੰਚਾਇਤੀ ਚੋਣਾਂ ਵਿਚ ਪਿੰਡ ਕੋਟ ਕਲਾਂ, ਤਹਿਸੀਲ ਨਾਭਾ, ਜਿਲ੍ਹਾ ਪਟਿਆਲਾ ਦੇ ਲੋਕਾਂ ਨਾਲ ਅਜਿਹਾ ਧੱਕਾ ਹੋਇਆ ਕਿ ਵੋਟਾਂ ਵਾਲੇ ਦਿਨ ਹੀ ਸਰਕਾਰ ਨੇ ਧੱਕੇਸ਼ਾਹੀ ਕਰਕੇ ਆਪਣੇ ਚਹੇਤੇ ਅਮਨਦੀਪ ਸਿੰਘ ਨੂੰ ਸਰਪੰਚ ਬਣਾਉਣ ਦੀ ਕੋਸ਼ਿਸ਼ ਕੀਤੀ। ਵਾਰ-ਵਾਰ ਵੋਟਾਂ ਦੀ ਗਿਣਤੀ ਕਰਵਾਉਣ ਤੋਂ ਭੜਕੇ ਲੋਕਾਂ ਨੇ ਸਾਰੀ ਰਾਤ ਧਰਨਾ ਦੇ ਕੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮਾਮਲੇ ਸੰਬੰਧੀ ਗੱਲਬਾਤ ਕਰਦੇ ਹੋਏ ਸਰਪੰਚ ਆਹੁਦੇ ਦੀ ਚੋਣ ਲੜਨ ਵਾਲੇ ਸੁਖਮੀਤ ਸਿੰਘ ਨੇ ਆਪਣੀ ਦਰਦ ਭਰੀ ਕਹਾਣੀ ਦੱਸਦੇ ਹੋਏ ਕਿਹਾ ਕਿ ਉਹ 20 ਵੋਟਾਂ ਦੇ ਫਰਕ ਨਾਲ ਜੇਤੂ ਹੋ ਗਏ ਸੀ, ਪਰ ਮੌਕੇ 'ਤੇ ਚੋਣ ਆਬਜ਼ਰਵਰ ਨੇ ਐਲਾਨ ਨਾ ਕੀਤਾ ਅਤੇ ਪ੍ਰਸ਼ਾਸ਼ਨ ਦੀ ਧੱਕੇਸ਼ਾਹੀ ਨਾਲ ਨਿਯਮਾਂ ਅਨੁਸਾਰ 9 ਨੰਬਰ ਫਾਰਮ ਦਸਤਖਤ ਕਰਵਾਉਣੇ ਹੁੰਦੇ ਹਨ ਪਰ ਇਸ ਫਾਰਮ 'ਤੇ ਦਸਤਖਤਾਂ ਤੋਂ ਬਿਨ੍ਹਾਂ ਹੀ ਪਿੰਡ ਦੀ ਸਰਪੰਚੀ ਨੂੰ ਹਵਾ ਵਿਚ ਲਟਕਦੀ ਛੱਡ ਗਏ। ਬਾਅਦ ਵਿਚ ਆਪਮੁਹਾਰੇ ਹੀ ਸਰਪੰਚ ਬਣੇ ਅਮਨਦੀਪ ਸਿੰਘ ਨੇ ਆਹੁਦੇ ਦੀ ਦੁਰਵਰਤੋਂ ਕਰਕੇ ਕਾਨੂੰਨ ਦੀਆਂ ਧੱਜੀਆਂ ਉਡਾ ਕੇ ਸ਼ਾਮਲਾਟ ਜਮੀਨ ਵਿਚੋਂ ਬਿਨ੍ਹਾਂ ਮਨਜੂਰੀ ਤੋਂ ਕੀਤੀ ਗਈ ਮਾਈਨਿੰਗ ਕਰਨ ਦੇ ਮਾਮਲੇ ਵਿਚ ਡੀ. ਡੀ. ਪੀ. ਓ. ਪਟਿਆਲਾ ਨੇ ਮੁਅੱਤਲ ਕਰ ਦਿੱਤਾ ਹੈ ਅਤੇ ਅਗਲੇ ਹੁਕਮਾਂ ਤੱਕ ਪੰਚਾਇਤ ਦੀ ਕਿਸੇ ਵੀ ਮੀਟਿੰਗ ਵਿਚ ਸ਼ਾਮਲ ਹੋਣ 'ਤੇ ਵੀ ਪਾਬੰਦ ਲਗਾਉਣ ਦੇ ਹੁਕਮ ਜਾਰੀ ਕਰ ਦਿੱਤੇ ਗਏ ਸਨ। ਪਰ ਮੁੜ ਤੋਂ ਇਸ ਵਿਅਕਤੀ ਵਲੋਂ ਧੜੱਲੇ ਨਾਲ ਸਰਕਾਰੀ ਜਮੀਨ ਤੋਂ ਮਾਈਨਿੰਗ ਕਰਨ ਤੋਂ ਰੋਕਣ ਲਈ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਨੇ ਇਸ ਖਿਲਾਫ ਕਾਰਵਾਈ ਕਰਕੇ ਸੰਬੰਧਿਤ ਵਿਭਾਗ ਨੂੰ ਭੇਜ ਦਿੱਤੀ ਹੈ, ਜਿਸ ਵਿਚ ਉਨ੍ਹਾਂ ਨੇ ਸਾਡੇ ਵਿਭਾਗ ਤੋਂ ਮਨਜ਼ੂਰੀ ਲਏ ਬਿਨ੍ਹਾਂ ਹੀ ਮਾਈਨਿੰਗ ਕਰਕੇ ਕਾਨੂੰਨ ਦੀਆਂ ਧੱਜੀਆਂ ਉਡਾਉਣ ਦਾ ਹਵਾਲਾ ਦਿੱਤਾ ਹੈ।ਸੁਖਮੀਤ ਸਿੰਘ ਨੇ ਦੱਸਿਆ ਕਿ ਇਸ ਵਿਅਕਤੀ ਖਿਲਾਫ ਪਿੰਡ ਵਿਚ ਕੰਮ ਕਰਨ ਨੂੰ ਲੈ ਕੇ ਮਾਣਯੋਗ ਹਾਈਕੋਰਟ ਵੱਲੋਂ ਵੀ ਅਗਲੇ ਹੁਕਮਾਂ ਤੱਕ ਸਟੇਅ ਆਰਡਰ ਜਾਰੀ ਕੀਤੇ ਹੋਏ ਹਨ। ਪਰ ਇਸ ਵਿਅਕਤੀ ਵੱਲੋਂ ਮਾਣਯੋਗ ਅਦਾਲਤ ਅਤੇ ਕਾਨੂੰਨ ਦੀ ਪ੍ਰਵਾਹ ਨਾ ਕਰਦੇ ਹੋਏ ਪਿੰਡ ਤੇ ਪੰਚਾਇਤੀ ਕੰਮਾਂ ਵਿਚ ਧੱਕੇਸ਼ਾਹੀ ਨਾਲ ਦਖਲਅੰਦਾਜ਼ੀ ਕੀਤੀ ਜਾ ਰਹੀ ਹੈ, ਜਿਸ ਵਿਚ ਨਾਭਾ ਦਾ ਸਿਵਲ ਅਤੇ ਪੁਲਸ ਪ੍ਰਸਾਸ਼ਨ ਰਲਿਆ ਹੋਇਆ ਹੈ ਤਾਂ ਹੀ ਇਸ ਵਿਅਕਤੀ ਦੇ ਹੌਸਲੇ ਬੁਲੰਦ ਹਨ।ਉਨ੍ਹਾਂ ਕਿਹਾ ਕਿ 6 ਅਕਤੂਬਰ 2026 ਨੂੰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਨਾਭਾ ਵੱਲੋਂ ਜਾਰੀ ਕੀਤੇ ਗਏ ਪੱਤਰ ਵਿਚ ਸਾਫ ਲਿਖਿਆ ਹੈ ਕਿ ਗ੍ਰਾਮ ਪੰਚਾਇਤ ਕੋਟ ਕਲਾਂ ਨੂੰ ਕੋਈ ਵੀ ਸ਼ਾਮਲਾਟ ਜਗ੍ਹਾ ਵਿਚੋਂ ਮਿੱਟੀ ਪੁੱਟਣ ਦੀ ਪ੍ਰਵਾਨਗੀ ਨਹੀਂ ਦਿੱਤੀ ਗਈ।

ਲੱਗੇ ਦੋਸ਼ਾਂ ਨੂੰ ਨਕਾਰਿਆ

ਜਦੋਂ ਇਸ ਮਾਮਲੇ ਸੰਬੰਧੀ ਸਰਪੰਚ ਆਹੁਦੇ ਤੋਂ ਮੁਅੱਤਲ ਕੀਤੇ ਗਏ ਅਮਨਦੀਪ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੇਰੇ ਵੱਲੋਂ ਕੋਈ ਵੀ ਮਾਈਨਿੰਗ ਨਹੀਂ ਕੀਤੀ ਗਈ, ਮੇਰੇ 'ਤੇ ਲੱਗੇ ਸਾਰੇ ਦੋਸ਼ ਝੂਠੇ ਤੇ ਬੇਬੁਨਿਆਦ ਹਨ। ਜਿਹੜੀ ਮਿੱਟੀ ਪੁਟਾਈ ਕੀਤੀ ਗਈ ਹੈ, ਉਹ ਪੀ. ਡਬਲਿਯੂ. ਡੀ./ਬੀ. ਐਂਡ ਆਰ. ਵੱਲੋਂ ਬਣਾਈ ਜਾ ਰਹੀ ਸੜਕ ਵਾਲੀ ਥਾਂ 'ਤੇ ਮਿੱਟੀ ਦੀ ਪੂਰਤੀ ਕੀਤੀ ਗਈ ਹੈ।

ਤਲਵਾਰਬਾਜ਼ੀ ਸੀਨੀਅਰ ਸੂਬਾ ਪੱਧਰੀ ਮੁਕਾਬਲੇ ਕਰਵਾਏ; ਪੀ. ਆਈ. ਐਸ. ਮੁਹਾਲੀ ਦੇ ਖਿਡਾਰੀਆਂ ਨੇ ਜਿੱਤੇ ਤਮਗੇ



ਪਟਿਆਲਾ, 4 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਫੈਂਸਿੰਗ ਐਸੋਸੀਏਸ਼ਨ ਪੰਜਾਬ ਵੱਲੋਂ ਸੀਨੀਅਰ ਖਿਡਾਰੀਆਂ ਦੇ ਤਲਵਾਰਬਾਜ਼ੀ ਮੁਕਾਬਲੇ ਦੋਨ ਗਰੁੱਪ ਆਫ ਇੰਸਟੀਚਿਊਟ ਭੇਡਪੁਰਾ ਵਿਖੇ ਕਰਵਾਏ ਗਏ। ਜਿਨ੍ਹਾਂ ਦੀ ਸ਼ੁਰੂਆਤ ਫੈਂਸਿੰਗ ਐਸੋਸੀਏਸ਼ਨ ਦੇ ਸੈਕਟਰੀ ਐਡਵੋਕੇਟ ਅਨਿਲ ਅਰੋੜਾ ਵੱਲੋਂ ਜੋਤੀ ਪ੍ਰਚੰਡ ਕਰਕੇ ਮੈਚਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਡਾਕਟਰ ਸੰਜੀਵ ਸਿੰਘ ਡਾਇਰੈਕਟਰ ਦੋਨ ਗਰੁੱਪ, ਐਡਮਿਨ ਡਾਇਰੈਕਟਰ ਸੁਨੀਲ ਡਾਂਗੀ, ਨਵੀਨ ਸ਼ੋਰੀ ਜਲੰਧਰ, ਨਰਿੰਦਰ ਕੁਮਾਰ, ਬ੍ਰਿਜ ਲਾਲ ਮਾਨਸਾ, ਕੋਚ ਅਜੇ ਸੂਦ, ਸ਼ਰਦ ਕੁਮਾਰ,ਪੀ.ਆਈ.ਐਸ. ਦੇ ਕੋਚ ਪੰਕਜ ਸਿੰਗਲਾ, ਕੋਚ ਸਿਮਰਨਜੀਤ ਕੌਰ, ਕੋਚ ਧਰੁਵ ਵਾਲੀਆ ਵੀ ਹਾਜ਼ਰ ਸਨ। ਇਸ ਟੂਰਨਾਮੈਂਟ ਵਿਚ ਫੁਆਇਲ, ਇੱਪੀ, ਸਾਇਬਰ ਆਦਿ ਲੜਕੇ ਲੜਕੀਆਂ ਦੇ ਤਲਵਾਰਬਾਜ਼ੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਪੀ. ਆਈ. ਐਸ. ਮੁਹਾਲੀ ਦੇ ਖਿਡਾਰੀਆਂ ਨੇ ਆਪਣੀ ਕਲਾ ਦੇ ਜ਼ੌਹਰ ਦਿਖਾਉਂਦੇ ਹੋਏ ਤਮਗੇ ਹਾਸਲ ਕੀਤੇ। ਉਥੇ ਹੀ ਸੀਨੀਅਰ ਸਟੇਟ ਚੈਂਪੀਅਨਸ਼ਿਪ ਵਿਚ ਫੁਆਇਲ ਮੁਕਾਬਲੇ 'ਚ ਜੈਸਮੀਨ ਕੌਰ ਨੇ ਗੋਲਡ, ਗੁਰਜੋਤ ਕੌਰ ਨੇ ਸਿਲਵਰ ਤੇ ਗੁਰਲੀਨ ਕੌਰ ਰੱਖੜਾ ਤੇ ਹਿਬਾ ਨੇ ਬ੍ਰਾਊਨਜ਼ ਮੈਡਲ ਜਿੱਤ ਕੇ ਪੰਜਾਬ ਦਾ ਨਾਮ ਚਮਕਾਇਆ। ਉਥੇ ਹੀ ਲੜਕੀਆਂ ਦੀ ਟੀਮ ਮੁਕਾਬਲਿਆਂ ਵਿਚ ਪਟਿਆਲਾ ਗੋਲਡ ਪੀ. ਆਈ. ਐਸ. ਮੁਹਾਲੀ ਸਿਲਵਰ ਮੈਡਲ, ਅੰਮ੍ਰਿਤਸਰ ਦੀ ਟੀਮ ਨੇ ਬ੍ਰਾਊਨਜ਼ ਮੈਡਲ ਜਿੱਤਿਆ। ਜ਼ਿਕਰਯੋਗ ਹੈ ਕਿ ਸੂਬਾ ਪੱਧਰੀ ਸੀਨੀਅਰ ਸਟੇਟ ਚੈਂਪੀਅਨਸ਼ਿਪ ਵਿਚ ਮੈਡਲ ਹਾਸਲ ਕਰਨ ਵਾਲੇ ਖਿਡਾਰੀਆਂ ਨੇ ਭਵਿੱਖ ਵਿਚ ਆ ਰਹੀਆਂ ਨੈਸ਼ਨਲ ਫੈਂਸਿੰਗ ਮੁਕਾਬਲਿਆਂ ਵਿਚ ਆਪਣੀ ਜਗ੍ਹਾ ਬਣਾਈ।

ਮੋਦੀ ਜੀ ਦੀਆਂ ਨੀਤੀਆਂ ਅਤੇ ਭਾਜਪਾ ਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਤਿੰਨ ਪ੍ਰਮੁੱਖ ਆਗੂਆਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਨਵੇਂ ਸਿਆਸੀ ਬਦਲਾਅ ਦਾ ਸੰਕੇਤ : ਡਾ. ਹਰਜੋਤ ਕਮਲ



ਮੋਗਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੀ ਸਿਆਸਤ ਵਿੱਚ ਸੋਮਵਾਰ ਨੂੰ ਉਸ ਸਮੇਂ ਇੱਕ ਵੱਡਾ ਸਿਆਸੀ ਘਟਨਾਕ੍ਰਮ ਦੇਖਣ ਨੂੰ ਮਿਲਿਆ, ਜਦੋਂ ਆਮ ਆਦਮੀ ਪਾਰਟੀ ਨਾਲ ਜੁੜੇ ਤਿੰਨ ਪ੍ਰਮੁੱਖ ਆਗੂ ਹਰਮੀਤ ਸਿੰਘ ਪਠਾਨਮਾਜਰਾ, ਚੇਤਨ ਸਿੰਘ ਜੌੜਾਮਾਜਰਾ ਅਤੇ ਕੁੰਵਰ ਵਿਜੇ ਪ੍ਰਤਾਪ ਸਿੰਘ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਨਵੀਂ ਦਿੱਲੀ ਸਥਿਤ ਭਾਜਪਾ ਦੇ ਮੁੱਖ ਦਫ਼ਤਰ ਵਿਖੇ ਭਾਜਪਾ ਪੰਜਾਬ ਦੇ ਇੰਚਾਰਜ ਸ੍ਰੀ ਸਤੀਸ਼ ਪੂਨੀਆ ਅਤੇ ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਸਮੇਤ ਸੀਨੀਅਰ ਆਗੂਆਂ ਦੀ ਮੌਜੂਦਗੀ ਵਿੱਚ ਇਨ੍ਹਾਂ ਆਗੂਆਂ ਨੇ ਭਾਜਪਾ ਪਰਿਵਾਰ ਦਾ ਹਿੱਸਾ ਬਣਨ ਦਾ ਫ਼ੈਸਲਾ ਕੀਤਾ।

ਇਸ ਸਿਆਸੀ ਘਟਨਾਕ੍ਰਮ ਦਾ ਸਵਾਗਤ ਕਰਦਿਆਂ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਡਾ. ਹਰਜੋਤ ਕਮਲ ਨੇ ਤਿੰਨਾਂ ਆਗੂਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਅਤੇ ਅਭਿਨੰਦਨ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਸੁਚੱਜੀ ਅਗਵਾਈ, ਲੋਕ ਭਲਾਈ ਦੀਆਂ ਨੀਤੀਆਂ, ਰਾਸ਼ਟਰ ਹਿੱਤ ਨੂੰ ਸਰਵਉੱਚ ਰੱਖਣ ਵਾਲੀ ਸੋਚ ਅਤੇ ਦੇਸ਼ ਦੇ ਵਿਕਾਸ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਤੋਂ ਪ੍ਰਭਾਵਿਤ ਹੋ ਕੇ ਦੇਸ਼ ਭਰ ਵਿੱਚ ਲੋਕ ਭਾਜਪਾ ਨਾਲ ਜੁੜ ਰਹੇ ਹਨ।

ਪੰਜਾਬ ਵਿੱਚ ਤਿੰਨ ਪ੍ਰਮੁੱਖ ਆਗੂਆਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਵੀ ਇਸੇ ਬਦਲਦੇ ਸਿਆਸੀ ਵਿਸ਼ਵਾਸ ਦਾ ਪ੍ਰਤੀਕ ਹੈ।✪✪ਡਾ. ਹਰਜੋਤ ਕਮਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦੀ ਜਨਤਾ ਹੀ ਨਹੀਂ, ਸਗੋਂ ਪਾਰਟੀ ਦੇ ਆਪਣੇ ਆਗੂ ਅਤੇ ਵਿਧਾਇਕ ਵੀ ਨਿਰਾਸ਼ ਨਜ਼ਰ ਆ ਰਹੇ ਹਨ। ਚੋਣਾਂ ਦੌਰਾਨ ਕੀਤੇ ਗਏ ਵੱਡੇ-ਵੱਡੇ ਵਾਅਦਿਆਂ ਅਤੇ ਜ਼ਮੀਨੀ ਹਕੀਕਤ ਵਿਚਕਾਰ ਵਧ ਰਹੇ ਪਾੜੇ, ਸਰਕਾਰ ਦੀ ਕਾਰਜਪ੍ਰਣਾਲੀ ਅਤੇ ਪਾਰਟੀ ਦੀਆਂ ਨੀਤੀਆਂ ਕਾਰਨ ਪੈਦਾ ਹੋਈ ਅਸੰਤੁਸ਼ਟੀ ਦੇ ਚਲਦਿਆਂ ਆਗੂਆਂ ਵੱਲੋਂ ਪਾਰਟੀ ਛੱਡਣਾ ਆਮ ਆਦਮੀ ਪਾਰਟੀ ਲਈ ਇੱਕ ਗੰਭੀਰ ਸਿਆਸੀ ਸੰਦੇਸ਼ ਹੈ।✪✪ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਭਾਜਪਾ ਨੇ ਦੇਸ਼ ਨੂੰ ਵਿਕਾਸ, ਸੁਸ਼ਾਸਨ, ਮਜ਼ਬੂਤ ਰਾਸ਼ਟਰੀ ਸੁਰੱਖਿਆ ਅਤੇ ਲੋਕ ਭਲਾਈ ਦੀ ਨਵੀਂ ਦਿਸ਼ਾ ਦਿੱਤੀ ਹੈ। ਭਾਜਪਾ ਦੀ ਰਾਸ਼ਟਰਵਾਦੀ ਵਿਚਾਰਧਾਰਾ, ਪਾਰਦਰਸ਼ੀ ਸ਼ਾਸਨ ਪ੍ਰਣਾਲੀ ਅਤੇ 'ਸਭਕਾ ਸਾਥ, ਸਭਕਾ ਵਿਕਾਸ, ਸਭਕਾ ਵਿਸ਼ਵਾਸ ਅਤੇ ਸਭਕਾ ਪ੍ਰਯਾਸ' ਦਾ ਮੰਤਰ ਅੱਜ ਸਮਾਜ ਦੇ ਹਰ ਵਰਗ ਨੂੰ ਪ੍ਰਭਾਵਿਤ ਕਰ ਰਿਹਾ ਹੈ।✪✪ਡਾ. ਹਰਜੋਤ ਕਮਲ ਨੇ ਵਿਸ਼ਵਾਸ ਪ੍ਰਗਟਾਇਆ ਕਿ ਹਰਮੀਤ ਸਿੰਘ ਪਠਾਨਮਾਜਰਾ, ਚੇਤਨ ਸਿੰਘ ਜੌੜਾਮਾਜਰਾ ਅਤੇ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਪੰਜਾਬ ਵਿੱਚ ਪਾਰਟੀ ਸੰਗਠਨ ਨੂੰ ਨਵੀਂ ਮਜ਼ਬੂਤੀ ਮਿਲੇਗੀ।

ਉਨ੍ਹਾਂ ਦੇ ਤਜਰਬੇ ਅਤੇ ਸਿਆਸੀ ਯੋਗਦਾਨ ਨਾਲ ਪਾਰਟੀ ਨੂੰ ਸੂਬੇ ਵਿੱਚ ਲੋਕ ਹਿੱਤ ਦੇ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਵਿੱਚ ਸਹਿਯੋਗ ਮਿਲੇਗਾ।✪✪ਅੰਤ ਵਿੱਚ ਡਾ. ਹਰਜੋਤ ਕਮਲ ਨੇ ਭਾਜਪਾ ਪੰਜਾਬ ਦੇ ਇੰਚਾਰਜ ਸ੍ਰੀ ਸਤੀਸ਼ ਪੂਨੀਆ ਜੀ, ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਜੀ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਜਪਾ ਜ਼ਿਲ੍ਹਾ ਮੋਗਾ ਦੀ ਸਮੁੱਚੀ ਟੀਮ ਨਵੇਂ ਸਾਥੀਆਂ ਦਾ ਸਵਾਗਤ ਕਰਦੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਹਰ ਸਾਥੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਅਤੇ ਪੰਜਾਬ ਨੂੰ ਖੁਸ਼ਹਾਲ, ਸੁਰੱਖਿਅਤ ਅਤੇ ਵਿਕਾਸਸ਼ੀਲ ਬਣਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਦਾ ਰਹੇਗਾ।

ਦੂਜੀ ਵਾਰ ਪਾਰਟੀ ਟਿਕਟ ਮਿਲਣ 'ਤੇ ਵਿਧਾਇਕ ਦਿਨੇਸ਼ ਚੱਢਾ ਦਾ ਪਿੰਡ ਝਾਂਡੀਆਂ ਵਿਖੇ ਵਿਸ਼ੇਸ਼ ਸਨਮਾਨ



ਨੂਰਪੁਰਬੇਦੀ 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਰੂਪਨਗਰ ਤੋਂ ਮੌਜੂਦਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੂੰ ਦੂਜੀ ਵਾਰ ਪਾਰਟੀ ਟਿਕਟ ਦਿੱਤੇ ਜਾਣ ਦੀ ਖੁਸ਼ੀ ਵਿੱਚ ਖੇਤਰ ਦੇ ਪਿੰਡ ਝਾਂਡੀਆਂ ਵਿਖੇ ਪਾਰਟੀ ਵਰਕਰਾਂ ਅਤੇ ਵੱਖ-ਵੱਖ ਆਗੂਆਂ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਫੁੱਲਾਂ ਦੇ ਹਾਰ ਪਾ ਕੇ ਵਿਧਾਇਕ ਦਿਨੇਸ਼ ਚੱਢਾ ਦਾ ਨਿੱਘਾ ਸਵਾਗਤ ਕੀਤਾ ਅਤੇ ਪਾਰਟੀ ਹਾਈਕਮਾਂਡ ਦੇ ਫੈਸਲੇ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਨੇ ਸਮੂਹ ਪਾਰਟੀ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦੂਜੀ ਵਾਰ ਟਿਕਟ ਦੇ ਕੇ ਉਨ੍ਹਾਂ 'ਤੇ ਜਿਹੜਾ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ ਲਈ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਇਹ ਸਨਮਾਨ ਸਿਰਫ਼ ਉਨ੍ਹਾਂ ਦਾ ਨਹੀਂ, ਸਗੋਂ ਹਲਕੇ ਦੇ ਹਰ ਉਸ ਵਰਕਰ ਦਾ ਹੈ, ਜਿਸ ਨੇ ਪਾਰਟੀ ਦੀ ਮਜ਼ਬੂਤੀ ਅਤੇ ਲੋਕਾਂ ਦੀ ਸੇਵਾ ਲਈ ਲਗਾਤਾਰ ਮਿਹਨਤ ਕੀਤੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਪਹਿਲਾਂ ਵਾਂਗ ਹੀ ਲੋਕਾਂ ਦੇ ਵਿਚਕਾਰ ਰਹਿ ਕੇ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨਸ਼ੀਲ ਰਹਿਣਗੇ।

ਇਸ ਮੌਕੇ ਪਾਰਟੀ ਦੇ ਇਕ ਆਗੂ ਨੇ ਕਿਹਾ ਕਿ ਦਿਨੇਸ਼ ਚੱਢਾ ਨੂੰ ਮੁੜ ਟਿਕਟ ਮਿਲਣਾ ਪਾਰਟੀ ਵਰਕਰਾਂ ਲਈ ਮਾਣ ਅਤੇ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕਾਂ ਨਾਲ ਕੀਤੇ ਜਾ ਰਹੇ ਸਿੱਧੇ ਸੰਪਰਕ ਸਦਕਾ ਵਰਕਰਾਂ ਵਿੱਚ ਕਾਫ਼ੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਸਮੂਹ ਵਰਕਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਇਕਜੁੱਟ ਹੋ ਕੇ ਪਾਰਟੀ ਦੀ ਜਿੱਤ ਵਾਸਤੇ ਮਿਹਨਤ ਕਰਨਗੇ।

ਬੀ.ਐਸ.ਐਫ. ਵਲੋਂ ਕਰੋੜਾਂ ਰੁਪਏ ਦੀ ਹੈਰੋਇਨ ਬਰਾਮਦ



ਤਰਨ ਤਾਰਨ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਿੰਦ ਪਾਕਿ ਸਰਹੱਦ 'ਤੇ ਸਥਿਤ ਪਿੰਡ ਛੀਨਾ ਬਿਧੀ ਚੰਦ ਨੇੜਿਉਂ ਬੀ.ਐਸ.ਐਫ. ਦੀ 115 ਬਟਾਲੀਅਨ ਦੇ ਜਵਾਨਾਂ ਨੇ 449 ਗ੍ਰਾਮ ਹੈਰੋਇਨ ਫੜੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਬੀ.ਐਸ.ਐਫ. ਬੀ.ਓ.ਪੀ. 115 ਬਟਾਲੀਅਨ ਦੇ ਜੁਵਾਨਾਂ ਵਲੋਂ ਸਰਹੱਦ ਨੇੜੇ ਕੀਤੇ ਜਾ ਰਹੇ ਸਰਚ ਆਪ੍ਰੇਸ਼ਨ ਦੌਰਾਨ ਸਰਹੱਦੀ ਪਿੰਡ ਬਿਧੀਚੰਦ ਛੀਨਾ ਦੇ ਬਾਹਰੋਂ ਸ਼ੱਕੀ ਹਾਲਤ ਵਿਚ ਪੀਲੇ ਰੰਗ ਦਾ ਬੰਦ ਲਿਫਾਫਾ ਮਿਲਿਆ, ਜਿਸ ਨੂੰ ਚੈਕ ਕਰਨ 'ਤੇ ਉਸ ਵਿਚੋਂ ਹੈਰੋਇਨ ਵਜ਼ਨ 449 ਗ੍ਰਾਮ ਹੋਇਆ । ਇਕ ਦੇ ਜਵਾਨਾਂ ਨੇ ਦੱਸਿਆ ਕਿ ਇਹ ਨਸ਼ੀਲੇ ਪਦਾਰਥ ਦਾ ਲਿਫਾਫਾ ਪਾਕਿਸਤਾਨ ਵਲੋਂ ਡਰੋਨ ਰਾਹੀਂ ਸੁੱਟਿਆ ਗਿਆ ਹੈ।ਬੀ.ਐਸ.ਐਫ. ਦੇ ਅਧਿਕਾਰੀਆਂ ਨੇ ਥਾਣਾ ਸਰਾਏ ਅਮਾਨਤ ਖਾਂ ਦੀ ਪੁਲਿਸ ਨੂੰ ਮੌਕੇ ਤੇ ਬੁਲਾਕੇ ਹੈਰੋਇਨ ਉਨ੍ਹਾਂ ਦੇ ਹਵਾਲੇ ਕਰ ਦਿਤੀ।ਥਾਣਾ ਸਰਾਏ ਅਮਾਨਤ ਖਾਂ ਵਿਖੇ ਇਸ ਸੰਬੰਧੀ ਕੇਸ ਦਰਜ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿਤੀ ਗਈ ਹੈ।

ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਨਿੱਜੀ ਕਬਜੇ/ਮਾਲਕੀ ਵਾਲੇ ਖਾਲੀ ਪਏ ਪਲਾਟਾਂ ਵਿਚ ਸਾਫ-ਸਫਾਈ ਕਰਵਾਈ ਜਾਵੇ ਲਾਜ਼ਮੀ

ਫਾਜਿਲਕਾ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਮੈਜਿਸਟਰੇਟ ਅਮਰਪ੍ਰੀਤ ਕੌਰ ਸੰਧੂ ਆਈ.ਏ.ਐਸ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 (ਪੁਰਾਣੀ ਸੀ.ਆਰ.ਪੀ.ਸੀ. 1973 ਦੀ ਧਾਰਾ 144) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਨਿੱਜੀ ਕਬਜੇ/ਮਾਲਕੀ ਵਾਲੇ ਖਾਲੀ ਪਏ ਪਲਾਟਾਂ ਵਿਚ ਕੂੜੇ ਕਰਕਟ, ਗੰਦਗੀ ਅਤੇ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੇ ਬਚਾਅ ਲਈ ਅਗਾਊਂ ਢੁੱਕਵੇਂ ਪ੍ਰਬੰਧ ਯਕੀਨੀ ਬਣਾਉਣਾ ਹੈ। ਹੁਕਮਾਂ ਰਾਹੀਂ ਸ਼ਹਿਰ ਵਿਚ ਖਾਲੀ ਪਏ ਪਲਾਟਾਂ ਦੇ ਮਾਲਕ/ਕਾਬਜ ਆਪਣੇ ਖਾਲੀ ਪਲਾਟਾਂ ਵਿਚ ਲਗੇ ਕੂੜੇ ਕਰਕਟ ਦੇ ਢੇਰ, ਗੰਦਗੀ ਅਤੇ ਮੀਂਹ ਦੇ ਰੁੱਕੇ ਹੋਏ ਗੰਦੇ ਪਾਣੀ ਦੀ ਤੁਰੰਤ ਸਾਫ ਸਫਾਈ ਆਪਣੇ ਪੱਧਰ *ਤੇ ਕਰਵਾਉਣੀ ਯਕੀਨੀ ਬਣਾਉਣਗੇ। ਆਪਣੀ ਮਾਲਕੀ /ਕਬਜੇ ਵਾਲੇ ਖਾਲੀ ਪਲਾਟ ਦੇ ਆਲੇ ਦੁਆਲੇ ਪੱਕੀ ਚਾਰ ਦੀਵਾਰੀ ਜਾਂ ਫੈਂਸਿੰਗ (ਤਾਰਬੰਦੀ) ਕਰਵਾਉਣੀ ਯਕੀਨੀ ਬਣਾਈ ਜਾਵੇ ਤਾਂ ਜੋ ਪਲਾਟ ਵਿਚ ਕੂੜਾ ਕਰਕਟ ਇਕਠਾ ਹੋਣ ਤੋਂ ਰੋਕਿਆ ਜਾਵੇ।

ਅੰਮ੍ਰਿਤਪਾਲ ਸਿੰਘ ਨੇ ਜਲੰਧਰ ਦੇ ਵਿਕਾਸ ਲਈ ਖੋਲ੍ਹਿਆ ਗ੍ਰਾਂਟਾਂ ਦਾ ਪਿਟਾਰਾ, ਸੜਕ, ਬਿਜਲੀ ਅਤੇ ਸਿਹਤ ਸੁਵਿਧਾਵਾਂ ਲਈ ਜਾਰੀ ਕੀਤੇ ਲੱਖਾਂ ਰੁਪਏ

ਜਲੰਧਰ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-




ਜਲੰਧਰ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦੇਣ ਲਈ ਪਲਾਨਿੰਗ ਬੋਰਡ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਵੱਲੋਂ ਇੱਕੋ ਸਮੇਂ 10 ਵਿਕਾਸ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ। ਸ਼ਹਿਰ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਵਾਰਡਾਂ ਤੋਂ ਲੈ ਕੇ ਪੇਂਡੂ ਖੇਤਰਾਂ ਤੱਕ ਵਿਕਾਸ ਕਾਰਜਾਂ ਲਈ ਜਾਰੀ ਕੀਤੀਆਂ ਇਨ੍ਹਾਂ ਗ੍ਰਾਂਟਾਂ ਦੇ ਮਾਧਿਅਮ ਨਾਲ ਸੜਕ ਨਿਰਮਾਣ, ਬਿਜਲੀ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਸਿਹਤ ਅਤੇ ਫਿਟਨੈਸ ਸੁਵਿਧਾਵਾਂ ਦਾ ਵਿਸਥਾਰ ਕੀਤਾ ਜਾਵੇਗਾ। ਇਸ ਪਹਿਲਕਦਮੀ ਤਹਿਤ ਵੱਖ-ਵੱਖ ਵਿਭਾਗਾਂ ਨੂੰ ਫੰਡ ਉਪਲਬਧ ਕਰਵਾਏ ਗਏ ਹਨ, ਤਾਂ ਜੋ ਸਥਾਨਕ ਪੱਧਰ 'ਤੇ ਲੋਕਾਂ ਦੀਆਂ ਲੋੜਾਂ ਮੁਤਾਬਕ ਵਿਕਾਸ ਕਾਰਜ ਕਰਵਾਏ ਜਾ ਸਕਣ।

ਅੰਮ੍ਰਿਤਪਾਲ ਸਿੰਘ ਵੱਲੋਂ ਜਾਰੀ ਇਨ੍ਹਾਂ ਗ੍ਰਾਂਟਾਂ ਵਿੱਚ ਸੜਕ ਨਿਰਮਾਣ ਲਈ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਜਮਸ਼ੇਰ ਰੋਡ, ਜੋ ਗੁਰਵਿੰਦਰ ਸਿੰਘ ਸ਼ੇਰਗਿੱਲ ਦੇ ਘਰ ਵੱਲ ਜਾਂਦੀ ਹੈ, ਦੇ ਨਿਰਮਾਣ ਲਈ ਪੀਡਬਲਯੂਡੀ ਵਿਭਾਗ ਨੂੰ 10 ਲੱਖ ਰੁਪਏ ਦਿੱਤੇ ਗਏ ਹਨ। ਇਸ ਦੇ ਨਾਲ ਹੀ ਪਿੰਡ ਅਲੀਪੁਰ ਵਿੱਚ ਸੜਕਾਂ ਦੇ ਨਿਰਮਾਣ ਲਈ 6.50 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਗਈ ਹੈ। ਇਨ੍ਹਾਂ ਦੋਵਾਂ ਕਾਰਜਾਂ ਨਾਲ ਸੰਬੰਧਿਤ ਖੇਤਰਾਂ ਵਿੱਚ ਆਵਾਜਾਈ ਬਿਹਤਰ ਹੋਣ ਦੇ ਨਾਲ ਸਥਾਨਕ ਨਿਵਾਸੀਆਂ ਨੂੰ ਰਾਹਤ ਮਿਲਣ ਦੀ ਉਮੀਦ ਹੈ।

ਸ਼ਹਿਰ ਦੀ ਬਿਜਲੀ ਵਿਵਸਥਾ ਲਈ ਵੀ ਕਈ ਵਾਰਡਾਂ ਨੂੰ ਗ੍ਰਾਂਟ ਦਿੱਤੀ ਗਈ ਹੈ। ਜਲੰਧਰ ਨਾਰਥ ਦੇ ਵਾਰਡ ਨੰਬਰ 68, ਜਲੰਧਰ ਸੈਂਟਰਲ ਦੇ ਵਾਰਡ ਨੰਬਰ 19, ਜਲੰਧਰ ਵੈਸਟ ਦੇ ਵਾਰਡ ਨੰਬਰ 40 ਅਤੇ 43, ਆਬਾਦਪੁਰਾ ਦੇ ਵਾਰਡ ਨੰਬਰ 34, ਵਾਰਡ ਨੰਬਰ 44 ਅਤੇ ਦਿਲਬਾਗ ਨਗਰ ਦੇ ਵਾਰਡ ਨੰਬਰ 56 ਵਿੱਚ ਪੀਐਸਪੀਸੀਐਲ ਦੇ ਮਾਧਿਅਮ ਨਾਲ ਵੱਖ-ਵੱਖ ਬਿਜਲੀ ਸੰਬੰਧੀ ਕਾਰਜ ਕਰਵਾਏ ਜਾਣਗੇ। ਇਨ੍ਹਾਂ ਵਿੱਚ ਟਰਾਂਸਫਾਰਮਰ ਲਗਾਉਣ ਅਤੇ ਅਪਗ੍ਰੇਡ ਕਰਨ ਵਰਗੇ ਕੰਮ ਵੀ ਸ਼ਾਮਲ ਹਨ। ਇਨ੍ਹਾਂ ਕਾਰਜਾਂ ਦੇ ਪੂਰਾ ਹੋਣ ਨਾਲ ਸੰਬੰਧਿਤ ਇਲਾਕਿਆਂ ਵਿੱਚ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤੀ ਮਿਲਣ ਦੀ ਉਮੀਦ ਹੈ।

ਪੇਂਡੂ ਖੇਤਰ ਦੇ ਵਿਕਾਸ ਨੂੰ ਵੀ ਇਸ ਪਹਿਲਕਦਮੀ ਵਿੱਚ ਜਗ੍ਹਾ ਦਿੱਤੀ ਗਈ ਹੈ। ਪਿੰਡ ਰਾਮੂਵਾਲ ਵਿੱਚ ਜਿਮ ਦਾ ਸਾਮਾਨ ਖਰੀਦਣ ਲਈ 2 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਗਈ ਹੈ। ਇਸ ਨਾਲ ਪਿੰਡ ਦੇ ਨੌਜਵਾਨਾਂ ਨੂੰ ਕਸਰਤ ਅਤੇ ਸਰੀਰਕ ਫਿਟਨੈਸ ਲਈ ਸੁਵਿਧਾਵਾਂ ਉਪਲਬਧ ਹੋਣਗੀਆਂ। ਇਹ ਕਦਮ ਪੇਂਡੂ ਪੱਧਰ 'ਤੇ ਸਿਹਤ ਅਤੇ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਸਾਬਤ ਹੋ ਸਕਦਾ ਹੈ। ਰਾਜਨੀਤਿਕ ਅਤੇ ਵਿਕਾਸ ਦੇ ਨਜ਼ਰੀਏ ਤੋਂ ਵੀ ਇਨ੍ਹਾਂ ਗ੍ਰਾਂਟਾਂ ਨੂੰ ਅਹਿਮ ਮੰਨਿਆ ਜਾ ਰਿਹਾ ਹੈ। ਜਲੰਧਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵੱਖ-ਵੱਖ ਲੋੜਾਂ ਲਈ ਫੰਡ ਜਾਰੀ ਹੋਣ ਨਾਲ ਵਿਕਾਸ ਦਾ ਦਾਇਰਾ ਕਈ ਖੇਤਰਾਂ ਤੱਕ ਪਹੁੰਚਿਆ ਹੈ। ਸੜਕ, ਬਿਜਲੀ ਅਤੇ ਸਿਹਤ ਵਰਗੀਆਂ ਸਿੱਧੇ ਤੌਰ 'ਤੇ ਜਨਤਾ ਨਾਲ ਜੁੜੀਆਂ ਸੁਵਿਧਾਵਾਂ 'ਤੇ ਖਰਚ ਹੋਣ ਵਾਲੀ ਇਹ ਰਾਸ਼ੀ ਸਥਾਨਕ ਪੱਧਰ 'ਤੇ ਵਿਕਾਸ ਕਾਰਜਾਂ ਲਈ ਅੰਮ੍ਰਿਤਪਾਲ ਸਿੰਘ ਦੀ ਭੂਮਿਕਾ ਨੂੰ ਵੀ ਚਰਚਾ ਵਿੱਚ ਲਿਆਵੇਗੀ। ਹੁਣ ਲੋਕਾਂ ਦੀਆਂ ਨਜ਼ਰਾਂ ਇਸ ਗੱਲ 'ਤੇ ਰਹਿਣਗੀਆਂ ਕਿ ਸੰਬੰਧਿਤ ਵਿਭਾਗ ਕਿੰਨੀ ਤੇਜ਼ੀ ਨਾਲ ਇਨ੍ਹਾਂ ਗ੍ਰਾਂਟਾਂ ਤਹਿਤ ਕੰਮ ਸ਼ੁਰੂ ਕਰਵਾ ਕੇ ਜਨਤਾ ਨੂੰ ਇਸ ਦਾ ਲਾਭ ਪਹੁੰਚਾਉਂਦੇ ਹਨ।

ਮੇਰਾ ਯੁਵਾ ਭਾਰਤ ਚੰਡੀਗੜ੍ਹ ਨੇ ਪੰਜਾਬ ਯੂਨੀਵਰਸਿਟੀ ਵਿਖੇ ਵੰਦੇ ਮਾਤਰਮ ਕੈਂਪ ਦਾ ਸਮਾਪਨ ਸਮਾਰੋਹ ਆਯੋਜਿਤ ਕੀਤਾ



ਚੰਡੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੀ ਸਰਪ੍ਰਸਤੀ ਵਿੱਚ ਮੇਰਾ ਯੁਵਾ ਭਾਰਤ ਚੰਡੀਗੜ੍ਹ ਨੇ ਅੱਜ ਪੰਜਾਬ ਯੂਨੀਵਰਸਿਟੀ ਵਿਖੇ ਹਫ਼ਤੇ ਭਰ ਚਲਣ ਵਾਲੇ ਵੰਦੇ ਮਾਤਰਮ ਕੈਂਪ ਦਾ ਸਮਾਪਨ ਸਮਾਰੋਹ ਆਯੋਜਿਤ ਕੀਤਾ। ਰਾਸ਼ਟਰੀ ਗੀਤ 'ਵੰਦੇ ਮਾਤਰਮ' ਦੇ 150 ਵਰ੍ਹੇ ਪੂਰੇ ਹੋਣ ਦੇ ਸਬੰਧ ਵਿੱਚ ਆਯੋਜਿਤ ਇਸ ਕੈਂਪ ਦਾ ਉਦੇਸ਼ ਨੌਜਵਾਨਾਂ ਵਿੱਚ ਦੇਸ਼ ਭਗਤੀ, ਰਾਸ਼ਟਰੀ ਗੌਰਵ ਅਤੇ ਜ਼ਿੰਮੇਦਾਰ ਨਾਗਰਿਕਤਾ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨਾ ਸੀ।
ਸਮਾਰੋਹ ਵਿੱਚ ਚੰਡੀਗੜ੍ਹ ਦੇ ਸੀਨੀਅਰ ਡਿਪਟੀ ਮੇਅਰ ਸ਼੍ਰੀ ਜਸਮਨਪ੍ਰੀਤ ਸਿੰਘ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ।

ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦੇ ਹੋਏ, ਮੇਰਾ ਯੁਵਾ ਭਾਰਤ ਚੰਡੀਗੜ੍ਹ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀ ਵਿਨੈ ਕੁਮਾਰ ਨੇ ਮੁੱਖ ਮਹਿਮਾਨ ਅਤੇ ਹੋਰ ਪਤਵੰਤੇ ਸੱਜਣਾਂ ਦਾ ਸੁਆਗਤ ਕੀਤਾ ਅਤੇ ਕੈਂਪ ਦੀਆਂ ਗਤੀਵਿਧੀਆਂ, ਅਨੁਭਵਾਂ ਅਤੇ ਪ੍ਰਮੁੱਖ ਸਿੱਖਿਆਵਾਂ 'ਤੇ ਅਧਾਰਿਤ ਸੰਖੇਪ ਰਿਪੋਰਟ ਪ੍ਰਸਤੁਤ ਕੀਤੀ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਜਸਮਨਪ੍ਰੀਤ ਸਿੰਘ ਨੇ ਉਨ੍ਹਾਂ ਦੇ ਉਤਸ਼ਾਹ ਅਤੇ ਸਰਗਰਮ ਸਹਿਭਾਗਿਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਨੌਜਵਾਨਾਂ ਨੂੰ ਕੈਂਪ ਵਿੱਚ ਪ੍ਰਾਪਤ ਗਿਆਨ ਅਤੇ ਕਦਰਾਂ- ਕੀਮਤਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਅਤੇ ਜਾਗਰੂਕ, ਜ਼ਿੰਮੇਦਾਰ ਅਤੇ ਸਰਗਰਮ ਨਾਗਰਿਕ ਬਣ ਕੇ ਸਮਾਜ ਅਤੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਦੇਣ ਲਈ ਪ੍ਰੇਰਿਤ ਕੀਤਾ।

ਮੇਰਾ ਯੁਵਾ ਭਾਰਤ ਚੰਡੀਗੜ੍ਹ ਦੇ ਡਿਪਟੀ ਡਾਇਰੈਕਟਰ ਸ਼੍ਰੀ ਸ਼ਿਵਧਨ ਸ਼ਰਮਾ ਨੇ ਪ੍ਰਤੀਭਾਗੀਆਂ ਨੂੰ ਕੈਂਪ ਦੇ ਦੌਰਾਨ ਵਿਕਸਿਤ ਦੇਸ਼ ਭਗਤੀ, ਏਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਅੱਗੇ ਵਧਾਉਣ ਦਾ ਸੱਦਾ ਦਿੱਤਾ।

ਕੈਂਪ ਵਿੱਚ ਸਹਿਭਾਗਿਤਾ ਅਤੇ ਇਸ ਨੂੰ ਸਫ਼ਲਤਾਪੂਰਵਕ ਪੂਰਨ ਕਰਨ ਲਈ ਸਾਰੇ ਪ੍ਰਤੀਭਾਗੀਆਂ ਨੂੰ ਸਹਿਭਾਗਿਤਾ ਮੈਡਲ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ।

ਪ੍ਰੋਗਰਾਮ ਦਾ ਸਮਾਪਨ ਅਕਾਊਂਟਸ ਅਤੇ ਪ੍ਰੋਗਰਾਮ ਸੁਪਰਵਾਇਜ਼ਰ ਸ਼੍ਰੀ ਹਰੀ ਪ੍ਰਕਾਸ਼ ਦੇ ਧੰਨਵਾਦ ਦੇ ਮਤੇ ਨਾਲ ਹੋਇਆ। ਉਨ੍ਹਾਂ ਨੇ ਕੈਂਪ ਨੂੰ ਸਫ਼ਲ ਬਣਾਉਣ ਲਈ ਮੁੱਖ ਮਹਿਮਾਨ, ਪਤਵੰਤੇ ਮਹਿਮਾਨਾਂ, ਆਯੋਜਕਾਂ ਅਤੇ ਪ੍ਰਤੀਭਾਗੀਆਂ ਦਾ ਆਭਾਰ ਵਿਅਕਤ ਕੀਤਾ।

ਬਾਜ਼ਾਰਾਂ ਦੀਆਂ ਸਮੱਸਿਆਵਾਂ ਸੁਣਨ ਪੁੱਜੀਆਂ ਵਿਸ਼ੇਸ਼ ਟੀਮਾਂ, ਹੱਲ ਲਈ ਹੋਵੇਗੀ ਪੈਰਵੀ : ਅਰਸ਼ ਸੱਚਰ



ਫਰੀਦਕੋਟ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਪੰਜਾਬ ਦੇ ਵਪਾਰ ਵਿੰਗ ਦੇ ਸੂਬਾ ਮੀਤ ਪ੍ਰਧਾਨ ਅਤੇ ਸੀਨੀਅਰ ਆਗੂ ਅਰਸ਼ ਸੱਚਰ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਫ਼ਰੀਦਕੋਟ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਸ਼ੇਸ਼ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ। ਇਸ ਤਹਿਤ ਵਪਾਰ ਵਿੰਗ ਦੀਆਂ ਟੀਮਾਂ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਪਹੁੰਚ ਕੇ ਦੁਕਾਨਦਾਰਾਂ ਨਾਲ ਸਿੱਧਾ ਰਾਬਤਾ ਕਾਇਮ ਕਰ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਮੇਨ ਬਾਜ਼ਾਰ, ਠੰਡੀ ਸੜਕ, ਡੋਗਰ ਬਸਤੀ, ਸਰਕੂਲਰ ਰੋਡ, ਪੁਰਾਣੀ ਦਾਣਾ ਮੰਡੀ, ਸਰਾਫ਼ਾਂ ਬਾਜ਼ਾਰ, ਲਾਈਨ ਬਾਜ਼ਾਰ, ਪੁਰਾਣੀ ਜੇਲ੍ਹ ਰੋਡ, ਨਹਿਰੂ ਸ਼ਾਪਿੰਗ ਸੈਂਟਰ, ਗਿਆਨੀ ਜ਼ੈਲ ਸਿੰਘ ਮਾਰਕੀਟ, ਕੇ-2 ਮਾਰਕੀਟ ਅਤੇ ਹੋਰ ਪ੍ਰਮੁੱਖ ਵਪਾਰਕ ਖੇਤਰਾਂ ਵਿੱਚ ਦੁਕਾਨਦਾਰਾਂ ਦੀਆਂ ਮੁਸ਼ਕਲਾਂ ਤੇ ਸੁਝਾਅ ਇਕੱਠੇ ਕੀਤੇ ਜਾ ਰਹੇ ਹਨ।

ਅਰਸ਼ ਸੱਚਰ ਨੇ ਕਿਹਾ ਕਿ ਬਿਜਲੀ, ਸੀਵਰੇਜ, ਸਫ਼ਾਈ, ਸੜਕਾਂ, ਸਟਰੀਟ ਲਾਈਟਾਂ, ਪਾਰਕਿੰਗ ਅਤੇ ਸੁਰੱਖਿਆ ਵਰਗੇ ਮੁੱਦਿਆਂ ਨੂੰ ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਪੈਰਵੀ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਵਪਾਰੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਇਸ ਮੁਹਿੰਮ ਦਾ ਮਕਸਦ ਸਿਰਫ਼ ਸਮੱਸਿਆਵਾਂ ਸੁਣਨਾ ਨਹੀਂ, ਸਗੋਂ ਉਨ੍ਹਾਂ ਦੇ ਹੱਲ ਲਈ ਠੋਸ ਯਤਨ ਕਰਨਾ ਹੈ।

ਇਹ ਮੁਹਿੰਮ ਸ਼ਹਿਰ ਤੱਕ ਸੀਮਤ ਨਹੀਂ ਰਹੇਗੀ, ਸਗੋਂ ਹਲਕੇ ਦੇ ਪਿੰਡਾਂ ਅਤੇ ਵਾਰਡਾਂ ਦੇ ਦੁਕਾਨਦਾਰਾਂ ਤੱਕ ਵੀ ਪਹੁੰਚ ਕੀਤੀ ਜਾਵੇਗੀ।

ਭਗਵੰਤ ਮਾਨ ਸਰਕਾਰ ਵੱਲੋਂ 'ਮੇਰਾ ਘਰ, ਮੇਰੇ ਨਾਮ' ਸਕੀਮ ਤਹਿਤ ਹੁਣ ਤੱਕ 1377 ਪਿੰਡਾਂ ਵਿੱਚ 2.19 ਲੱਖ ਤੋਂ ਵੱਧ ਪ੍ਰਾਪਰਟੀ ਕਾਰਡਾਂ ਦੀ ਵੰਡ: ਹਰਦੀਪ ਸਿੰਘ ਮੁੰਡੀਆਂ

ਚੰਡੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੀ ਅਹਿਮ ਸਕੀਮ 'ਮੇਰਾ ਘਰ, ਮੇਰੇ ਨਾਮ' ਨੂੰ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਸ ਸਕੀਮ ਤਹਿਤ 2 ਨਵੰਬਰ, 2026 ਤੱਕ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਦੇ 1377 ਪਿੰਡਾਂ ਵਿੱਚ ਲਾਭਪਾਤਰੀਆਂ ਨੂੰ 2.19 ਲੱਖ ਤੋਂ ਵੱਧ ਪ੍ਰਾਪਰਟੀ ਕਾਰਡ ਵੰਡੇ ਜਾ ਚੁੱਕੇ ਹਨ। ਇਸ ਪਹਿਲ ਦਾ ਉਦੇਸ਼ ਡਰੋਨ ਸਰਵੇਖਣਾਂ ਅਤੇ ਅਧਿਕਾਰਾਂ ਦੇ ਪ੍ਰਮਾਣਿਕ ਰਿਕਾਰਡ ਦੀ ਤਿਆਰੀ ਰਾਹੀਂ ਲਾਲ ਲਕੀਰ (ਆਬਾਦੀ ਦੇਹ) ਅੰਦਰ ਰਹਿੰਦੇ ਵਸਨੀਕਾਂ ਨੂੰ ਜਾਇਦਾਦਾਂ ਦਾ ਕਾਨੂੰਨੀ ਮਾਲਕੀ ਹੱਕ ਪ੍ਰਦਾਨ ਕਰਨਾ ਹੈ ਤਾਂ ਜੋ ਜਾਇਦਾਦ ਦੀ ਮਾਲਕੀ ਸਬੰਧੀ ਦਹਾਕਿਆਂ ਪੁਰਾਣੀਆਂ ਕਮੀਆਂ ਨੂੰ ਦੂਰ ਕੀਤਾ ਜਾ ਸਕੇ।

ਇਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਇਸ ਸਕੀਮ ਦਾ ਉਦੇਸ਼ ਪੰਜਾਬ ਦੇ ਸਾਰੇ 10,689 ਪਿੰਡਾਂ ਦੇ ਲਾਲ ਲਕੀਰ ਜਾਂ ਆਬਾਦੀ ਦੇਹ ਖੇਤਰਾਂ ਅੰਦਰਲੀਆਂ ਜਾਇਦਾਦਾਂ ਦੇ ਸਪੱਸ਼ਟ ਮਾਲਕੀ ਹੱਕ ਸਥਾਪਤ ਕਰਨਾ ਹੈ। ਇਸ ਲਈ ਡਰੋਨ ਸਰਵੇਖਣਾਂ ਅਤੇ ਅਧਿਕਾਰਾਂ ਦੇ ਪ੍ਰਮਾਣਿਕ ਰਿਕਾਰਡ ਦੀ ਤਿਆਰੀ ਦਾ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸਲ ਮਾਲਕਾਂ ਨੂੰ ਪ੍ਰਾਪਰਟੀ ਕਾਰਡ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਉਨ੍ਹਾਂ ਕੋਲ ਮਾਲਕੀ ਦਾ ਕਾਨੂੰਨੀ ਤੌਰ 'ਤੇ ਮਾਨਤਾ ਪ੍ਰਾਪਤ ਦਸਤਾਵੇਜ਼ੀ ਸਬੂਤ ਹੋਵੇ। ਮਾਲ ਮੰਤਰੀ ਨੇ ਦੱਸਿਆ ਕਿ ਪ੍ਰਾਪਰਟੀ ਕਾਰਡਾਂ ਦੀ ਵੰਡ ਦੀ ਸ਼ੁਰੂਆਤ 7 ਅਕਤੂਬਰ, 2026 ਨੂੰ ਸੰਗਰੂਰ ਵਿਖੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਕੀਤੀ ਗਈ ਸੀ ਅਤੇ ਉਦੋਂ ਤੋਂ ਇਹ ਪ੍ਰਕਿਰਿਆ ਨਿਰਵਿਘਨ ਰੋਜ਼ਾਨਾ ਆਧਾਰ 'ਤੇ ਜਾਰੀ ਹੈ।

ਸਕੀਮ ਦੇ ਲਾਗੂਕਰਨ ਦੀ ਸਮਾਂ-ਸੀਮਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬੇ ਦੇ ਸਾਰੇ ਪਿੰਡਾਂ ਨੂੰ ਚਾਰ ਪੜਾਵਾਂ ਵਿੱਚ ਕਵਰ ਕੀਤਾ ਜਾ ਰਿਹਾ ਹੈ। ਪਹਿਲੇ ਪੜਾਅ ਅਧੀਨ 2284 ਪਿੰਡਾਂ ਦਾ ਕੰਮ 15 ਨਵੰਬਰ, 2026 ਤੱਕ ਮੁਕੰਮਲ ਹੋਣ ਦੀ ਉਮੀਦ ਹੈ। ਇਸੇ ਤਰ੍ਹਾਂ ਦੂਜੇ ਪੜਾਅ ਅਧੀਨ 1680 ਪਿੰਡਾਂ ਦਾ ਕੰਮ ਨਵੰਬਰ ਦੇ ਅੰਤ ਤੱਕ ਅਤੇ ਤੀਜੇ ਪੜਾਅ ਅਧੀਨ 1152 ਪਿੰਡਾਂ ਦਾ ਕੰਮ ਦਸੰਬਰ ਦੇ ਅੱਧ ਤੱਕ ਪੂਰਾ ਕਰਨ ਦਾ ਟੀਚਾ ਹੈ। ਚੌਥੇ ਪੜਾਅ ਅਧੀਨ ਬਾਕੀ ਰਹਿੰਦੇ 5579 ਪਿੰਡਾਂ ਨੂੰ ਜਨਵਰੀ 2027 ਤੱਕ ਕਵਰ ਕੀਤੇ ਜਾਣ ਦੀ ਸੰਭਾਵਨਾ ਹੈ।

ਮਾਲ ਮੰਤਰੀ ਨੇ ਕਿਹਾ ਕਿ ਪਿੰਡ ਪੱਧਰੀ ਕਮੇਟੀਆਂ ਅਤੇ ਗ੍ਰਾਮ ਸਭਾਵਾਂ ਦੇ ਸਹਿਯੋਗ ਨਾਲ ਪਿੰਡਾਂ ਦੇ ਨਕਸ਼ਿਆਂ ਸਬੰਧੀ ਅਧੂਰੀ ਜਾਣਕਾਰੀ ਪੂਰੀ ਕਰਨ ਅਤੇ ਇਤਰਾਜ਼ਾਂ ਦਾ ਨਿਪਟਾਰਾ ਕਰਨ ਦਾ ਕੰਮ ਵੀ ਨਾਲੋ-ਨਾਲ ਕੀਤਾ ਜਾ ਰਿਹਾ ਹੈ। ਇਸ ਪ੍ਰਕਿਰਿਆ ਦਾ ਉਦੇਸ਼ ਮਾਲ ਰਿਕਾਰਡ ਵਿੱਚ ਸ਼ੁਧਤਾ ਅਤੇ ਸੰਪੂਰਨਤਾ ਯਕੀਨੀ ਬਣਾਉਣਾ ਹੈ।

ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਗੇ ਦੱਸਿਆ ਕਿ ਤਕਨੀਕੀ ਕਾਰਨਾਂ ਕਰਕੇ ਜਿਨ੍ਹਾਂ ਪਿੰਡਾਂ ਵਿੱਚ ਡਰੋਨ ਸਰਵੇਖਣ ਨਹੀਂ ਹੋ ਸਕੇ, ਉੱਥੇ ਵਿਭਾਗ ਵੱਲੋਂ ਜ਼ਮੀਨੀ ਪੱਧਰ 'ਤੇ ਤਸਦੀਕ (ਗਰਾਊਂਡ ਟਰੂਥਿੰਗ) ਰਾਹੀਂ ਇਹ ਕੰਮ ਮੁਕੰਮਲ ਕੀਤਾ ਜਾਵੇਗਾ।

ਇਸ ਪਹਿਲਕਦਮੀ ਦੇ ਦੂਰਗਾਮੀ ਲਾਭਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਸਨੀਕਾਂ ਦੇ ਮਾਲਕੀ ਹੱਕ ਦਹਾਕਿਆਂ ਤੋਂ ਸਰਕਾਰੀ ਰਿਕਾਰਡ ਵਿੱਚ ਦਰਜ ਨਹੀਂ ਸਨ, ਜਦਕਿ ਕਈ ਪਰਿਵਾਰ ਪੀੜ੍ਹੀਆਂ ਤੋਂ ਇਨ੍ਹਾਂ ਘਰਾਂ ਵਿੱਚ ਰਹਿ ਰਹੇ ਹਨ। ਇਸ ਸਕੀਮ ਰਾਹੀਂ ਹੁਣ ਹਰ ਯੋਗ ਪਰਿਵਾਰ ਨੂੰ ਮਾਲਕੀ ਦਾ ਅਧਿਕਾਰਤ ਦਸਤਾਵੇਜ਼ ਮੁਹੱਈਆ ਕਰਵਾ ਕੇ ਇਸ ਲੰਮੇ ਸਮੇਂ ਤੋਂ ਚੱਲੀ ਆ ਰਹੀ ਕਮੀ ਨੂੰ ਦੂਰ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਆਬਾਦੀ ਦੇਹ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਕੋਲ ਕਈ ਵਾਰ 30 ਤੋਂ 40 ਸਾਲਾਂ ਤੋਂ ਘਰਾਂ ਵਿੱਚ ਰਹਿਣ ਦੇ ਬਾਵਜੂਦ ਮਾਲਕੀ ਸਾਬਤ ਕਰਨ ਲਈ ਕੋਈ ਪ੍ਰਮਾਣਿਕ ਸਰਕਾਰੀ ਰਿਕਾਰਡ ਨਹੀਂ ਸੀ। ਇਹ ਪਹਿਲਕਦਮੀ ਪਰਿਵਾਰਾਂ ਨੂੰ ਮਾਲਕੀ ਦਾ ਸਥਾਈ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਏਗੀ ਅਤੇ ਜਾਇਦਾਦ ਸਬੰਧੀ ਵਿਵਾਦਾਂ ਤੇ ਬੇਲੋੜੀਆਂ ਪ੍ਰਸ਼ਾਸਨਿਕ ਮੁਸ਼ਕਲਾਂ ਨੂੰ ਘਟਾਉਣ ਵਿੱਚ ਸਹਾਈ ਹੋਵੇਗੀ।

ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਇਸ ਸਕੀਮ ਦਾ ਵਿਸ਼ੇਸ਼ ਲਾਭ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਅਤੇ ਅਨੁਸੂਚਿਤ ਜਾਤੀਆਂ ਦੇ ਪਰਿਵਾਰਾਂ ਨੂੰ ਮਿਲੇਗਾ, ਜਿਨ੍ਹਾਂ ਲਈ ਆਬਾਦੀ ਦੇਹ ਵਿੱਚ ਸਥਿਤ ਘਰ ਅਕਸਰ ਇਕਲੌਤੀ ਅਚੱਲ ਜਾਇਦਾਦ ਹੁੰਦਾ ਹੈ। ਜਾਇਦਾਦਾਂ ਉਨ੍ਹਾਂ ਦੇ ਨਾਮ 'ਤੇ ਰਸਮੀ ਤੌਰ 'ਤੇ ਦਰਜ ਹੋਣ ਨਾਲ ਇਨ੍ਹਾਂ ਪਰਿਵਾਰਾਂ ਨੂੰ ਆਪਣੇ ਮਾਲਕੀ ਹੱਕ ਸੁਰੱਖਿਅਤ ਰੱਖਣ ਅਤੇ ਆਪਣੀ ਜਾਇਦਾਦ ਦਾ ਬਿਹਤਰ ਉਪਯੋਗ ਕਰਨ ਲਈ ਅਧਿਕਾਰਤ ਦਸਤਾਵੇਜ਼ ਮਿਲੇਗਾ।

ਉਨ੍ਹਾਂ ਅੱਗੇ ਕਿਹਾ ਕਿ ਪ੍ਰਾਪਰਟੀ ਕਾਰਡਾਂ ਰਾਹੀਂ ਮਾਲਕ ਆਪਣੀ ਜਾਇਦਾਦ ਦੇ ਆਧਾਰ 'ਤੇ ਬੈਂਕਾਂ ਤੋਂ ਕਰਜ਼ਾ ਲੈ ਸਕਣਗੇ ਅਤੇ ਜਾਇਦਾਦ ਦੀ ਰਜਿਸਟ੍ਰੇਸ਼ਨ ਕਰਵਾਉਣ ਦੀ ਸਹੂਲਤ ਵੀ ਪ੍ਰਾਪਤ ਕਰ ਸਕਣਗੇ। ਇਸ ਪਹਿਲਕਦਮੀ ਨਾਲ ਗ੍ਰਾਮ ਪੰਚਾਇਤਾਂ ਨੂੰ ਪਿੰਡਾਂ ਦੇ ਸਹੀ ਨਕਸ਼ੇ ਉਪਲਬਧ ਹੋਣਗੇ, ਜਿਸ ਨਾਲ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਅਤੇ ਅਮਲ ਵਿੱਚ ਸੁਧਾਰ ਆਵੇਗਾ। ਇਸ ਦੇ ਨਾਲ ਹੀ ਪ੍ਰਸ਼ਾਸਨ ਲਈ ਪਿੰਡ ਪੱਧਰ 'ਤੇ ਡਿਜੀਟਲ ਅਤੇ ਭਰੋਸੇਯੋਗ ਜਾਇਦਾਦ ਰਿਕਾਰਡ ਕਾਇਮ ਰੱਖਣਾ ਵੀ ਆਸਾਨ ਹੋਵੇਗਾ।

ਸਾਰੇ ਯੋਗ ਪਰਿਵਾਰਾਂ ਤੱਕ ਇਸ ਸਕੀਮ ਦਾ ਲਾਭ ਪਹੁੰਚਾਉਣ ਲਈ ਮਾਨ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਰੇ ਨਿਰਧਾਰਤ ਪਿੰਡਾਂ ਨੂੰ ਕਵਰ ਕੀਤੇ ਜਾਣ ਤੱਕ ਪ੍ਰਾਪਰਟੀ ਕਾਰਡਾਂ ਦੀ ਵੰਡ ਰੋਜ਼ਾਨਾ ਆਧਾਰ 'ਤੇ ਜਾਰੀ ਰਹੇਗੀ।

ਪ੍ਰਾਪਰਟੀ ਕਾਰਡਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਗ਼ਲਤੀ ਜਾਂ ਫ਼ਰਕ ਨੂੰ ਦਰੁਸਤ ਕਰਾਉਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਜੇਕਰ ਕਿਸੇ ਕਾਰਡ ਵਿੱਚ ਲਿਖਤੀ ਗ਼ਲਤੀ ਜਾਂ ਕੋਈ ਹੋਰ ਅਸੰਗਤੀ ਹੈ ਤਾਂ ਸਬੰਧਤ ਵਸਨੀਕ ਆਪਣੇ ਹਲਕੇ ਦੇ ਪਟਵਾਰੀ ਜਾਂ ਤਹਿਸੀਲਦਾਰ ਕੋਲ ਆਪਣਾ ਇਤਰਾਜ਼ ਦਰਜ ਕਰਵਾ ਸਕਦੇ ਹਨ।

ਉਨ੍ਹਾਂ ਐਲਾਨ ਕੀਤਾ ਕਿ ਗ਼ਲਤੀਆਂ ਦੀ ਸੋਧ ਲਈ ਅਰਜ਼ੀਆਂ ਦੇਣ ਵਾਸਤੇ ਜਲਦ ਹੀ ਇੱਕ ਆਨਲਾਈਨ ਪੋਰਟਲ ਵੀ ਸ਼ੁਰੂ ਕੀਤਾ ਜਾ ਰਿਹਾ ਹੈ ਜਿਸ ਰਾਹੀਂ ਲੋਕ ਆਪਣੇ ਘਰ ਬੈਠੇ ਹੀ ਸੋਧ ਲਈ ਬੇਨਤੀ ਭੇਜ ਸਕਣਗੇ।

ਸੂਬਾ ਵਾਸੀਆਂ ਨੂੰ ਆਪਣੇ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਅਤੇ ਉਨ੍ਹਾਂ ਵਿੱਚ ਦਰਜ ਵੇਰਵਿਆਂ ਦੀ ਧਿਆਨ ਨਾਲ ਜਾਂਚ ਕਰਨ ਦੀ ਅਪੀਲ ਕਰਦਿਆਂ ਮੰਤਰੀ ਨੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਗ਼ਲਤੀ ਦੀ ਸਮੇਂ ਸਿਰ ਪਛਾਣ ਕਰਕੇ ਉਸ ਨੂੰ ਦਰੁਸਤ ਕਰਵਾਇਆ ਜਾਵੇ ਤਾਂ ਜੋ 'ਮੇਰਾ ਘਰ, ਮੇਰੇ ਨਾਮ' ਸਕੀਮ ਦਾ ਪੂਰਾ ਲਾਭ ਲਿਆ ਜਾ ਸਕੇ।

ਭਗਵੰਤ ਮਾਨ ਸਰਕਾਰ ਵੱਲੋਂ 'ਮੇਰਾ ਘਰ, ਮੇਰੇ ਨਾਮ' ਤਹਿਤ ਪੰਜਾਬ ਦੇ ਲਾਲ ਲਕੀਰ ਖੇਤਰਾਂ ਦੇ ਵਸਨੀਕਾਂ ਨੂੰ ਦਿੱਤਾ ਜਾ ਰਿਹਾ ਹੈ ਕਾਨੂੰਨੀ ਮਾਲਕੀ ਅਧਿਕਾਰ

ਪੰਜਾਬ ਸਰਕਾਰ ਦੀ ਪ੍ਰਮੁੱਖ 'ਮੇਰਾ ਘਰ ਮੇਰੇ ਨਾਮ' ਯੋਜਨਾ ਸੂਬੇ ਭਰ ਵਿੱਚ ਲਾਲ ਲਕੀਰ (ਆਬਾਦੀ ਦੇਹ) ਖੇਤਰਾਂ ਦੇ ਵਸਨੀਕਾਂ ਨੂੰ ਕਾਨੂੰਨੀ ਮਾਲਕੀ ਦਸਤਾਵੇਜ਼ ਪ੍ਰਦਾਨ ਕਰ ਰਹੀ ਹੈ, ਜਿਸ ਨਾਲ ਪਿੰਡ ਦੀ ਜਾਇਦਾਦ ਦੇ ਰਿਕਾਰਡ ਵਿੱਚ ਲੰਬੇ ਸਮੇਂ ਤੋਂ ਚੱਲ ਰਹੇ ਪਾੜੇ ਨੂੰ ਪੂਰਿਆ ਜਾ ਰਿਹਾ ਹੈ। ਇਸ ਪਹਿਲਕਦਮੀ ਤਹਿਤ ਪੰਜਾਬ ਦੇ ਪੇਂਡੂ ਵਸੋਂ ਵਾਲੇ ਖੇਤਰਾਂ 'ਚ ਘਰਾਂ ਅਤੇ ਪਲਾਟਾਂ ਲਈ ਅਧਿਕਾਰਾਂ ਦਾ ਇੱਕ ਪ੍ਰਮਾਣਿਕ ਰਿਕਾਰਡ ਤਿਆਰ ਕਰਨ ਲਈ ਡਰੋਨ-ਅਧਾਰਤ ਸਰਵੇਖਣ ਕੀਤੇ ਜਾ ਰਹੇ ਹਨ ਅਤੇ ਮਾਲਕੀ ਦੇ ਦਸਤਾਵੇਜ਼ੀ ਸਬੂਤ ਵਜੋਂ ਸਹੀ ਮਾਲਕਾਂ ਨੂੰ ਪ੍ਰਾਪਰਟੀ ਕਾਰਡ ਜਾਰੀ ਕੀਤੇ ਜਾ ਰਹੇ ਹਨ।

ਪੰਜਾਬ ਦੇ ਪੇਂਡੂ ਵਸੋਂ ਵਾਲੇ ਖੇਤਰ, ਜਿਨ੍ਹਾਂ ਨੂੰ ਲਾਲ ਲਕੀਰ ਜਾਂ ਆਬਾਦੀ ਦੇਹ ਵਜੋਂ ਵੀ ਜਾਣਿਆ ਜਾਂਦਾ ਹੈ, ਦਹਾਕਿਆਂ ਤੱਕ ਰਸਮੀ ਮਾਲੀਆ ਸਰਵੇਖਣਾਂ ਅਤੇ ਰਿਕਾਰਡਾਂ ਤੋਂ ਬਾਹਰ ਰਹੇ। ਨਤੀਜੇ ਵਜੋਂ 30 ਤੋਂ 40 ਸਾਲਾਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਪਰਿਵਾਰਾਂ ਕੋਲ ਮਾਲਕੀ ਜਾਂ ਜਾਇਦਾਦ ਤਾ ਦਾਅਵਾ ਪੇਸ਼ ਕਰਨ ਲਈ ਕੋਈ ਅਧਿਕਾਰਤ ਨਕਸ਼ਾ ਜਾਂ ਸਰਕਾਰੀ ਦਸਤਾਵੇਜ਼ ਨਹੀਂ ਹੁੰਦਾ ਸੀ। ਇਸ ਨਾਲ ਮਾਲਕੀ ਸਾਬਤ ਕਰਨ ਵਿੱਚ ਦਿੱਕਤਾਂ ਪੇਸ਼ ਆਉਂਦੀਆਂ ਸਨ, ਆਂਢ-ਗੁਆਂਢ ਅਤੇ ਪਰਿਵਾਰਾਂ ਵਿੱਚ ਅੰਦਰੂਨੀ ਝਗੜੇ ਹੁੰਦੇ ਸਨ ਅਤੇ ਮਾਲਕਾਂ ਨੂੰ ਬੈਂਕ ਕਰਜ਼ਿਆਂ ਲਈ ਸਕਿਉਰਿਟੀ ਵਜੋਂ ਆਪਣੇ ਘਰਾਂ ਦੀ ਵਰਤੋਂ ਕਰਨ ਤੋਂ ਰੋਕਿਆ ਜਾਂਦਾ ਸੀ। ਸਹੀ ਨਕਸ਼ਿਆਂ ਦੀ ਅਣਹੋਂਦ ਨੇ ਪਿੰਡ ਦੇ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਨੂੰ ਵੀ ਕਾਫ਼ੀ ਪ੍ਰਭਾਵਿਤ ਕੀਤਾ।

'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ 'ਆਬਾਦੀ ਦੇਹ' ਵਿੱਚ ਮੌਜੂਦ ਹਰੇਕ ਘਰ ਅਤੇ ਪਲਾਟ ਲਈ 'ਹੱਕਾਂ ਦਾ ਰਿਕਾਰਡ' ਤਿਆਰ ਕੀਤਾ ਜਾ ਰਿਹਾ ਹੈ ਅਤੇ ਸਬੰਧਤ ਮਾਲਕਾਂ ਨੂੰ 'ਪ੍ਰਾਪਰਟੀ ਕਾਰਡ' ਜਾਰੀ ਕੀਤੇ ਜਾ ਰਹੇ ਹਨ । ਇਹ ਯੋਜਨਾ ਖਾਸ ਤੌਰ 'ਤੇ ਗਰੀਬ ਅਤੇ ਅਨੁਸੂਚਿਤ ਜਾਤੀ ਪਰਿਵਾਰਾਂ ਲਈ ਬਹੁਤ ਅਹਿਮ ਹੈ, ਜਿਨ੍ਹਾਂ ਕੋਲ 'ਆਬਾਦੀ ਦੇਹ' ਤੋਂ ਬਾਹਰ ਕੋਈ ਜ਼ਮੀਨ ਨਹੀਂ ਹੈ ਕਿਉਂਕਿ ਅਕਸਰ ਉਨ੍ਹਾਂ ਦਾ ਘਰ ਹੀ ਉਨ੍ਹਾਂ ਦੀ ਇਕਲੌਤੀ ਅਚੱਲ ਸੰਪਤੀ ਹੁੰਦਾ ਹੈ।

ਦਸੰਬਰ 2025 ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਨੇ ਐਕਟ ਵਿੱਚ ਸੋਧ ਕੀਤੀ। ਇਸ ਸੋਧ ਨਾਲ ਹੁਣ ਇਤਰਾਜ਼ ਅਤੇ ਅਪੀਲਾਂ ਦਾਇਰ ਕਰਨ ਅਤੇ ਉਨ੍ਹਾਂ 'ਤੇ ਫੈਸਲਾ ਸਬੰਧੀ ਸਮਾਂ-ਸੀਮਾ ਨੂੰ ਘਟਾ ਕੇ 30 ਦਿਨ ਕਰ ਦਿੱਤਾ ਗਿਆ ਹੈ, ਜਦਕਿ ਪਹਿਲਾਂ ਇਹ ਸਮਾਂ-ਸੀਮਾ ਕ੍ਰਮਵਾਰ 90 ਅਤੇ 60 ਦਿਨ ਹੁੰਦੀ ਸੀ।

ਇਸ ਪ੍ਰਕਿਰਿਆ ਤਹਿਤ ਸਰਕਾਰ ਵੱਲੋਂ 'ਆਬਾਦੀ ਦੇਹ' ਖੇਤਰ ਨੂੰ ਰਿਕਾਰਡ ਵਿੱਚ ਸ਼ਾਮਲ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਕੇ ਐਕਟ ਦੀ ਧਾਰਾ 5 ਤਹਿਤ ਪਿੰਡ ਵਿੱਚ 'ਮੁਨਾਦੀ' ਕਰਵਾ ਕੇ ਲੋਕਾਂ ਨੂੰ ਇਸ ਬਾਰੇ ਸੂਚਿਤ ਕੀਤਾ ਜਾ ਰਿਹਾ ਹੈ। ਇਸ ਤੋਂ ਬਾਅਦ ਏ.ਆਰ.ਆਰ.ਓ. ਵੱਲੋਂ ਧਾਰਾ 8 ਤਹਿਤ ਇੱਕ 'ਪਿੰਡ ਪੱਧਰੀ ਕਮੇਟੀ' ਦਾ ਗਠਨ ਕੀਤਾ ਜਾ ਰਿਹਾ ਹੈ। ਫਿਰ 'ਸਰਵੇ ਆਫ਼ ਇੰਡੀਆ' ਵੱਲੋਂ 'ਆਬਾਦੀ ਦੇਹ' ਖੇਤਰ ਦਾ ਡਰੋਨ ਸਰਵੇਖਣ ਕੀਤਾ ਜਾਂਦਾ ਹੈ ਅਤੇ ਧਾਰਾ 6 ਤਹਿਤ ਵੱਖ-ਵੱਖ ਘਰਾਂ ਅਤੇ ਪਲਾਟਾਂ ਦੇ ਨਕਸ਼ੇ ਤਿਆਰ ਕੀਤੇ ਜਾਂਦੇ ਹਨ।

ਪਟਵਾਰੀ ਜਾਂ ਸਰਵੇਖਣ ਅਧਿਕਾਰੀ ਪਿੰਡ ਪੱਧਰੀ ਕਮੇਟੀ ਦੇ ਸਹਿਯੋਗ ਨਾਲ ਹਰੇਕ ਘਰ ਦਾ ਦੌਰਾ ਕੀਤਾ ਜਾ ਰਿਹਾ ਹੈ ਤਾਂ ਜੋ ਧਾਰਾ 9 ਅਧੀਨ 'ਮੈਪ-1' ਰਾਹੀਂ ਘਰ ਦੇ ਮਾਲਕ ਦੀ ਪਛਾਣ ਕੀਤੀ ਜਾ ਸਕੇ ਅਤੇ ਉਸ ਦਾ ਨਾਮ ਬਾਕਾਇਦਾ ਦਰਜ ਕੀਤਾ ਜਾ ਸਕੇ।

ਇਸ ਤੋਂ ਬਾਅਦ ਨਕਸ਼ੇ ਦਾ ਖਰੜਾ ਅਤੇ ਮਾਲਕਾਂ ਦੀ ਸੂਚੀ ਪਿੰਡ ਵਿੱਚ ਪ੍ਰਦਰਸ਼ਿਤ ਕਰਨ ਦੇ ਨਾਲ-ਨਾਲ ਗ੍ਰਾਮ ਪੰਚਾਇਤ ਨੂੰ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਜਾਇਦਾਦ ਦੇ ਵੇਰਵੇ ਮਾਲਕਾਂ ਨੂੰ ਵਟਸਐਪ ਰਾਹੀਂ ਵੀ ਭੇਜੇ ਜਾ ਰਹੇ ਹਨ ਤਾਂ ਜੋ ਉਹ ਜਾਣਕਾਰੀ ਦੀ ਪੁਸ਼ਟੀ ਕਰ ਸਕਣ ਅਤੇ ਅੰਤਿਮ ਰੂਪ ਦੇਣ ਤੋਂ ਪਹਿਲਾਂ ਲੋੜੀਂਦੀਆਂ ਸੋਧਾਂ ਕਰਵਾ ਸਕਣ। ਇਹ ਕਾਰਵਾਈ ਧਾਰਾ 10 ਤਹਿਤ 'ਮੈਪ-2' ਰਾਹੀਂ ਕੀਤੀ ਜਾ ਰਹੀ ਹੈ।

ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਏ.ਆਰ.ਆਰ.ਓ. ਕੋਲ ਇਤਰਾਜ਼ ਦਾਇਰ ਕੀਤੇ ਜਾ ਸਕਦੇ ਹਨ। ਧਾਰਾ 11 ਤਹਿਤ ਸਬੰਧਤ ਧਿਰਾਂ ਦੀ ਸੁਣਵਾਈ ਕਰਨ ਤੋਂ ਬਾਅਦ ਇਨ੍ਹਾਂ ਇਤਰਾਜ਼ਾਂ 'ਤੇ ਫੈਸਲਾ ਲਿਆ ਜਾਂਦਾ ਹੈ। ਜਿਨ੍ਹਾਂ ਇੰਦਰਾਜਾਂ ਵਿਰੁੱਧ ਕੋਈ ਇਤਰਾਜ਼ ਪ੍ਰਾਪਤ ਨਹੀਂ ਹੁੰਦਾ ਉਸਨੂੰ ਅੰਤਿਮ ਮੰਨਿਆ ਜਾਂਦਾ ਹੈ।

ਅੰਤਿਮ ਨਕਸ਼ੇ ਨੂੰ 'ਨਕਸ਼ਾ-3' ਕਿਹਾ ਜਾਂਦਾ ਹੈ ਅਤੇ ਹੱਕਾਂ ਦੇ ਰਿਕਾਰਡ ਦੀ ਤਸਦੀਕ ਪਟਵਾਰੀ, ਕਾਨੂੰਗੋ ਅਤੇ ਏ.ਆਰ.ਆਰ.ਓ. ਦੁਆਰਾ ਕੀਤੀ ਜਾਂਦੀ ਹੈ। ਇਸਦੀ ਇੱਕ ਕਾਪੀ ਜ਼ਿਲ੍ਹਾ ਰਿਕਾਰਡ ਰੂਮ ਵਿੱਚ ਜਮ੍ਹਾਂ ਕਰਵਾਈ ਜਾਂਦੀ ਹੈ, ਜਦਕਿ ਦੂਜੀ ਕਾਪੀ ਧਾਰਾ 16 ਦੇ ਤਹਿਤ ਪਟਵਾਰੀ ਕੋਲ ਰਹਿੰਦੀ ਹੈ। ਇਸ ਤੋਂ ਬਾਅਦ ਹੱਕਾਂ ਦੇ ਅੰਤਿਮ ਰਿਕਾਰਡ ਦੇ ਆਧਾਰ 'ਤੇ 'ਪ੍ਰਾਪਰਟੀ ਕਾਰਡ' ਤਿਆਰ ਕਰਕੇ ਮਾਲਕਾਂ ਨੂੰ ਸੌਂਪੇ ਜਾ ਰਹੇ ਹਨ।

ਪ੍ਰਾਪਰਟੀ ਕਾਰਡ ਵੱਖ-ਵੱਖ ਪਿੰਡਾਂ ਵਿੱਚ ਕਰਵਾਏ ਸਮਾਗਮਾਂ ਰਾਹੀਂ ਵੰਡੇ ਜਾ ਰਹੇ ਹਨ ਤਾਂ ਜੋ ਮਾਲਕਾਂ ਨੂੰ ਇਨ੍ਹਾਂ ਨੂੰ ਪ੍ਰਾਪਤ ਕਰਨ ਲਈ ਸਰਕਾਰੀ ਦਫ਼ਤਰਾਂ ਵਿੱਚ ਖੱਜਲ-ਖੁਆਰ ਨਾ ਹੋਣਾ ਪਵੇ। ਜਿਹੜੇ ਮਾਲਕ ਵੰਡ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕਦੇ ਉਨ੍ਹਾਂ ਨੂੰ ਦੋ ਦਿਨਾਂ ਦੇ ਅੰਦਰ-ਅੰਦਰ, ਪਿੰਡ ਪੱਧਰੀ ਕਮੇਟੀ ਦੇ ਮੈਂਬਰ ਦੀ ਮੌਜੂਦਗੀ ਵਿੱਚ ਉਨ੍ਹਾਂ ਦੇ ਘਰ ਹੀ ਕਾਰਡ ਪਹੁੰਚਾਏ ਜਾ ਰਹੇ ਹਨ।

ਹਰੇਕ ਮਾਲਕ ਨੂੰ ਇੱਕ ਲਿਫ਼ਾਫ਼ੇ ਵਿੱਚ ਲੈਮੀਨੇਟ ਕੀਤਾ ਹੋਇਆ ਪ੍ਰਾਪਰਟੀ ਕਾਰਡ ਭੇਜਿਆ ਜਾਂਦਾ ਹੈ, ਜਿਸ ਦੇ ਨਾਲ ਮੁੱਖ ਮੰਤਰੀ ਵੱਲੋਂ ਇੱਕ ਪੱਤਰ ਵੀ ਹੁੰਦਾ ਹੈ।

12 ਨਵੰਬਰ ਨੂੰ ਹੋਵੇਗੀ ਵੋਟਰ ਸੂਚੀਆਂ ਦੀ ਡ੍ਰਾਫਟ ਪ੍ਰਕਾਸ਼ਨਾ : ਜ਼ਿਲ੍ਹਾ ਚੋਣ ਅਫ਼ਸਰ



ਤਰਨ ਤਾਰਨ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੁਧਾਈ (ਐਸ.ਐਸ.ਆਰ)-2027 ਕਰਵਾਈ ਜਾ ਰਹੀ ਹੈ। ਇਸ ਸੁਧਾਈ ਲਈ 1 ਜਨਵਰੀ 2027 ਯੋਗਤਾ ਮਿਤੀ ਨਿਰਧਾਰਤ ਕੀਤੀ ਗਈ ਹੈ। ਇਸ ਦਾ ਉਦੇਸ਼ ਯੋਗ ਨਾਗਰਿਕਾਂ, ਖ਼ਾਸ ਕਰਕੇ ਨੌਜਵਾਨਾਂ ਅਤੇ ਪਹਿਲੀ ਵਾਰ ਵੋਟ ਪਾਉਣ ਦੇ ਯੋਗ ਹੋਣ ਵਾਲੇ ਨਾਗਰਿਕਾਂ ਦੇ ਨਾਂ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਯਕੀਨੀ ਬਣਾਉਣਾ ਹੈ।

ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਯੋਗ ਨਾਗਰਿਕਾਂ ਦੇ ਨਾਂ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤਹਿਤ 1 ਜਨਵਰੀ 2027 ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਯੋਗ ਨਾਗਰਿਕ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਲਈ ਅਰਜ਼ੀਆਂ ਦੇ ਸਕਣਗੇ। ਇਸ ਤੋਂ ਇਲਾਵਾ 1 ਅਪ੍ਰੈਲ, 1 ਜੁਲਾਈ ਅਤੇ 1 ਅਕਤੂਬਰ 2027 ਨੂੰ ਨਿਰਧਾਰਤ ਉਮਰ ਪੂਰੀ ਕਰਨ ਵਾਲੇ ਸੰਭਾਵੀ ਯੋਗ ਵੋਟਰਾਂ ਤੋਂ ਵੀ ਅਗਾਊਂ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣਗੀਆਂ, ਤਾਂ ਜੋ ਉਨ੍ਹਾਂ ਨੂੰ ਨਿਰਧਾਰਤ ਸਮੇਂ 'ਤੇ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਦੀ ਪ੍ਰਕਿਰਿਆ ਪੂਰੀ ਕੀਤੀ ਜਾ ਸਕੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਅਤੇ ਮੁੜ ਵਿਵਸਥਾ ਦਾ ਕੰਮ 2 ਨਵੰਬਰ 2026 ਤੱਕ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 12 ਨਵੰਬਰ 2026 ਨੂੰ ਵੋਟਰ ਸੂਚੀਆਂ ਦੀ ਡ੍ਰਾਫਟ ਪ੍ਰਕਾਸ਼ਨਾ ਕੀਤੀ ਜਾਵੇਗੀ। ਡ੍ਰਾਫਟ ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦੀ ਮਿਆਦ 12 ਨਵੰਬਰ ਤੋਂ 11 ਦਸੰਬਰ 2026 ਤੱਕ ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ, ਜਦਕਿ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਹੋਵੇਗੀ।

ਸ੍ਰੀ ਰਾਹੁਲ ਨੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀ ਵਿੱਚ ਆਪਣਾ ਨਾਂ ਸ਼ਾਮਲ ਕਰਵਾਉਣ ਲਈ ਨਿਰਧਾਰਤ ਸਮੇਂ ਦੌਰਾਨ ਅਰਜ਼ੀ ਦੇਣ। ਉਨ੍ਹਾਂ ਕਿਹਾ ਕਿ ਲੋਕਤੰਤਰੀ ਪ੍ਰਣਾਲੀ ਵਿੱਚ ਹਰੇਕ ਯੋਗ ਨਾਗਰਿਕ ਦੀ ਭਾਗੀਦਾਰੀ ਬਹੁਤ ਮਹੱਤਵਪੂਰਨ ਹੈ। ਇਸ ਲਈ ਨੌਜਵਾਨਾਂ ਅਤੇ ਪਹਿਲੀ ਵਾਰ ਵੋਟ ਪਾਉਣ ਦੇ ਯੋਗ ਨਾਗਰਿਕਾਂ ਨੂੰ ਵਿਸ਼ੇਸ਼ ਤੌਰ 'ਤੇ ਅੱਗੇ ਆ ਕੇ ਆਪਣੀ ਵੋਟਰ ਰਜਿਸਟ੍ਰੇਸ਼ਨ ਯਕੀਨੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸੁਧਾਈ ਦੀ ਪ੍ਰਕਿਰਿਆ ਨਿਰਧਾਰਤ ਸਮਾਂ-ਸੀਮਾ ਅੰਦਰ ਮੁਕੰਮਲ ਕੀਤੀ ਜਾਵੇ ਅਤੇ ਯੋਗ ਨਾਗਰਿਕਾਂ ਦੇ ਨਾਂ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਲਈ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇ।



ਹਰਿਆਣਾ ਖ਼ਬਰਨਾਮਾ





26 ਨਵੰਬਰ ਨੂੰ ਸੰਵਿਧਾਨ ਦਿਵਸ 'ਤੇ ਹਰਿਆਣਾ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਹੋਵੇਗਾ ਆਯੋਜਿਤ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੀਤੀ ਘੋਸ਼ਣਾ

ਚੰਡੀਗੜ੍ਹ 4 ਨਵੰਬਰ
-ਛਤਰਪਾਲ ਸਿੰਘ-

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਆਯੋਜਿਤ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਅੱਜ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਸੱਤ ਏਜੰਡੇ ਰੱਖੇ ਗਏ ਸਨ, ਜਿਨ੍ਹਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਉਨ੍ਹਾਂ ਨੇ ਪੱਤਰਕਾਰ ਭਰਾਵਾਂ ਨੂੰ ਆਉਣ ਵਾਲੇ ਤਿਉਹਾਰਾਂ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਜਨ-ਕਲਿਆਣ ਅਤੇ ਵਿਕਾਸ ਦੇ ਕਾਰਜਾਂ ਨੂੰ ਲਗਾਤਾਰ ਰਫ਼ਤਾਰ ਦੇ ਰਹੀ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਸੰਵਿਧਾਨ ਪਖਵਾੜੇ ਤਹਿਤ 26 ਨਵੰਬਰ ਨੂੰ ਸੰਵਿਧਾਨ ਦਿਵਸ ਦੇ ਮੌਕੇ 'ਤੇ ਹਰਿਆਣਾ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਸੰਵਿਧਾਨ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ ਜਾਵੇਗੀ।

ਇਸ ਮੌਕੇ ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਡਾਇਰੈਕਟਰ ਡਾ. ਆਦਿੱਤਿਆ ਦਹੀਆ ਅਤੇ ਵਧੀਕ ਡਾਇਰੈਕਟਰ ਕੈਪਟਨ ਮਨੀਸ਼ ਲੋਹਾਨ ਵੀ ਮੌਜੂਦ ਸਨ।

ਮੋਦੀ ਸਰਕਾਰ ਦੀ ਅਗਵਾਈ ਹੇਠ ਗਰੀਬ, ਨੌਜਵਾਨ, ਮਹਿਲਾ ਅਤੇ ਕਿਸਾਨ ਨੂੰ ਮਿਲ ਰਹੀ ਹੈ ਮਜ਼ਬੂਤੀ

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਅਤੇ ਸੂਬੇ ਵਿੱਚ ਵਿਕਾਸ ਕਾਰਜ ਤਿੰਨ ਗੁਣਾ ਰਫ਼ਤਾਰ ਨਾਲ ਅੱਗੇ ਵਧ ਰਹੇ ਹਨ। ਸਾਲ 2014 ਤੋਂ ਪਹਿਲਾਂ ਸਿਰਫ਼ ਐਲਾਨ ਅਤੇ ਗੱਲਾਂ ਹੁੰਦੀਆਂ ਸਨ, ਜਦੋਂ ਕਿ ਭ੍ਰਿਸ਼ਟਾਚਾਰ ਕਾਰਨ ਵਿਕਾਸ ਲਈ ਆਉਣ ਵਾਲਾ ਪੈਸਾ ਸਹੀ ਲਾਭਪਾਤਰੀਆਂ ਤੱਕ ਨਹੀਂ ਪਹੁੰਚ ਪਾਉਂਦਾ ਸੀ।

ਮੌਜੂਦਾ ਸਰਕਾਰ ਨੇ ਭ੍ਰਿਸ਼ਟਾਚਾਰ 'ਤੇ ਪ੍ਰਭਾਵਸ਼ਾਲੀ ਰੋਕ ਲਗਾ ਕੇ ਇਹ ਯਕੀਨੀ ਬਣਾਇਆ ਹੈ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਸਿੱਧਾ ਯੋਗ ਲੋਕਾਂ ਤੱਕ ਪਹੁੰਚੇ। ਅੱਜ ਯੋਜਨਾਵਾਂ ਦੀ ਰਾਸ਼ੀ ਸਿੱਧੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਜਾ ਰਹੀ ਹੈ ਅਤੇ ਆਮ ਜਨਤਾ ਨੂੰ ਇਸ ਦਾ ਲਾਭ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਨੇ ਨੌਜਵਾਨਾਂ ਨੂੰ ਬਿਨਾਂ ਖਰਚੀ-ਬਿਨਾਂ ਪਰਚੀ ਦੇ ਪਾਰਦਰਸ਼ੀ ਤਰੀਕੇ ਨਾਲ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਪਹਿਲਾਂ ਨੌਜਵਾਨਾਂ ਨੂੰ ਨੌਕਰੀ ਲੈਣ ਲਈ ਪੈਸੇ ਅਤੇ ਸਿਫ਼ਾਰਸ਼ਾਂ ਦਾ ਸਹਾਰਾ ਲੈਣਾ ਪੈਂਦਾ ਸੀ, ਪਰ ਭਾਜਪਾ ਸਰਕਾਰ ਨੇ ਇਸ ਵਿਵਸਥਾ ਨੂੰ ਬਦਲ ਕੇ ਯੋਗਤਾ ਨੂੰ ਪਹਿਲ ਦਿੱਤੀ ਹੈ। ਸਰਕਾਰ ਨੇ ਖਿਡਾਰੀਆਂ ਨੂੰ ਵੀ ਉਤਸ਼ਾਹਿਤ ਕੀਤਾ ਹੈ, ਜਿਸ ਦੇ ਸਿੱਟੇ ਵਜੋਂ ਹਰਿਆਣਾ ਦੇ ਖਿਡਾਰੀ ਦੇਸ਼ ਅਤੇ ਸੂਬੇ ਦਾ ਮਾਣ ਵਧਾ ਰਹੇ ਹਨ। ਆਯੁਸ਼ਮਾਨ ਯੋਜਨਾ ਦਾ ਦਾਇਰਾ ਵੀ ਵਧਾਇਆ ਗਿਆ ਹੈ ਅਤੇ ਸੂਬੇ ਵਿੱਚ ਕਰੀਬ 1 ਲੱਖ 60 ਹਜ਼ਾਰ ਮਕਾਨ ਬਣਾ ਕੇ ਲੋੜਵੰਦ ਪਰਿਵਾਰਾਂ ਨੂੰ ਉਪਲਬਧ ਕਰਵਾਏ ਗਏ ਹਨ। ਸਰਕਾਰ ਦਾ ਉਦੇਸ਼ ਮਹਿਲਾ, ਕਿਸਾਨ, ਯੁਵਾ ਅਤੇ ਗਰੀਬ ਸਮੇਤ ਸਮਾਜ ਦੇ ਹਰ ਵਰਗ ਨੂੰ ਸ਼ਕਤੀਸ਼ਾਲੀ ਬਣਾਉਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਗਊਸ਼ਾਲਾਵਾਂ ਦੇ ਵਿਕਾਸ ਅਤੇ ਗਊਵੰਸ਼ ਸੰਭਾਲ ਦੀ ਦਿਸ਼ਾ ਵਿੱਚ ਲਗਾਤਾਰ ਮਹੱਤਵਪੂਰਨ ਕਦਮ ਚੁੱਕ ਰਹੀ ਹੈ। ਸੂਬੇ ਵਿੱਚ ਗਊਸ਼ਾਲਾਵਾਂ ਨੂੰ ਚਾਰੇ ਦੀ ਵਿਵਸਥਾ ਅਤੇ ਸ਼ੈੱਡ ਨਿਰਮਾਣ ਲਈ ਗ੍ਰਾਂਟ ਰਾਸ਼ੀ ਪ੍ਰਦਾਨ ਕੀਤੀ ਜਾਂਦੀ ਹੈ, ਤਾਂ ਜੋ ਗਊਵੰਸ਼ ਦੇ ਰੱਖ-ਰਖਾਅ ਅਤੇ ਦੇਖਭਾਲ ਦੀ ਬਿਹਤਰ ਵਿਵਸਥਾ ਯਕੀਨੀ ਬਣਾਈ ਜਾ ਸਕੇ। ਇਸੇ ਲੜੀ ਵਿੱਚ ਬੀਤੇ ਦਿਨੀਂ ਸੂਬੇ ਦੀਆਂ 629 ਗਊਸ਼ਾਲਾਵਾਂ ਨੂੰ 86 ਕਰੋੜ 95 ਲੱਖ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ ਹੈ। ਇਸ ਰਾਸ਼ੀ ਦੀ ਵਰਤੋਂ ਗਊਸ਼ਾਲਾਵਾਂ ਦੇ ਰੱਖ-ਰਖਾਅ, ਚਾਰੇ ਦੀ ਵਿਵਸਥਾ, ਸ਼ੈੱਡ ਨਿਰਮਾਣ ਅਤੇ ਹੋਰ ਜ਼ਰੂਰੀ ਕੰਮਾਂ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਗਊਵੰਸ਼ ਸੰਭਾਲ ਲਈ ਵਚਨਬੱਧ ਹੈ ਅਤੇ ਗਊਸ਼ਾਲਾਵਾਂ ਨੂੰ ਜ਼ਰੂਰੀ ਸਰੋਤ ਉਪਲਬਧ ਕਰਵਾਉਣ ਲਈ ਨਿਰੰਤਰ ਯਤਨ ਕਰ ਰਹੀ ਹੈ।

ਪੰਜਾਬ ਦੀ ਰਾਜਨੀਤੀ ਨਾਲ ਜੁੜੇ ਸਵਾਲਾਂ 'ਤੇ ਮੁੱਖ ਮੰਤਰੀ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਪੰਜਾਬ ਵਿੱਚ ਹੁਣ ਭਾਜਪਾ ਦੀ ਅਗਵਾਈ ਹੇਠ ਸਰਕਾਰ ਬਣਨ ਦਾ ਸਮਾਂ ਆ ਗਿਆ ਹੈ। ਪੰਜਾਬ ਦੀ ਜਨਤਾ ਨੇ ਕੰਧਾਂ 'ਤੇ ਭਾਜਪਾ ਦੀ ਜਿੱਤ ਦੀ ਇਬਾਰਤ ਲਿਖ ਦਿੱਤੀ ਹੈ। ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਜਨਤਾ ਨਾਲ ਵੱਡੇ-ਵੱਡੇ ਵਾਅਦੇ ਕੀਤੇ, ਪਰ ਉਨ੍ਹਾਂ ਨੂੰ ਪੂਰਾ ਕਰਨ ਵਿੱਚ ਦੋਵੇਂ ਹੀ ਅਸਫ਼ਲ ਰਹੀਆਂ ਹਨ। ਕਾਂਗਰਸ ਨੇ ਹਰ ਘਰ ਵਿੱਚ ਰੋਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ, ਉੱਥੇ ਹੀ ਆਮ ਆਦਮੀ ਪਾਰਟੀ ਨੇ 25 ਲੱਖ ਲੋਕਾਂ ਨੂੰ ਨੌਕਰੀ ਦੇਣ ਦੀ ਗੱਲ ਕੀਤੀ ਸੀ। ਹੁਣ ਪੰਜ ਸਾਲ ਦਾ ਸਮਾਂ ਬੀਤ ਚੁੱਕਾ ਹੈ, ਇਸ ਲਈ ਆਮ ਆਦਮੀ ਪਾਰਟੀ ਨੂੰ ਪੰਜਾਬ ਦੇ ਨੌਜਵਾਨਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਸ ਨੇ ਕਿੰਨੇ ਲੋਕਾਂ ਨੂੰ ਅਸਲ ਵਿੱਚ ਰੋਜ਼ਗਾਰ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਨੇਤਾ ਅੱਜ ਪੰਜਾਬ ਵਿੱਚ ਪ੍ਰੋਗਰਾਮਾਂ ਦੌਰਾਨ ਰਿਬਨ ਕੱਟਣ ਅਤੇ ਲੋਕਾਂ ਨੂੰ ਇਕੱਠਾ ਕਰਨ ਵਿੱਚ ਲੱਗੇ ਹਨ, ਪਰ ਜਨਤਾ ਹੁਣ ਉਨ੍ਹਾਂ ਦੇ ਵਾਅਦਿਆਂ ਅਤੇ ਕੰਮਕਾਜ ਦਾ ਹਿਸਾਬ ਮੰਗ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਦੀ ਅਗਵਾਈ ਹੇਠ ਪੰਜਾਬ ਵਿੱਚ ਸਰਕਾਰ ਬਣੇਗੀ।

ਮੁੱਖ ਮੰਤਰੀ ਨੇ ਪੰਜਾਬ ਵਿੱਚ ਕਿਸਾਨਾਂ ਅਤੇ ਔਰਤਾਂ ਨਾਲ ਕੀਤੇ ਵਾਅਦਿਆਂ ਨੂੰ ਲੈ ਕੇ ਵੀ ਆਮ ਆਦਮੀ ਪਾਰਟੀ ਨੂੰ ਘੇਰਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਕਿਸਾਨਾਂ ਦਾ ਸ਼ੋਸ਼ਣ ਕੀਤਾ ਹੈ ਅਤੇ ਔਰਤਾਂ ਨੂੰ ਆਰਥਿਕ ਸਹਾਇਤਾ ਦੇਣ ਦਾ ਵਾਅਦਾ ਕਰਕੇ ਉਨ੍ਹਾਂ ਨੂੰ ਵੀ ਨਿਰਾਸ਼ ਕੀਤਾ ਹੈ। ਮੁੱਖ ਮੰਤਰੀ ਨੇ ਸਵਾਲ ਕੀਤਾ ਕਿ ਦਿੱਲੀ ਅਤੇ ਪੰਜਾਬ ਵਿੱਚ ਸਰਕਾਰ ਬਣਾਉਣ ਤੋਂ ਪਹਿਲਾਂ ਵੱਡੇ-ਵੱਡੇ ਵਾਅਦੇ ਕਰਨ ਵਾਲੀ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਬਾਅਦ ਕਿਸਾਨਾਂ ਅਤੇ ਔਰਤਾਂ ਲਈ ਅਸਲ ਵਿੱਚ ਕੀ ਕੀਤਾ ਹੈ ?

ਪੰਜਾਬ ਵਿੱਚ ਰਾਜਨੀਤਿਕ ਪ੍ਰੋਗਰਾਮਾਂ ਵਿੱਚ ਜਾਣ ਤੋਂ ਰੋਕਣ ਅਤੇ ਆਯੋਜਕਾਂ ਨੂੰ ਧਮਕਾਉਣ ਸੰਬੰਧੀ ਸਵਾਲ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨੂੰ ਪੰਜਾਬ ਵਿੱਚ ਆਉਣ ਤੋਂ ਰੋਕਿਆ ਜਾ ਰਿਹਾ ਹੈ ਅਤੇ ਪ੍ਰੋਗਰਾਮ ਆਯੋਜਿਤ ਕਰਨ ਵਾਲਿਆਂ 'ਤੇ ਦਬਾਅ ਬਣਾਇਆ ਜਾਂਦਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਵਿੱਚ ਸਰਕਾਰ ਦੀ ਕਾਰਜਪ੍ਰਣਾਲੀ ਦਾ ਇੱਕ ਚਿੰਤਾਜਨਕ ਚਿਹਰਾ ਸਾਹਮਣੇ ਆ ਰਿਹਾ ਹੈ।

ਹਰਿਆਣਾ ਮੰਤਰੀ ਮੰਡਲ ਨੇ ਕਾਲਜ ਕੈਡਰ ਗਰੁੱਪ-ਸੀ ਸੇਵਾ ਨਿਯਮਾਂ ਵਿੱਚ ਸੋਧ ਨੂੰ ਦਿੱਤੀ ਮਨਜ਼ੂਰੀ

ਚੰਡੀਗੜ੍ਹ, 4 ਨਵੰਬਰ
-ਸੰਜੀਵ ਸ਼ਰਮਾ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਹਰਿਆਣਾ ਅਕਾਦਮਿਕ ਕਾਲਜ ਕੈਡਰ (ਗਰੁੱਪ-ਸੀ) ਸੇਵਾ ਨਿਯਮ, 1986 ਵਿੱਚ ਸੋਧ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ। ਇਸ ਤਹਿਤ ਜੂਨੀਅਰ ਲੈਕਚਰ ਅਸਿਸਟੈਂਟ ਦੇ ਅਹੁਦੇ 'ਤੇ ਨਿਯੁਕਤੀ ਲਈ ਵਿੱਦਿਅਕ ਯੋਗਤਾ ਵਿੱਚ ਸੋਧ ਕਰਨ ਦੇ ਨਾਲ-ਨਾਲ ਸੇਵਾ ਸਬੰਧੀ ਹੋਰ ਪ੍ਰਬੰਧਾਂ ਨੂੰ ਵੀ ਅਪਡੇਟ ਕੀਤਾ ਗਿਆ ਹੈ।

ਸੋਧੇ ਹੋਏ ਨਿਯਮ ਹਰਿਆਣਾ ਅਕਾਦਮਿਕ ਕਾਲਜ ਕੈਡਰ (ਗਰੁੱਪ-ਸੀ) ਸੇਵਾ (ਸੋਧ) ਨਿਯਮ, 2026 ਕਹਾਉਣਗੇ। ਇਹ ਨਿਯਮ ਸਰਕਾਰੀ ਗਜ਼ਟ ਵਿੱਚ ਪ੍ਰਕਾਸ਼ਨ ਦੀ ਮਿਤੀ ਤੋਂ ਲਾਗੂ ਹੋਣਗੇ। ਸੋਧੇ ਅਨੁਸਾਰ, ਜੂਨੀਅਰ ਲੈਕਚਰ ਅਸਿਸਟੈਂਟ ਦੇ ਅਹੁਦੇ 'ਤੇ ਸਿੱਧੀ ਭਰਤੀ ਲਈ ਉਮੀਦਵਾਰ ਦਾ ਵਿਗਿਆਨ ਵਿਸ਼ੇ ਵਿੱਚ ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਅਤੇ ਗਣਿਤ (ਪੀਸੀਐਮ) ਜਾਂ ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਅਤੇ ਜੀਵ ਵਿਗਿਆਨ (ਪੀਸੀਬੀ) ਵਿਸ਼ਿਆਂ ਦੇ ਨਾਲ 10+2 ਪਾਸ ਹੋਣਾ ਲਾਜ਼ਮੀ ਹੋਵੇਗਾ। ਇਸ ਤੋਂ ਇਲਾਵਾ, ਕਿਸੇ ਮਾਨਤਾ ਪ੍ਰਾਪਤ ਕਾਲਜ ਵਿੱਚ ਲੈਬਾਰਟਰੀ ਅਟੈਂਡੈਂਟ ਵਜੋਂ ਪੰਜ ਸਾਲ ਦਾ ਤਜਰਬਾ ਹੋਣਾ ਚਾਹੀਦਾ ਹੈ। ਉਮੀਦਵਾਰ ਕੋਲ ਮੈਟ੍ਰਿਕ ਪੱਧਰ 'ਤੇ ਹਿੰਦੀ ਜਾਂ ਸੰਸਕ੍ਰਿਤ ਵਿਸ਼ਾ ਜਾਂ ਉੱਚ ਸਿੱਖਿਆ ਵਿੱਚ ਹਿੰਦੀ ਵਿਸ਼ਾ ਵੀ ਹੋਣਾ ਲਾਜ਼ਮੀ ਹੈ। ਤਰੱਕੀ ਰਾਹੀਂ ਨਿਯੁਕਤੀ ਲਈ ਨਿਰਧਾਰਤ ਯੋਗਤਾ 10+2 ਜਾਂ ਇਸ ਦੇ ਬਰਾਬਰ ਹੋਵੇਗੀ ਅਤੇ ਅਹੁਦੇ 'ਤੇ ਨਿਯਮਤ ਨਿਯੁਕਤੀ ਤੋਂ ਬਾਅਦ ਲੈਬਾਰਟਰੀ ਅਟੈਂਡੈਂਟ ਵਜੋਂ ਪੰਜ ਸਾਲ ਦਾ ਤਜਰਬਾ ਲਾਜ਼ਮੀ ਹੋਵੇਗਾ।

ਸੋਧੇ ਹੋਏ ਨਿਯਮਾਂ ਤਹਿਤ ਸਿੱਧੀ ਭਰਤੀ ਲਈ ਉਮਰ ਸੀਮਾ 18 ਤੋਂ 42 ਸਾਲ ਨਿਰਧਾਰਤ ਕੀਤੀ ਗਈ ਹੈ, ਜੋ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਕੋਲ ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ ਦੇ ਆਧਾਰ 'ਤੇ ਨਿਰਧਾਰਤ ਕੀਤੀ ਜਾਵੇਗੀ। ਵੱਧ ਤੋਂ ਵੱਧ ਉਮਰ ਸੀਮਾ ਵਿੱਚ ਛੋਟ ਹਰਿਆਣਾ ਸਿਵਲ ਸੇਵਾਵਾਂ (ਆਮ) ਨਿਯਮ, 2016 ਦੇ ਅਨੁਸਾਰ ਦਿੱਤੀ ਜਾਵੇਗੀ।

ਨਵੇਂ ਨਿਯਮਾਂ ਅਨੁਸਾਰ, ਕਮਿਸ਼ਨ ਵਾਂਝੀਆਂ ਅਨੁਸੂਚਿਤ ਜਾਤੀਆਂ, ਹੋਰ ਅਨੁਸੂਚਿਤ ਜਾਤੀਆਂ, ਪੱਛੜੇ ਵਰਗ, ਸਾਬਕਾ ਸੈਨਿਕਾਂ ਅਤੇ ਦਿਵਿਆਂਗਜਨਾਂ ਲਈ ਰਾਖਵੀਆਂ ਅਸਾਮੀਆਂ ਵਾਸਤੇ ਨਿਰਧਾਰਤ ਤਜਰਬੇ ਵਾਲੇ ਲੋੜੀਂਦੀ ਗਿਣਤੀ ਵਿੱਚ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਤਜਰਬੇ ਦੀ ਲੋੜ ਵਿੱਚ 50 ਫ਼ੀਸਦੀ ਤੱਕ ਛੋਟ ਦੇ ਸਕਦਾ ਹੈ। ਇਸ ਤਰ੍ਹਾਂ ਦੀ ਛੋਟ ਦੇਣ ਦੇ ਕਾਰਨਾਂ ਨੂੰ ਲਿਖਤੀ ਰੂਪ ਵਿੱਚ ਦਰਜ ਕਰਨਾ ਲਾਜ਼ਮੀ ਹੋਵੇਗਾ।

ਸੋਧੇ ਹੋਏ ਨਿਯਮਾਂ ਵਿੱਚ ਨਾਗਰਿਕਤਾ, ਰਾਖਵੇਂਕਰਨ ਅਤੇ ਪਰਖਕਾਲ ਦੀ ਮਿਆਦ ਸਫਲਤਾਪੂਰਵਕ ਪੂਰੀ ਕਰਨ ਤੋਂ ਬਾਅਦ ਪੁਸ਼ਟੀ ਨਾਲ ਸਬੰਧਤ ਪ੍ਰਬੰਧਾਂ ਨੂੰ ਵੀ ਅਪਡੇਟ ਕੀਤਾ ਗਿਆ ਹੈ। ਭਾਰਤੀ ਨਾਗਰਿਕ ਅਤੇ ਨੇਪਾਲ ਜਾਂ ਭੂਟਾਨ ਦੇ ਨਾਗਰਿਕ ਨਿਯੁਕਤੀ ਲਈ ਯੋਗ ਹੋਣਗੇ, ਪਰ ਨੇਪਾਲ ਜਾਂ ਭੂਟਾਨ ਦੇ ਨਾਗਰਿਕਾਂ ਕੋਲ ਸਰਕਾਰ ਵੱਲੋਂ ਜਾਰੀ ਯੋਗਤਾ ਸਰਟੀਫਿਕੇਟ ਹੋਣਾ ਲਾਜ਼ਮੀ ਹੈ।

ਰਾਖਵਾਂਕਰਨ ਅਤੇ ਹੋਰ ਰਿਆਇਤਾਂ ਰਾਜ ਸਰਕਾਰ ਦੇ ਹੁਕਮਾਂ ਅਨੁਸਾਰ ਲਾਗੂ ਰਹਿਣਗੀਆਂ। ਇਨ੍ਹਾਂ ਸੋਧਾਂ ਵਿੱਚ ਸਰਕਾਰ ਨੂੰ ਅਹੁਦਿਆਂ ਦੀ ਗਿਣਤੀ ਵਧਾਉਣ ਜਾਂ ਘਟਾਉਣ ਜਾਂ ਵੱਖ-ਵੱਖ ਅਹੁਦਾ-ਨਾਮਾਂ ਅਤੇ ਤਨਖਾਹ ਸਕੇਲਾਂ ਦੇ ਨਾਲ ਨਵੇਂ ਨਿਯਮਤ ਅਹੁਦੇ ਸਿਰਜਣ ਦਾ ਅਧਿਕਾਰ ਵੀ ਦਿੱਤਾ ਗਿਆ ਹੈ।

ਹਰਿਆਣਾ ਵਿੱਚ ਟ੍ਰੈਵਲ ਏਜੰਟਾਂ ਦੀ ਰਜਿਸਟ੍ਰੇਸ਼ਨ ਲਾਜ਼ਮੀ, ਧੋਖਾਧੜੀ ਅਤੇ ਗੈਰ-ਕਾਨੂੰਨੀ ਤਰੀਕੇ ਨਾਲ ਵਿਦੇਸ਼ ਭੇਜਣ ਵਾਲਿਆਂ 'ਤੇ ਕੱਸੇਗਾ ਸ਼ਿਕੰਜ

ਚੰਡੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਵਿਦੇਸ਼ ਵਿੱਚ ਨੌਕਰੀ ਅਤੇ ਬਿਹਤਰ ਭਵਿੱਖ ਦਾ ਸੁਪਨਾ ਦਿਖਾ ਕੇ ਠਗੀ ਕਰਨ ਵਾਲੇ ਅਤੇ ਗੈਰ-ਕਾਨੂੰਨੀ ਤਰੀਕੇ ਨਾਲ ਵਿਦੇਸ਼ ਭੇਜਣ ਵਾਲੇ ਲੋਕਾਂ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਵਿਵਸਥਾ ਲਾਗੂ ਕਰਨ ਜਾ ਰਹੀ ਹੈ। ਇਸੇ ਦਿਸ਼ਾ ਵਿੱਚ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ 'ਹਰਿਆਣਾ ਟ੍ਰੈਵਲ ਏਜੰਟ ਰਜਿਸਟ੍ਰੇਸ਼ਨ ਅਤੇ ਵਿਨਿਯਮਨ ਐਕਟ, 2025' ਦੇ ਤਹਿਤ 'ਹਰਿਆਣਾ ਟ੍ਰੈਵਲ ਏਜੰਟ ਰਜਿਸਟ੍ਰੇਸ਼ਨ ਅਤੇ ਵਿਨਿਯਮਨ ਐਕਟ, 2026' ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ।

ਇਨ੍ਹਾਂ ਨਿਯਮਾਂ ਦਾ ਮੁੱਖ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਧੋਖਾਧੜੀ ਕਰਨ ਵਾਲੇ ਟ੍ਰੈਵਲ ਏਜੰਟਾਂ, ਗੈਰ-ਕਾਨੂੰਨੀ ਵਿਦੇਸ਼ ਭਰਤੀ, ਮਨੁੱਖੀ ਤਸਕਰੀ ਅਤੇ ਡੌਂਕੀ ਰੂਟ ਵਰਗੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੋਂ ਬਚਾਉਣਾ ਅਤੇ ਟ੍ਰੈਵਲ ਏਜੰਟਾਂ ਦੇ ਕਾਰੋਬਾਰ ਵਿੱਚ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਉਣਾ ਹੈ।

ਨਵੇਂ ਨਿਯਮਾਂ ਦੇ ਤਹਿਤ ਸੂਬੇ ਵਿੱਚ ਟ੍ਰੈਵਲ ਏਜੰਟ ਦਾ ਕਾਰੋਬਾਰ ਕਰਨ ਵਾਲੇ ਸਾਰੇ ਨਵੇਂ ਅਤੇ ਪਹਿਲਾਂ ਤੋਂ ਕੰਮ ਕਰ ਰਹੇ ਏਜੰਟਾਂ ਲਈ ਰਜਿਸਟ੍ਰੇਸ਼ਨ ਲਾਜ਼ਮੀ ਹੋਵੇਗੀ। ਹਰੇਕ ਨਵੇਂ ਦਫ਼ਤਰ ਜਾਂ ਸ਼ਾਖਾ ਲਈ ਵੱਖਰੀ ਰਜਿਸਟ੍ਰੇਸ਼ਨ ਕਰਵਾਉਣੀ ਪਵੇਗੀ। ਇਸੇ ਤਰ੍ਹਾਂ, ਹਰੇਕ ਸੇਵਾ ਸ਼੍ਰੇਣੀ ਲਈ ਵੀ ਵੱਖ-ਵੱਖ ਰਜਿਸਟ੍ਰੇਸ਼ਨ ਜ਼ਰੂਰੀ ਹੋਵੇਗੀ। ਇਨ੍ਹਾਂ ਵਿੱਚ ਪਾਸਪੋਰਟ ਸੇਵਾਵਾਂ, ਟੂਰ ਅਤੇ ਟ੍ਰੈਵਲ ਏਜੰਸੀ ਸੇਵਾਵਾਂ, ਸਟੱਡੀ ਵੀਜ਼ਾ ਕੰਸਲਟੈਂਸੀ ਅਤੇ ਟਿਕਟਿੰਗ ਸੇਵਾਵਾਂ ਸ਼ਾਮਲ ਹਨ।

ਵਿੱਤੀ ਜਵਾਬਦੇਹੀ ਯਕੀਨੀ ਬਣਾਉਣ ਲਈ ਹਰੇਕ ਸੇਵਾ ਸ਼੍ਰੇਣੀ ਦੀ ਰਜਿਸਟ੍ਰੇਸ਼ਨ ਲਈ 5,000 ਰੁਪਏ ਫੀਸ ਨਿਰਧਾਰਿਤ ਕੀਤੀ ਗਈ ਹੈ। ਰਜਿਸਟ੍ਰੇਸ਼ਨ ਤੋਂ ਪਹਿਲਾਂ ਹਰੇਕ ਆਵੇਦਕ ਦੀ ਪੁਲਿਸ ਵੈਰੀਫਿਕੇਸ਼ਨ ਲਾਜ਼ਮੀ ਹੋਵੇਗੀ, ਤਾਂ ਜੋ ਇਸ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਦੇ ਪਿਛੋਕੜ ਦੀ ਜਾਂਚ ਯਕੀਨੀ ਬਣਾਈ ਜਾ ਸਕੇ।

ਪੁਲਿਸ ਵੈਰੀਫਿਕੇਸ਼ਨ ਰਿਪੋਰਟ ਪ੍ਰਾਪਤ ਹੋਣ ਤੋਂ ਬਾਅਦ ਸਮਰੱਥ ਅਧਿਕਾਰੀ ਵੱਲੋਂ 30 ਦਿਨਾਂ ਦੇ ਅੰਦਰ ਰਜਿਸਟ੍ਰੇਸ਼ਨ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ। ਇਹ ਸਰਟੀਫਿਕੇਟ ਤਿੰਨ ਸਾਲਾਂ ਲਈ ਮਾਨਤਾ ਪ੍ਰਾਪਤ ਰਹੇਗਾ। ਆਮ ਨਾਗਰਿਕਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਲਈ ਏਜੰਟਾਂ ਨੂੰ ਕਿਊ.ਆਰ. ਕੋਡ ਵਾਲੇ ਡਿਜੀਟਲ ਰਜਿਸਟ੍ਰੇਸ਼ਨ ਸਰਟੀਫਿਕੇਟ ਜਾਰੀ ਕੀਤੇ ਜਾਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੀਡੀਓ ਸੰਦੇਸ਼ ਰਾਹੀਂ ਨਿਰਯਾਤਕਾਂ ਨੂੰ ਵਿਸ਼ਵ ਬਾਜ਼ਾਰ ਵਿੱਚ ਵਿਸਥਾਰ ਕਰਨ ਦਾ ਦਿੱਤਾ ਸੰਦੇਸ਼, ਹਰਿਆਣਾ ਦੇ ਨਿਰਯਾਤ ਨੂੰ ਪੰਜ ਸਾਲਾਂ ਵਿੱਚ ਦੁੱਗਣਾ ਕਰਨ ਦਾ ਟੀਚਾ

ਚੰਡੀਗੜ੍ਹ, 4 ਨਵੰਬਰ
-ਸੰਜੀਵ ਸ਼ਰਮਾ-

ਹਰਿਆਣਾ ਦੇ ਉਤਪਾਦਾਂ ਨੂੰ ਵਿਸ਼ਵ ਬਾਜ਼ਾਰਾਂ ਤੱਕ ਪਹੁੰਚਾਉਣ ਅਤੇ ਸੂਬੇ ਦੇ ਨਿਰਯਾਤ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਦੇ ਉਦੇਸ਼ ਨਾਲ ਮੰਗਲਵਾਰ ਨੂੰ ਗੁਰੂਗ੍ਰਾਮ ਵਿੱਚ ਰਾਜ ਪੱਧਰੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੀਡੀਓ ਸੰਦੇਸ਼ ਰਾਹੀਂ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਅਗਲੇ ਪੰਜ ਸਾਲਾਂ ਵਿੱਚ ਸੂਬੇ ਦੇ ਨਿਰਯਾਤ ਨੂੰ ਦੁੱਗਣਾ ਕਰਨ ਦਾ ਟੀਚਾ ਰੱਖਿਆ। ਉੱਥੇ ਹੀ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਹੋਟਲ ਗ੍ਰੈਂਡ ਹਯਾਤ ਵਿਖੇ 'ਲੇਵਰੇਜਿੰਗ ਐਫਟੀਏ - ਆਊਟਰੀਚ ਪ੍ਰੋਗਰਾਮ' ਦਾ ਉਦਘਾਟਨ ਕੀਤਾ। ਵਰਕਸ਼ਾਪ ਵਿੱਚ ਭਾਰਤ ਦੇ ਮੁਕਤ ਵਪਾਰ ਸਮਝੌਤਿਆਂ (ਐਫਟੀਏ) ਰਾਹੀਂ ਹਰਿਆਣਾ ਦੇ ਉਦਯੋਗਾਂ, ਐਮਐਸਐਮਈ ਅਤੇ ਨਿਰਯਾਤਕਾਂ ਲਈ ਵਿਸ਼ਵ ਬਾਜ਼ਾਰ ਵਿੱਚ ਉਪਲਬਧ ਮੌਕਿਆਂ ਅਤੇ ਨਿਰਯਾਤ ਦੇ ਵਿਸਥਾਰ ਦੀਆਂ ਰਣਨੀਤੀਆਂ ਬਾਰੇ ਚਰਚਾ ਕੀਤੀ ਗਈ। ਇਸ ਵਰਕਸ਼ਾਪ ਦਾ ਆਯੋਜਨ ਹਰਿਆਣਾ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐਮਐਸਐਮਈ) ਡਾਇਰੈਕਟੋਰੇਟ ਵੱਲੋਂ ਭਾਰਤ ਸਰਕਾਰ ਦੇ ਵਣਜ ਵਿਭਾਗ, ਵਿਦੇਸ਼ ਵਪਾਰ ਮਹਾਨਿਦੇਸ਼ਾਲੇ (ਡੀਜੀਐਫਟੀ) ਅਤੇ ਇੰਡੀਆ ਟ੍ਰੇਡ ਪ੍ਰਮੋਸ਼ਨ ਆਰਗੇਨਾਈਜ਼ੇਸ਼ਨ (ਆਈਟੀਪੀਓ) ਦੇ ਸਾਂਝੇ ਤੱਤਵਾਧਾਨ ਹੇਠ ਕੀਤਾ ਗਿਆ। ਪ੍ਰੋਗਰਾਮ ਵਿੱਚ ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਭਾਰਤ ਸਰਕਾਰ ਦੇ ਵਣਜ ਵਿਭਾਗ ਦੇ ਵਧੀਕ ਸਕੱਤਰ ਨਿਤਿਨ ਕੁਮਾਰ ਯਾਦਵ, ਉਦਯੋਗ ਅਤੇ ਵਣਜ ਵਿਭਾਗ, ਹਰਿਆਣਾ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੇ. ਅਗਰਵਾਲ, ਗੁਰੂਗ੍ਰਾਮ ਦੇ ਡਿਵੀਜ਼ਨਲ ਕਮਿਸ਼ਨਰ ਰਵੀ ਪ੍ਰਕਾਸ਼ ਗੁਪਤਾ, ਹਰਿਆਣਾ ਐਮਐਸਐਮਈ ਅਤੇ ਉਦਯੋਗ ਅਤੇ ਵਣਜ ਵਿਭਾਗ ਦੇ ਮਹਾਨਿਦੇਸ਼ਕ ਡਾ. ਯਸ਼ ਗਰਗ, ਭਾਰਤ ਸਰਕਾਰ ਦੇ ਵਣਜ ਵਿਭਾਗ ਵਿੱਚ ਡਾਇਰੈਕਟਰ ਡਾ. ਗਰਿਮਾ ਮਿੱਤਲ ਅਤੇ ਐਚਐਸਆਈਆਈਡੀਸੀ ਦੇ ਐਮਡੀ ਵਿਨੈ ਪ੍ਰਤਾਪ ਸਿੰਘ ਸਮੇਤ ਕੇਂਦਰ ਅਤੇ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀ, ਵਪਾਰ ਮਾਹਿਰ ਅਤੇ ਵੱਖ-ਵੱਖ ਉਦਯੋਗਿਕ ਸੰਗਠਨਾਂ ਦੇ ਨੁਮਾਇੰਦੇ ਹਾਜ਼ਰ ਰਹੇ। ਹਰਿਆਣਾ ਦੇ ਉਤਪਾਦਾਂ ਨੂੰ ਵਿਸ਼ਵ ਬਾਜ਼ਾਰਾਂ ਤੱਕ ਪਹੁੰਚਾਉਣਾ ਸਰਕਾਰ ਦਾ ਟੀਚਾ - ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ

ਮੁੱਖ ਮੰਤਰੀ ਨੇ ਆਪਣੇ ਵੀਡੀਓ ਸੰਦੇਸ਼ ਰਾਹੀਂ ਵਰਕਸ਼ਾਪ ਨਾਲ ਜੁੜੇ ਸਾਰੇ ਨਿਰਯਾਤਕਾਂ, ਉੱਦਮੀਆਂ ਅਤੇ ਭਾਗੀਦਾਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਹਰਿਆਣਾ ਨੇ 1 ਨਵੰਬਰ ਨੂੰ ਆਪਣੀ ਸਥਾਪਨਾ ਦੇ 60 ਸ਼ਾਨਦਾਰ ਸਾਲ ਪੂਰੇ ਕੀਤੇ ਹਨ। ਇਨ੍ਹਾਂ ਛੇ ਦਹਾਕਿਆਂ ਦੌਰਾਨ ਸੂਬੇ ਦੇ ਕਿਸਾਨਾਂ, ਮਜ਼ਦੂਰਾਂ ਅਤੇ ਉੱਦਮੀਆਂ ਨੇ ਆਪਣੀ ਮਿਹਨਤ ਨਾਲ ਹਰਿਆਣਾ ਨੂੰ ਖੇਤੀਬਾੜੀ ਅਤੇ ਉਦਯੋਗ ਦੇ ਪ੍ਰਮੁੱਖ ਕੇਂਦਰ ਵਜੋਂ ਸਥਾਪਿਤ ਕੀਤਾ ਹੈ। ਹੁਣ ਸਰਕਾਰ ਦਾ ਟੀਚਾ ਸੂਬੇ ਦੇ ਉਤਪਾਦਾਂ ਨੂੰ ਦੁਨੀਆ ਦੇ ਹਰ ਬਾਜ਼ਾਰ ਤੱਕ ਪਹੁੰਚਾਉਣਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇ ਮੁਕਤ ਵਪਾਰ ਸਮਝੌਤਿਆਂ ਰਾਹੀਂ 36 ਵਿਕਸਿਤ ਦੇਸ਼ਾਂ ਦੇ ਬਾਜ਼ਾਰਾਂ ਤੱਕ ਪਹੁੰਚ ਦੇ ਨਵੇਂ ਮੌਕੇ ਖੁੱਲ੍ਹੇ ਹਨ। ਹਰਿਆਣਾ ਸਰਕਾਰ ਇਨ੍ਹਾਂ ਮੌਕਿਆਂ ਨੂੰ ਸੂਬੇ ਦੇ ਉਦਯੋਗਾਂ, ਐਮਐਸਐਮਈ, ਕਿਸਾਨਾਂ ਅਤੇ ਨੌਜਵਾਨਾਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2025-26 ਵਿੱਚ ਹਰਿਆਣਾ ਦਾ ਵਸਤੂ ਨਿਰਯਾਤ 20 ਬਿਲੀਅਨ ਡਾਲਰ ਤੋਂ ਵੱਧ ਰਿਹਾ ਅਤੇ ਦੇਸ਼ ਦੇ ਕੁੱਲ ਨਿਰਯਾਤ ਵਿੱਚ ਹਰਿਆਣਾ ਦੇਸ਼ ਵਿੱਚ ਛੇਵੇਂ ਸਥਾਨ 'ਤੇ ਹੈ। ਮੁੱਖ ਮੰਤਰੀ ਨੇ ਕਿਹਾ ਕਿ ਗੁਰੂਗ੍ਰਾਮ ਦਾ ਆਟੋਮੋਬਾਈਲ ਅਤੇ ਆਈਟੀ ਖੇਤਰ, ਫਰੀਦਾਬਾਦ ਦੇ ਇੰਜੀਨੀਅਰਿੰਗ ਉਤਪਾਦ, ਪਾਣੀਪਤ ਦੇ ਹੋਮ ਟੈਕਸਟਾਈਲ, ਕਰਨਾਲ ਦੇ ਬਾਸਮਤੀ ਚੌਲ, ਝੱਜਰ ਦੇ ਫੁੱਟਵੀਅਰ ਅਤੇ ਅੰਬਾਲਾ ਦੇ ਵਿਗਿਆਨਕ ਉਪਕਰਨ ਅੰਤਰਰਾਸ਼ਟਰੀ ਪੱਧਰ 'ਤੇ ਹਰਿਆਣਾ ਦੀ ਪਛਾਣ ਹਨ। ਭਾਰਤ-ਬ੍ਰਿਟੇਨ ਮੁਕਤ ਵਪਾਰ ਸਮਝੌਤਾ ਲਾਗੂ ਹੋਣ ਨਾਲ ਸੂਬੇ ਦੇ ਟੈਕਸਟਾਈਲ, ਗਾਰਮੈਂਟ, ਫੁੱਟਵੀਅਰ ਸਮੇਤ ਵੱਖ-ਵੱਖ ਖੇਤਰਾਂ ਲਈ ਨਵੇਂ ਮੌਕੇ ਖੁੱਲ੍ਹੇ ਹਨ। ਇਨ੍ਹਾਂ ਮੌਕਿਆਂ ਦਾ ਪੂਰਾ ਲਾਭ ਉਠਾਉਣ ਲਈ ਨਿਰਯਾਤਕਾਂ ਨੂੰ ਅੰਤਰਰਾਸ਼ਟਰੀ ਬਾਜ਼ਾਰ ਦੀ ਮੰਗ, ਟੈਰਿਫ ਰਿਆਇਤਾਂ, ਰੂਲਜ਼ ਆਫ਼ ਓਰਿਜਨ ਅਤੇ ਗੁਣਵੱਤਾ ਦੇ ਮਾਪਦੰਡਾਂ ਬਾਰੇ ਜਾਣਕਾਰੀ ਹੋਣਾ ਜ਼ਰੂਰੀ ਹੈ।

ਹਰਿਆਣਾ ਲੋਕ ਸੇਵਾ ਕਮਿਸ਼ਨ (ਰਾਜ ਸੇਵਾ ਸਮੂਹ-ਗ) ਨਿਯਮ, 2002 ਵਿੱਚ ਸੋਧ ਨੂੰ ਮੰਤਰੀ ਮੰਡਲ ਦੀ ਪ੍ਰਵਾਨਗੀ

ਚੰਡੀਗੜ੍ਹ, 4 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਹਰਿਆਣਾ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਹਰਿਆਣਾ ਲੋਕ ਸੇਵਾ ਕਮਿਸ਼ਨ (ਰਾਜ ਸੇਵਾ ਸਮੂਹ-ਗ) ਨਿਯਮ, 2002 ਵਿੱਚ ਸੋਧ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ। ਇਨ੍ਹਾਂ ਸੋਧਾਂ ਦਾ ਉਦੇਸ਼ ਕਮਿਸ਼ਨ ਵਿੱਚ ਨਵੇਂ ਸਿਰਜੇ ਗਏ ਗਰੁੱਪ-ਸੀ ਦੇ ਅਹੁਦਿਆਂ ਨੂੰ ਸ਼ਾਮਲ ਕਰਨਾ ਅਤੇ ਮੌਜੂਦਾ ਪ੍ਰਬੰਧਾਂ ਨੂੰ ਨਵੀਨਤਮ ਸਰਕਾਰੀ ਨਿਯਮਾਂ ਅਤੇ ਨਿਰਦੇਸ਼ਾਂ ਦੇ ਅਨੁਸਾਰ ਬਣਾਉਣਾ ਹੈ।

ਇਨ੍ਹਾਂ ਸੋਧਾਂ ਰਾਹੀਂ ਹਰਿਆਣਾ ਲੋਕ ਸੇਵਾ ਕਮਿਸ਼ਨ ਵਿੱਚ ਗਰੁੱਪ-ਸੀ ਦੇ ਵੱਖ-ਵੱਖ ਅਹੁਦਿਆਂ ਦੀ ਮਨਜ਼ੂਰਸ਼ੁਦਾ ਗਿਣਤੀ ਨੂੰ ਅਪਡੇਟ ਕੀਤਾ ਜਾਵੇਗਾ। ਕਮਿਸ਼ਨ ਵਿੱਚ ਪ੍ਰੀਖਿਆਵਾਂ ਦੀ ਵਧਦੀ ਗਿਣਤੀ ਅਤੇ ਹੋਰ ਸਬੰਧਤ ਕੰਮਾਂ ਕਾਰਨ ਕੰਮ ਦੇ ਬੋਝ ਵਿੱਚ ਹੋਏ ਵਾਧੇ ਨੂੰ ਦੇਖਦੇ ਹੋਏ ਇਹ ਸੋਧ ਜ਼ਰੂਰੀ ਹੋ ਗਈ ਸੀ।

ਸੋਧੇ ਹੋਏ ਨਿਯਮਾਂ ਅਨੁਸਾਰ, ਕਮਿਸ਼ਨ ਵਿੱਚ ਗਰੁੱਪ-ਸੀ ਦੇ ਕੁੱਲ 85 ਮਨਜ਼ੂਰਸ਼ੁਦਾ ਅਹੁਦੇ ਹੋਣਗੇ, ਜਿਨ੍ਹਾਂ ਵਿੱਚ 15 ਨਵੇਂ ਸਿਰਜੇ ਗਏ ਅਹੁਦੇ ਸ਼ਾਮਲ ਹਨ। ਇਨ੍ਹਾਂ ਵਿੱਚ ਇੱਕ ਸੈਕਸ਼ਨ ਅਫ਼ਸਰ, ਤਿੰਨ ਡਿਪਟੀ ਸੁਪਰਡੈਂਟ, ਇੱਕ ਨਿੱਜੀ ਸਹਾਇਕ, 25 ਸਹਾਇਕ, ਦੋ ਸੀਨੀਅਰ ਸਕੇਲ ਸਟੈਨੋਗ੍ਰਾਫਰ, ਦੋ ਜੂਨੀਅਰ ਸਕੇਲ ਸਟੈਨੋਗ੍ਰਾਫਰ, ਛੇ ਸਟੈਨੋ ਟਾਈਪਿਸਟ, 13 ਡਰਾਈਵਰ, 29 ਕਲਰਕ, ਇੱਕ ਰੈਸਟੋਰਰ ਅਤੇ ਦੋ ਗੈਸਟੇਟਨਰ ਆਪਰੇਟਰ ਦੇ ਅਹੁਦੇ ਸ਼ਾਮਲ ਹਨ।

ਮੰਤਰੀ ਮੰਡਲ ਵੱਲੋਂ ਪ੍ਰਵਾਨ ਕੀਤੀਆਂ ਸੋਧਾਂ ਵਿੱਚ ਇਨ੍ਹਾਂ ਅਹੁਦਿਆਂ 'ਤੇ ਨਿਯੁਕਤੀ ਲਈ ਯੋਗਤਾ ਦੀਆਂ ਸ਼ਰਤਾਂ ਵਿੱਚ ਵੀ ਬਦਲਾਅ ਕੀਤਾ ਗਿਆ ਹੈ। ਇਸ ਤਹਿਤ ਤਿੱਬਤੀ ਸ਼ਰਨਾਰਥੀਆਂ ਅਤੇ ਪਾਕਿਸਤਾਨ, ਬਰਮਾ, ਸ੍ਰੀਲੰਕਾ ਅਤੇ ਕੁਝ ਪੂਰਬੀ ਅਫ਼ਰੀਕੀ ਦੇਸ਼ਾਂ ਤੋਂ ਭਾਰਤ ਵਿੱਚ ਪ੍ਰਵਾਸ ਕਰਨ ਵਾਲੇ ਭਾਰਤੀ ਮੂਲ ਦੇ ਵਿਅਕਤੀਆਂ ਨਾਲ ਸਬੰਧਤ ਮੌਜੂਦਾ ਪ੍ਰਬੰਧਾਂ ਨੂੰ ਹਟਾਉਣ ਦਾ ਪ੍ਰਸਤਾਵ ਹੈ। ਹੁਣ ਯੋਗਤਾ ਭਾਰਤ ਦੇ ਨਾਗਰਿਕਾਂ ਅਤੇ ਨੇਪਾਲ ਤੇ ਭੂਟਾਨ ਦੇ ਨਾਗਰਿਕਾਂ ਤੱਕ ਸੀਮਤ ਹੋਵੇਗੀ। ਹਾਲਾਂਕਿ, ਨੇਪਾਲ ਅਤੇ ਭੂਟਾਨ ਦੇ ਨਾਗਰਿਕਾਂ ਦੀ ਨਿਯੁਕਤੀ ਇਸ ਸ਼ਰਤ 'ਤੇ ਹੋਵੇਗੀ ਕਿ ਉਨ੍ਹਾਂ ਨੂੰ ਸਰਕਾਰ ਵੱਲੋਂ ਯੋਗਤਾ ਸਰਟੀਫਿਕੇਟ ਜਾਰੀ ਕੀਤਾ ਗਿਆ ਹੋਵੇ।

ਇਸ ਤੋਂ ਇਲਾਵਾ, ਨਿਯਮ 13 ਦੇ ਤਹਿਤ ਅਨੁਸ਼ਾਸਨੀ ਮਾਮਲਿਆਂ, ਅਪੀਲ ਅਤੇ ਹੋਰ ਸੇਵਾ ਸਬੰਧੀ ਮਾਮਲਿਆਂ ਦੇ ਪ੍ਰਬੰਧਾਂ ਨੂੰ ਹਰਿਆਣਾ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮ, 2016 ਦੇ ਅਨੁਸਾਰ ਕੀਤਾ ਜਾਵੇਗਾ। ਇਸ ਸਬੰਧ ਵਿੱਚ ਸਾਲ 1987 ਦੇ ਪੁਰਾਣੇ ਨਿਯਮਾਂ ਦੇ ਹਵਾਲੇ ਨੂੰ ਬਦਲਿਆ ਜਾਵੇਗਾ। ਸੋਧਾਂ ਵਿੱਚ ਲਾਗੂ ਨਿਯਮਾਂ ਅਨੁਸਾਰ ਸਮਰੱਥ ਅਧਿਕਾਰੀਆਂ ਦਾ ਵੀ ਸਪੱਸ਼ਟ ਜ਼ਿਕਰ ਕੀਤਾ ਜਾਵੇਗਾ।

ਜਨ ਸਮੱਸਿਆਵਾਂ ਦੀ ਅਣਦੇਖੀ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਕਸ਼ਨ ਮੋਡ ਵਿੱਚ, ਗੁਰੂਗ੍ਰਾਮ ਵਿੱਚ ਵੱਖ-ਵੱਖ ਅਧਿਕਾਰੀਆਂ ਵਿਰੁੱਧ ਕੀਤੀ ਕਾਰਵਾਈ

ਚੰਡੀਗੜ੍ਹ 4 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ 2,000 ਕਰੋੜ ਰੁਪਏ ਤੋਂ ਵੱਧ ਦੀ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਤਹਿਤ ਦਸੰਬਰ 2027 ਦੇ ਅੰਤ ਤੱਕ 400 ਤੋਂ ਵੱਧ ਸਰਕਾਰੀ ਸਕੂਲਾਂ ਨੂੰ ਨਵੀਆਂ ਇਮਾਰਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਸਰਕਾਰ ਦਾ ਯਤਨ ਹੈ ਕਿ ਵਿਦਿਆਰਥੀਆਂ ਨੂੰ ਬਿਹਤਰ ਵਿੱਦਿਅਕ ਮਾਹੌਲ ਅਤੇ ਆਧੁਨਿਕ ਸਹੂਲਤਾਂ ਮਿਲਣ।

ਮੁੱਖ ਮੰਤਰੀ ਨੇ ਇਹ ਜਾਣਕਾਰੀ ਬੁੱਧਵਾਰ ਨੂੰ ਗੁਰੂਗ੍ਰਾਮ ਵਿਖੇ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਕਮੇਟੀ ਦੀ ਮੀਟਿੰਗ ਦੌਰਾਨ ਇੱਕ ਸਕੂਲ ਦੀ ਇਮਾਰਤ ਦੇ ਨਵੀਨੀਕਰਨ ਨਾਲ ਸਬੰਧਤ ਸ਼ਿਕਾਇਤ ਦੀ ਸੁਣਵਾਈ ਕਰਦਿਆਂ ਦਿੱਤੀ।

ਮੀਟਿੰਗ ਵਿੱਚ ਸੁਣਵਾਈ ਲਈ ਕੁੱਲ 15 ਸ਼ਿਕਾਇਤਾਂ ਰੱਖੀਆਂ ਗਈਆਂ, ਜਿਨ੍ਹਾਂ ਵਿੱਚੋਂ ਮੁੱਖ ਮੰਤਰੀ ਨੇ 11 ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ, ਜਦੋਂਕਿ ਬਾਕੀ 4 ਮਾਮਲਿਆਂ ਨੂੰ ਅਗਲੀ ਮੀਟਿੰਗ ਤੱਕ ਪੈਂਡਿੰਗ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਮਾਮਲਿਆਂ ਵਿੱਚ ਕੀਤੀ ਗਈ ਕਾਰਵਾਈ ਦੀ ਸਟੇਟਸ ਰਿਪੋਰਟ ਅਗਲੀ ਮੀਟਿੰਗ ਵਿੱਚ ਪੇਸ਼ ਕਰਨ ਲਈ ਕਿਹਾ। ਮੀਟਿੰਗ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਪਟੌਦੀ ਦੀ ਵਿਧਾਇਕਾ ਸ੍ਰੀਮਤੀ ਬਿਮਲਾ ਚੌਧਰੀ, ਸੋਹਨਾ ਦੇ ਵਿਧਾਇਕ ਸ੍ਰੀ ਤੇਜਪਾਲ ਤੰਵਰ ਅਤੇ ਗੁਰੂਗ੍ਰਾਮ ਦੇ ਵਿਧਾਇਕ ਸ੍ਰੀ ਮੁਕੇਸ਼ ਸ਼ਰਮਾ ਵੀ ਮੌਜੂਦ ਰਹੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਅਤੇ ਉਨ੍ਹਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਬਿਹਤਰ, ਸੁਖਾਲੀਆਂ ਅਤੇ ਮਿਆਰੀ ਸਹੂਲਤਾਂ ਮੁਹੱਈਆ ਕਰਵਾਉਣਾ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਸਰਕਾਰ ਦਾ ਸੰਕਲਪ ਹੈ ਕਿ ਹਰੇਕ ਨਾਗਰਿਕ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਉਸ ਦਾ ਤੁਰੰਤ ਅਤੇ ਪ੍ਰਭਾਵੀ ਨਿਪਟਾਰਾ ਯਕੀਨੀ ਬਣਾਇਆ ਜਾਵੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਗਰ ਪਰਿਸ਼ਦ ਪਟੌਦੀ-ਜਟੌਲੀ ਮੰਡੀ ਖੇਤਰ ਨਾਲ ਸਬੰਧਤ ਇੱਕ ਸ਼ਿਕਾਇਤ ਦੀ ਸੁਣਵਾਈ ਕਰਦਿਆਂ ਗਲਤ ਤਰੀਕੇ ਨਾਲ ਪ੍ਰਾਪਰਟੀ ਆਈਡੀ ਬਣਾਉਣ ਅਤੇ ਨਿਰਧਾਰਤ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਅਣਦੇਖੀ ਦੇ ਮਾਮਲੇ ਨੂੰ ਗੰਭੀਰਤਾ ਨਾਲ ਲਿਆ।

ਜਾਂਚ ਵਿੱਚ ਸਾਹਮਣੇ ਆਇਆ ਕਿ ਤਤਕਾਲੀ ਬਿਲਡਿੰਗ ਇੰਸਪੈਕਟਰ ਅਤੇ ਮਿਊਂਸਪਲ ਇੰਜੀਨੀਅਰ ਨੇ ਸਮਰੱਥ ਅਧਿਕਾਰੀ ਦੀ ਪਹਿਲਾਂ ਤੋਂ ਮਨਜ਼ੂਰੀ ਲਏ ਬਿਨਾਂ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਕੀਤੇ ਬਗੈਰ ਪ੍ਰਾਪਰਟੀ ਆਈਡੀ ਬਣਾਈਆਂ ਸਨ।

ਡਿਊਟੀ ਵਿੱਚ ਗੰਭੀਰ ਲਾਪਰਵਾਹੀ ਵਰਤਣ 'ਤੇ ਮੁੱਖ ਮੰਤਰੀ ਨੇ ਦੋਵਾਂ ਅਧਿਕਾਰੀਆਂ ਦੀ ਤਿੰਨ ਮਹੀਨਿਆਂ ਤੱਕ 50 ਫ਼ੀਸਦੀ ਤਨਖ਼ਾਹ ਕੱਟਣ, ਉਨ੍ਹਾਂ ਨੂੰ ਚਾਰਜਸ਼ੀਟ ਕਰਨ ਅਤੇ ਹਰਿਆਣਾ ਦੇ ਐਨਸੀਆਰ ਜ਼ਿਲ੍ਹਿਆਂ ਤੋਂ ਬਾਹਰ ਤਬਾਦਲਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਰਕਾਰੀ ਕੰਮਾਂ ਵਿੱਚ ਲਾਪਰਵਾਹੀ ਅਤੇ ਨਿਯਮਾਂ ਦੀ ਅਣਦੇਖੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਆਮ ਲੋਕਾਂ ਦੇ ਹਿੱਤਾਂ ਨਾਲ ਜੁੜੇ ਮਾਮਲਿਆਂ ਵਿੱਚ ਅਧਿਕਾਰੀਆਂ ਦੀ ਜਵਾਬਦੇਹੀ ਯਕੀਨੀ ਬਣਾਉਣੀ ਲਾਜ਼ਮੀ ਹੈ।



